ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 15 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥



## ਅੱਜ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਦੇ ਸ਼ਹੀਦੀ ਦਿਵਸ ’ਤੇ ਉਨ੍ਹਾਂ ਨੂੰ ਕੋਟਿਨ-ਕੋਟਿ ਪ੍ਰਣਾਮ ਕਰਦੇ ਹਾਂ।

ਆਵਾਜ਼ਿ ਕੌਮ
AWAZE QAUM
International Newspaper & WEB TV


ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ।।
ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ
ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ
ਮਿਤੀ 16 ਨਵੰਬਰ 2025 ਦਿਨ ਐਤਵਾਰ
ਇੰਨਸਬਰੁਕ ਫਰਾਲਬੁਰਗ, ਸਾਲਜਬੁਰਗ, ਲਿੰਨਸ
ਵਿਆਨਾ, ਗਰਾਸ, ਕਲਾਗਨਫੁਰਟ ਇਟਲੀ ਅਤੇ
ਜਰਮਨ ਦੀਆਂ ਸਮੁੱਚੀਆਂ ਸੰਗਤਾਂ ਵੱਲੋਂ
ਮਹਾਨ ਗੁਰਮਤਿ ਸਮਾਗਮ
ਬਹੁਤ ਹੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਆਵਾਜ਼ਿ ਕੌਮ AWAZE QAUM International Newspaper & WEB TV
★ ਪ੍ਰੋਗਰਾਮ ਦਾ ਵੇਰਵਾ ★
ਪਾਠ ਸ੍ਰੀ ਸੁਖਮਨੀ ਸਾਹਿਬ.. 9:30 ਤੋਂ 11 ਵਜੇ
ਕੀਰਤਨ ਦੀਵਾਨ.....11:00 ਤੋਂ 11:30 ਵਜੇ
ਢਾਡੀ ਦਰਬਾਰ......11:30 ਤੋਂ 1:00 ਵਜੇ
ਬੁਲਾਰੇ........1:00 ਤੋਂ 1:30 ਵਜੇ
ਕਵੀਸ਼ਰ ਜੱਥਾ ਭਾਈ ਸਤਨਾਮ ਸਿੰਘ ਸਰਹਾਲੀ
ਆਪ ਸਰਬੱਤ ਸੰਗਤਾਂ ਨੇ ਵੱਧ ਚੜ੍ਹ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਇੰਨਸਬਰੁਕ ਅਤੇ ਤਿਰੋਲ।
Add: Bernhard - Hofe - Str 7A 6020 Innsbruck, Austria
More info. +43 69914149114, +43 69919488430, +43 6603502265
0049 172 9175489, 0039 329 9873586
06:13

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 15 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੈਥਿਲੀ ਠਾਕੁਰ ਨੇ ਰਚਿਆ ਇਤਿਹਾਸ, ਸ਼ਾਨਦਾਰ ਜਿੱਤ ਦਰਜ ਕਰ ਬਣੀ ਸਭ ਤੋਂ ਘੱਟ ਉਮਰ ਦੀ ਵਿਧਾਇਕ

**ਪਟਨਾ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਸ਼ਹੂਰ ਗਾਇਕਾ ਅਤੇ ਭਾਜਪਾ ਉਮੀਦਵਾਰ ਮੈਥਿਲੀ ਠਾਕੁਰ ਨੇ ਅਲੀਨਗਰ ਵਿਧਾਨ ਸਭਾ ਸੀਟ 'ਤੇ ਸ਼ਾਨਦਾਰ ਜਿੱਤ ਦਰਜ ਕਰ ਲਈ ਹੈ। ਇਸਦੇ ਨਾਲ ਹੀ ਉਹ ਸਭ ਤੋਂ ਘੱਟ ਉਮਰ ਦੀ ਵਿਧਾਇਕ ਬਣ ਗਈ ਹੈ। ਮੈਥਿਲੀ ਠਾਕੁਰ ਨੂੰ ਕੁੱਲ 84,915 ਵੋਟਾਂ ਮਿਲੀਆਂ, ਜਦੋਂਕਿ ਆਰ.ਜੇ.ਡੀ. ਉਮੀਦਵਾਰ



ਬਿਨੋਦ ਮਿਸ਼ਰਾ ਨੂੰ 73185 ਵੋਟਾਂ ਮਿਲੀਆਂ। ਮੈਥਿਲੀ ਠਾਕੁਰ ਨੇ 11730 ਵੋਟਾਂ ਨਾਲ ਬਿਨੋਦ ਮਿਸ਼ਰਾ ਨੂੰ ਹਰਾ ਕੇ ਇਤਿਹਾਸ ਰਚ ਦਿੱਤਾ ਹੈ। ਤੀਜੇ ਨੰਬਰ 'ਤੇ ਆਜ਼ਾਦ ਉਮੀਦਵਾਰ ਸੈਫੂਦੀਨ ਅਹਿਮਦ ਨੇ 2803 ਵੋਟਾਂ ਹਾਸਿਲ ਕੀਤੀਆਂ। ਇਧਰ ਬਿਹਾਰ ਦੇ ਉਪ ਮੁੱਖ ਮੰਤਰੀ ਅਤੇ ਭਾਜਪਾ ਨੇਤਾ ਸਮਰਾਟ ਚੌਧਰੀ ਨੇ ਵਿਧਾਨ ਸਭਾ ਚੋਣਾਂ 'ਚ ਤਰਾਪੁਰ ਸੀਟ 'ਤੇ 45,843 ਵੋਟਾਂ ਦੇ ਫਰਕ ਨਾਲ ਜਿੱਤ ਦਰਜ ਕੀਤੀ ਹੈ। ਚੋਣ ਕਮਿਸ਼ਨ ਮੁਤਾਬਕ, ਚੌਧਰੀ ਨੂੰ ਕੁੱਲ 1,22,480 ਵੋਟਾਂ ਮਿਲੀਆਂ, ਜਦੋਂਕਿ ਉਨ੍ਹਾਂ ਦੇ ਮੁਕਾਬਲੇਬਾਜ਼ ਆਰ.ਜੇ.ਡੀ. ਉਮੀਦਵਾਰ ਅਰੁਣ ਕੁਮਾਰ ਨੇ 76,637 ਵੋਟਾਂ ਹਾਸਲ ਕੀਤੀਆਂ। ਜਨ ਸੁਰਾਜ ਪਾਰਟੀ ਦੇ ਸੰਤੋਸ਼ ਕੁਮਾਰ ਸਿੰਘ 3,898 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ।

## ਬਿਹਾਰ ਤੇ ਤਰਨ-ਤਾਰਨ ਚੋਣ ਦੰਗਲ

# ਬਿਹਾਰ 'ਚ ਖਿੜਿਆ 'ਕਮਲ', ਤਰਨ-ਤਾਰਨ 'ਚ ਫਿਰਿਆ 'ਝਾੜੂ'

**ਪਟਨਾ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਚੋਣ ਨਤੀਜਿਆਂ 'ਚ ਐਨ. ਡੀ. ਏ. ਨੇ ਬਹੁਮਤ ਹਾਸਲ ਕਰਦਿਆਂ 203 ਸੀਟਾਂ 'ਤੇ ਜਿੱਤ ਹਾਸਲ ਕੀਤੀ ਜਦਕਿ ਮਹਾਗਠਬੰਨ ਸਿਰਫ਼ 34 ਸੀਟਾਂ ਤੱਕ ਹੀ ਸਿਮਟ ਕੇ ਰਹਿ ਗਈ ਅਤੇ ਹੋਰਨਾਂ ਉਮੀਦਵਾਰਾਂ ਵੱਲੋਂ 6 ਸੀਟਾਂ 'ਤੇ ਜਿੱਤ ਹਾਸਲ ਕੀਤੀ ਗਈ ਹੈ। ਇਸ ਦੌਰਾਨ ਨਿਤੀਸ਼ ਕੁਮਾਰ ਨੇ ਕਿਹਾ - 2025 ਦੀਆਂ ਬਿਹਾਰ ਵਿਧਾਨ ਸਭਾ ਚੋਣਾਂ ਵਿੱਚ ਸਾਨੂੰ ਸ਼ਾਨਦਾਰ ਬਹੁਮਤ ਦੇ ਕੇ ਰਾਜ ਦੇ ਲੋਕਾਂ ਨੇ ਸਾਡੀ ਸਰਕਾਰ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕੀਤਾ ਹੈ। ਇਸ ਲਈ, ਰਾਜ ਦੇ ਸਾਰੇ ਸਤਿਕਾਰਯੋਗ ਵੋਟਰਾਂ ਦਾ ਮੇਰਾ ਸਤਿਕਾਰਯੋਗ ਪ੍ਰਣਾਮ, ਦਿਲੋਂ ਧੰਨਵਾਦ ਅਤੇ ਧੰਨਵਾਦ। ਸਤਿਕਾਰਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਉਨ੍ਹਾਂ ਦੇ ਸਮਰਥਨ ਲਈ ਮੇਰਾ ਦਿਲੋਂ ਧੰਨਵਾਦ ਅਤੇ ਧੰਨਵਾਦ। ਐਨਡੀਏ ਗਠਜੋੜ ਨੇ ਪੂਰੀ ਏਕਤਾ ਦਾ ਪ੍ਰਦਰਸ਼ਨ ਕਰਦੇ ਹੋਏ, ਇਸ ਚੋਣ ਵਿੱਚ



ਸ਼ਾਨਦਾਰ ਬਹੁਮਤ ਪ੍ਰਾਪਤ ਕੀਤਾ ਹੈ। ਇਸ ਸ਼ਾਨਦਾਰ ਜਿੱਤ ਲਈ ਸਾਰੇ ਐਨਡੀਏ ਸਹਿਯੋਗੀਆਂ - ਸ਼੍ਰੀ ਚਿਰਾਗ ਪਾਸਵਾਨ, ਸ਼੍ਰੀ ਜੀਤਨ ਰਾਮ ਮਾਂਝੀ ਅਤੇ ਸ਼੍ਰੀ ਉਪੇਂਦਰ ਕੁਸ਼ਵਾਹਾ - ਦਾ ਧੰਨਵਾਦ ਅਤੇ ਧੰਨਵਾਦ। ਤੁਹਾਡੇ ਸਮਰਥਨ ਨਾਲ, ਬਿਹਾਰ ਹੋਰ ਅੱਗੇ ਵਧੇਗਾ ਅਤੇ ਦੇਸ਼ ਦੇ ਸਭ ਤੋਂ ਵਿਕਸਤ ਰਾਜਾਂ ਦੀ ਕਤਾਰ ਵਿੱਚ ਸ਼ਾਮਲ ਹੋਵੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਜਪਾ ਹੈੱਡਕੁਆਰਟਰ 'ਤੇ ਆਪਣਾ ਸੰਬੋਧਨ "ਜੈ ਛੱਤੀ ਮਈਆ" ਦੇ ਨਾਅਰੇ ਨਾਲ ਸ਼ੁਰੂ ਕੀਤਾ ਅਤੇ ਬਿਹਾਰ ਦੀ ਭਾਰੀ ਜਿੱਤ ਨੂੰ ਲੋਕਾਂ ਦੇ ਅਟੁੱਟ ਵਿਸ਼ਵਾਸ ਦਾ ਨਤੀਜਾ ਦੱਸਿਆ। ਉਨ੍ਹਾਂ ਨੇ ਉਤਸ਼ਾਹ ਨਾਲ ਐਲਾਨ ਕੀਤਾ, "ਬਿਹਾਰ ਦੇ ਲੋਕਾਂ ਨੇ ਇਸ ਵਾਰ ਤਾਂ ਹਨੇਰੀ ਹੀ ਲਿਆ ਦਿੱਤੀ।" ਪ੍ਰਧਾਨ ਮੰਤਰੀ ਨੇ ਕਿਹਾ ਕਿ ਐੱਨਡੀਏ ਲਈ ਇਹ ਇਤਿਹਾਸਕ ਜਿੱਤ ਸਾਬਤ ਕਰਦੀ ਹੈ ਕਿ ਬਿਹਾਰ ਦੇ ਲੋਕਾਂ ਨੇ ਇੱਕ ਵਾਰ ਫਿਰ ਵਿਕਾਸ ਅਤੇ ਚੰਗੇ ਸ਼ਾਸਨ ਲਈ ਸਪੱਸ਼ਟ ਫਤਵਾ ਦਿੱਤਾ ਹੈ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਵਰਕਰਾਂ ਅਤੇ ਜਨਤਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਸੀਂ ਲੋਕਾਂ ਦੇ ਸੇਵਕ ਹਾਂ ਅਤੇ ਆਪਣੀ ਮਿਹਨਤ ਨਾਲ ਉਨ੍ਹਾਂ ਦੇ ਦਿਲ ਜਿੱਤਦੇ ਰਹਿੰਦੇ ਹਾਂ। ਪ੍ਰਧਾਨ ਮੰਤਰੀ ਮੋਦੀ ਨੇ ਇਸ ਜਿੱਤ ਨੂੰ ਹਰ ਨਾਗਰਿਕ ਦੀਆਂ ਇੱਛਾਵਾਂ ਅਤੇ ਉਮੀਦਾਂ ਦੀ ਜਿੱਤ ਦੱਸਦਿਆਂ ਕਿਹਾ ਕਿ ਅਸੀਂ ਲੋਕਾਂ ਦੇ ਦਿਲ ਚੋਰੀ ਕਰ ਲਏ ਹਨ।

## ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ 12091 ਵੋਟਾਂ ਨਾਲ ਜੇਤੂ ਰਹੇ

**ਤਰਨ-ਤਾਰਨ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ 021-ਤਰਨ ਤਾਰਨ ਦੀ ਜ਼ਿਮਨੀ ਚੋਣ ਦੇ ਅੱਜ ਐਲਾਨੇ ਗਏ ਨਤੀਜੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ 12091 ਵੋਟਾਂ ਨਾਲ ਜੇਤੂ ਰਹੇ ਹਨ। ਉਨ੍ਹਾਂ ਨੂੰ ਕੁੱਲ 42649 ਵੋਟਾਂ ਪਈਆਂ ਹਨ। ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਰਿਟਰਨਿੰਗ ਅਫ਼ਸਰ ਗੁਰਮੀਤ ਸਿੰਘ ਵੱਲੋਂ ਵੋਟਾਂ ਦੀ ਗਿਣਤੀ ਤੋਂ ਬਾਅਦ ਜੇਤੂ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਜਿੱਤ ਦਾ ਸਰਟੀਫਿਕੇਟ ਦਿੱਤਾ ਗਿਆ। ਵੋਟਾਂ ਦੀ ਗਿਣਤੀ ਜਨਰਲ ਅਬਜ਼ਰਵਰ ਸ੍ਰੀਮਤੀ ਪੁਸ਼ਪਾ ਸਤਿਆਨੀ, ਆਈ.ਏ.ਐੱਸ. ਅਤੇ ਜ਼ਿਲ੍ਹਾ ਚੋਣ



ਅਧਿਕਾਰੀ-ਕਮ-ਡਿਪਟੀ ਕਮਿਸ਼ਨਰ, ਤਰਨ ਤਾਰਨ, ਸ੍ਰੀ ਰਾਹੁਲ, ਆਈ.ਏ.ਐੱਸ. ਦੀ ਹਾਜ਼ਰੀ ਵਿੱਚ ਮੁਕੰਮਲ ਹੋਈ। ਇਸ ਸੀਟ 'ਤੇ ਵੱਡੀ ਜਿੱਤ ਦਾ ਦਾਅਵਾ ਕਰਨ ਵਾਲੀ ਕਾਂਗਰਸ ਨੂੰ ਬੁਰੀ ਤਰ੍ਹਾਂ ਹਾਰ ਦਾ ਮੂੰਹ ਵੇਖਣਾ ਪਿਆ ਹੈ। ਆਲਮ ਇਹ ਹੈ ਕਿ ਕਾਂਗਰਸੀ ਉਮੀਦਵਾਰ ਦੀ ਜ਼ਮਾਨਤ ਵੀ ਜ਼ਬਤ ਹੋ ਗਈ ਹੈ। ਲੰਬੇ ਸਮੇਂ ਤੋਂ ਹਾਸ਼ੀਏ 'ਤੇ ਚੱਲ ਰਿਹਾ ਅਕਾਲੀ ਦਲ ਵੀ ਟੱਕਰ ਵਿਚ ਨਜ਼ਰ ਆਇਆ ਹੈ। ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ ਦੂਜੇ ਨੰਬਰ 'ਤੇ ਰਹੀ। ਹਰਮੀਤ ਸਿੰਘ ਸੰਧੂ ਨੂੰ 42,649 ਵੋਟਾਂ ਪਈਆਂ ਜਦਕਿ ਸੁਖਵਿੰਦਰ ਕੌਰ ਨੂੰ 30558 ਵੋਟਾਂ ਪਈਆਂ। ਕਾਂਗਰਸ ਦੀ ਗੱਲ ਕਰੀਏ ਤਾਂ ਕਾਂਗਰਸ ਅੰਮ੍ਰਿਤਪਾਲ ਸਿੰਘ ਦੀ ਪਾਰਟੀ 'ਵਾਰਸ ਪੰਜਾਬ ਦੇ' ਦੇ ਉਮੀਦਵਾਰ ਮਨਦੀਪ ਸਿੰਘ ਤੋਂ ਵੀ ਪਿੱਛੇ ਰਹਿ ਗਈ ਹੈ। ਮਨਦੀਪ ਸਿੰਘ ਨੂੰ 19620 ਅਤੇ ਕਾਂਗਰਸ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ 15078 ਵੋਟਾਂ ਹੀ ਹਾਸਲ ਕਰ ਸਕੇ ਹਨ। ਕਾਂਗਰਸ ਪਾਰਟੀ ਚੌਥੇ ਨੰਬਰ 'ਤੇ ਰਹੀ। ਉਥੇ ਹੀ ਇਸ ਸੀਟ 'ਤੇ ਜਿੱਤ ਦਾ ਦਾਅਵਾ ਕਰਨ ਵਾਲੀ ਭਾਜਪਾ ਦਾ ਹਾਲ ਇਸ ਤੋਂ ਵੀ ਮਾੜਾ ਰਿਹਾ। ਭਾਜਪਾ 10 ਹਜ਼ਾਰ ਦਾ ਅੰਕੜਾ ਵੀ ਪਾਰ ਨਹੀਂ ਕਰ ਸਕੀ।

## ਤਰਨਤਾਰਨ ਜ਼ਿਮਨੀ ਚੋਣ ਦੇ ਨਤੀਜੇ: 9 ਉਮੀਦਵਾਰਾਂ ਤੋਂ ਜਿੱਤ ਗਿਆ 'ਨੋਟਾ', ਜਾਣੋ ਕਿੰਨੀਆਂ ਪਈਆਂ ਵੋਟਾਂ

**ਜਲੰਧਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਜ਼ਿਮਨੀ ਚੋਣ ਦੇ ਨਤੀਜਿਆਂ ਨੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਇਸ ਚੋਣ ਦੇ ਨਤੀਜੇ ਵਿਚ ਆਮ ਆਦਮੀ ਪਾਰਟੀ ਨੇ ਜਿੱਥੇ ਵੱਡੀ ਲੀਡ ਨਾਲ ਜਿੱਤ ਦਰਜ ਕੀਤੀ ਹੈ, ਉਥੇ ਹੀ ਕਾਂਗਰਸ ਅਤੇ ਵਾਰਿਸ ਪੰਜਾਬ ਦੇ ਉਮੀਦਵਾਰਾਂ ਨੂੰ ਪਛਾਣ ਕੇ ਅਕਾਲੀ ਦਲ ਨੇ ਦੂਜੇ ਨੰਬਰ 'ਤੇ ਜਿੱਤ ਦਰਜ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਕਾਂਗਰਸ ਨੂੰ ਪਛਾੜਦੇ ਹੋਏ ਆਜ਼ਾਦ ਉਮੀਦਵਾਰ ਮਨਦੀਪ ਸਿੰਘ ਖਾਲਸਾ ਨੇ ਤੀਜੇ ਨੰਬਰ 'ਤੇ ਜਿੱਤ ਦਰਜ ਕੀਤੀ। ਕਾਂਗਰਸ ਪਾਰਟੀ ਚੌਥੇ ਨੰਬਰ 'ਤੇ ਰਹੀ। ਸਾਹਮਣੇ ਆਏ ਚੋਣ ਨਤੀਜਿਆਂ ਵਿਚ ਦਿਲਚਸਪ ਗੱਲ ਇਹ ਰਹੀ ਕਿ ਤਰਨਤਾਰਨ ਦੀ ਜਨਤਾ ਨੇ




'ਉਪਰੋਕਤ' ਪਾਰਟੀਆਂ 'ਚੋਂ ਕੋਈ ਨਹੀਂ ਯਾਨੀ ਨੋਟਾ 'ਤੇ ਜੰਮ ਕੇ ਬਟਨ ਦਬਾਇਆ ਹੈ। ਜ਼ਿਮਨੀ ਚੋਣ ਨਤੀਜੇ ਵਿਚ ਨੋਟਾ 9 ਉਮੀਦਵਾਰਾਂ ਨੂੰ ਪਛਾੜ ਕੇ ਅੱਗੇ ਨਿਕਲ ਗਿਆ। ਇਸ ਵਾਰ ਨੋਟਾ ਨੂੰ 600 ਤੋਂ ਵੱਧ ਵੋਟਰਾਂ ਨੇ ਆਪਣੀ ਪਹਿਲੀ ਪਸੰਦ ਚੁਣਿਆ। ਯਾਨੀ 609 ਅਜਿਹੇ ਵੋਟਰ ਸਨ, ਜਿਨ੍ਹਾਂ ਨੂੰ ਪਾਰਟੀਆਂ ਦੇ ਉਮੀਦਵਾਰ ਪਸੰਦ ਨਹੀਂ ਸਨ। ਇਹੀ ਕਾਰਨ ਹੈ ਕਿ ਉਨ੍ਹਾਂ ਨੇ ਆਪਣੀ ਵੋਟ ਨੋਟਾ ਨੂੰ ਦਿੱਤੀ। ਇਹ ਜਾਣਕਾਰੀ ਸੂਬਾ ਚੋਣ ਕਮਿਸ਼ਨ ਵੱਲੋਂ ਸਾਂਝੇ ਕੀਤੇ ਗਏ ਅੰਕੜਿਆਂ ਤੋਂ ਮਿਲੀ ਹੈ। ਤਰਨਤਾਰਨ 'ਚ ਮੰਗਲਵਾਰ ਨੂੰ ਜ਼ਿਮਨੀ ਚੋਣ ਹੋਈ, ਜਿਸ ਦੇ ਨਤੀਜਿਆਂ ਦਾ ਐਲਾਨ ਅੱਜ ਕਰ ਦਿੱਤਾ ਗਿਆ।

**ਇਨ੍ਹਾਂ ਆਜ਼ਾਦ ਉਮੀਦਵਾਰਾਂ ਨੂੰ ਨੋਟਾ ਨੇ ਪਛਾੜਿਆ**

| | |
|---|---|
| ਹਰਬਿੰਦਰ ਕੌਰ-547 | ਨੀਟੂ ਸ਼ਟਰਾਂਵਾਲਾ-464 |
| ਵਿਜੇ ਕੁਮਾਰ-457 | ਜਸਵੰਤ ਸਿੰਘ ਸੋਹਲ- 147 |
| ਸ਼ਾਮ ਲਾਲ ਗਾਂਧੀ-123 | ਅਰੁਣ ਕੁਮਾਰ ਖੁਰਮੀ ਰਾਜਪੂਤ-113 |
| ਹਰਪਾਲ ਸਿੰਘ ਬੰਗੂ- 104 | ਐਡਵੋਕੇਟ ਕੋਮਲਪ੍ਰੀਤ ਸਿੰਘ- 68 |
| ਨਾਇਬ ਸਿੰਘ-64 | |

**'ਆਪ' ਪਹਿਲੇ, ਅਕਾਲੀ ਦਲ ਦੂਜੇ, ਵਾਰਿਸ ਪੰਜਾਬ ਦੇ ਤੀਜੇ ਤੇ ਕਾਂਗਰਸ ਰਹੀ ਚੌਥੇ ਨੰਬਰ 'ਤੇ**

ਆਮ ਆਦਮੀ ਪਾਰਟੀ- 42649
ਅਕਾਲੀ ਦਲ- 30558
ਵਾਰਸ ਪੰਜਾਬ ਦੇ-19620
ਕਾਂਗਰਸ-15078
ਭਾਜਪਾ-6239

## ਮੁਹਾਲੀ ਪੁਲਿਸ ਨੂੰ ਵੱਡੀ ਕਾਮਯਾਬੀ, 10 ਕਰੋੜ ਦੇ ਲਗਭਗ ਦੀ ਜਾਅਲੀ ਕਰੰਸੀ ਸਮੇਤ 2 ਗ੍ਰਿਫ਼ਤਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੁਲਿਸ ਨੇ ਡੇਰਾਬੱਸੀ ਵਿੱਚ ਇੱਕ ਅੰਤਰਰਾਜੀ ਜਾਅਲੀ ਕਰੰਸੀ ਗਿਰੋਹ ਦਾ ਪਰਦਾਫਾਸ਼ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ, ਜਿਸ ਵਿੱਚ 9 ਕਰੋੜ 99 ਲੱਖ 5 ਹਜ਼ਾਰ ਰੁਪਏ ਦੀ ਜਾਅਲੀ ਅਤੇ ਬੰਦ ਕੀਤੀ ਗਈ ਕਰੰਸੀ ਬਰਾਮਦ ਕੀਤੀ ਗਈ। ਐਸਏਐਸ ਨਗਰ ਦੇ ਸੀਨੀਅਰ ਸੁਪਰਡੈਂਟ ਹਰਮਨਦੀਪ ਸਿੰਘ ਹਾਂਸ, ਆਈਪੀਐਸ ਨੇ ਦੱਸਿਆ ਕਿ ਕਾਰਵਾਈ ਦੌਰਾਨ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸਚਿਨ, ਵਾਸੀ ਭਾਰਤ ਨਗਰ, ਪਿਹੋਵਾ, ਕੁਰੂਕਸ਼ੇਤਰ (ਹਰਿਆਣਾ) ਅਤੇ ਗੁਰਦੀਪ, ਵਾਸੀ ਗੁਰਦੇਵ ਨਗਰ, ਕੁਰੂਕਸ਼ੇਤਰ (ਹਰਿਆਣਾ) ਵਜੋਂ ਹੋਈ ਹੈ। ਐਸਐਸਪੀ ਨੇ ਹੋਰ



ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਜਾਅਲੀ ਕਰੰਸੀ ਅਪਰਾਧ ਵਿੱਚ ਸ਼ਾਮਲ ਇੱਕ ਅੰਤਰਰਾਜੀ ਸਿੰਡੀਕੇਟ ਨਾਲ ਜੁੜੇ ਦੋ ਸ਼ੱਕੀਆਂ ਦੀ ਗਤੀਵਿਧੀ ਬਾਰੇ ਇੱਕ ਸੂਹ ਮਿਲੀ ਸੀ। ਤੁਰੰਤ ਕਾਰਵਾਈ ਕਰਦੇ ਹੋਏ, ਐਸ ਪੀ ਦਿਹਾਤੀ ਮਨਪ੍ਰੀਤ ਸਿੰਘ ਅਤੇ ਡੀ ਐਸ ਪੀ ਡੇਰਾ ਬੱਸੀ ਬਿਕਰਮਜੀਤ ਸਿੰਘ ਬਰਾੜ ਦੀ ਨਿਗਰਾਨੀ ਹੇਠ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ। ਇੰਸਪੈਕਟਰ ਸੁਮਿਤ ਮੋਰ (ਐਸ ਐਚ ਓ ਡੇਰਾ ਬੱਸੀ) ਅਤੇ ਇੰਸਪੈਕਟਰ ਮਲਕੀਤ ਸਿੰਘ (ਇੰਚਾਰਜ ਐਂਟੀ-ਨਾਰਕੋਟਿਕਸ ਸੈੱਲ) ਦੀ ਅਗਵਾਈ ਹੇਠ ਟੀਮਾਂ ਨੇ ਪੁਰਾਣਾ ਅੰਬਾਲਾ-ਕਾਲਕਾ ਹਾਈਵੇਅ 'ਤੇ ਘੱਗਰ ਪੁਲ 'ਤੇ ਪੀ ਡਬਲਯੂ ਡੀ ਰੈਸਟ ਹਾਊਸ ਨੇੜੇ ਇੱਕ ਨਾਕਾ ਲਗਾਇਆ। ਸ਼ੱਕੀਆਂ ਨੂੰ ਇੱਕ ਚਿੱਟੇ ਰੰਗ ਦੀ ਸਕਾਰਪੀਓ-ਐਨ (ਐਚ ਆਰ-41-ਐਮ-6974) ਵਿੱਚ ਜਾਂਦੇ ਹੋਏ ਰੋਕਿਆ ਗਿਆ, ਜਿਸ ਨਾਲ 11,05,000 ਰੁਪਏ ਦੀ ਅਸਲ ਬੰਦ ਕੀਤੀ ਗਈ ਕਰੰਸੀ ਅਤੇ 9 ਕਰੋੜ 88 ਲੱਖ ਰੁਪਏ ਦੀ ਡੁਪਲੀਕੇਟ ਕਰੰਸੀ ਬਰਾਮਦ ਹੋਈ। ਐਸਐਸਪੀ ਨੇ ਅੱਗੇ ਦੱਸਿਆ ਕਿ ਮੁਲਜ਼ਮਾਂ ਤੋਂ ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਿਆ ਹੈ ਕਿ ਉਹ ਲੋਕਾਂ ਨੂੰ ਧੋਖਾ ਦੇਣ ਲਈ ਬੰਡਲਾਂ ਦੇ ਬਾਹਰ ਅਸਲੀ ਨੋਟ ਰੱਖਦੇ ਸਨ, ਜਦੋਂ ਕਿ ਅੰਦਰ ਨਕਲੀ ਨੋਟ ਭਰਦੇ ਸਨ। ਉਨ੍ਹਾਂ ਨੇ ਪੰਜਾਬ ਅਤੇ ਗੁਆਂਢੀ ਰਾਜਾਂ ਵਿੱਚ ਕਈ ਲੋਕਾਂ ਨਾਲ ਧੋਖਾਧੜੀ ਕੀਤੀ ਹੈ ਅਤੇ ਧੋਖਾਧੜੀ ਅਤੇ ਨਕਲੀ ਕਰੰਸੀ ਦੇ ਪਹਿਲਾਂ ਦੇ ਮਾਮਲਿਆਂ ਵਿੱਚ ਸ਼ਾਮਲ ਹੋਣ ਦੇ ਨਾਲ ਅਪਰਾਧਿਕ ਪਿਛੋਕੜ ਹੈ। 2023 ਵਿੱਚ ਮੋਹਾਲੀ ਦੇ ਇੱਕ ਨਿਵਾਸੀ ਤੋਂ 7 ਕਰੋੜ ਰੁਪਏ ਦੀ ਧੋਖਾਧੜੀ ਦੇ ਸਬੰਧ ਵਿੱਚ ਆਈਪੀਸੀ ਦੀ ਧਾਰਾ 406, 420, ਅਤੇ 120-ਬੀ ਤਹਿਤ ਐਫ ਆਈ ਆਰ ਨੰਬਰ 248, ਮਿਤੀ 01/10/2025, ਪੁਲਿਸ ਸਟੇਸ਼ਨ ਫੇਜ਼-1 ਮੋਹਾਲੀ ਵਿਖੇ ਉਨ੍ਹਾਂ ਵਿਰੁੱਧ ਦਰਜ ਕੀਤੀ ਗਈ ਹੈ ਅਤੇ ਰਾਜਸਥਾਨ ਅਤੇ ਹੋਰ ਰਾਜਾਂ ਵਿੱਚ ਵੀ ਇਸੇ ਤਰ੍ਹਾਂ ਦੇ ਢੰਗ ਨਾਲ ਕਈ ਹੋਰ ਮਾਮਲੇ ਦਰਜ ਕੀਤੇ ਗਏ ਹਨ। ਪੁਲਿਸ ਸਟੇਸ਼ਨ ਡੇਰਾਬੱਸੀ ਵਿਖੇ ਭਾਰਤੀ ਨਿਆਏ ਸੰਹਿਤਾ ਦੀ ਧਾਰਾ 318(4), 178, 179, 180, ਅਤੇ 182 ਦੇ ਤਹਿਤ ਐਫ ਆਈ ਆਰ ਨੰਬਰ 327 ਮਿਤੀ 13.11.2025 ਦੇ ਤਹਿਤ ਇੱਕ ਨਵਾਂ ਮਾਮਲਾ ਦਰਜ ਕੀਤਾ ਗਿਆ ਹੈ। ਹੋਰ ਜਾਂਚ ਜਾਰੀ ਹੈ, ਅਤੇ ਹੋਰ ਗ੍ਰਿਫ਼ਤਾਰੀਆਂ ਦੀ ਸੰਭਾਵਨਾ ਹੈ।

## ਤਰਨ-ਤਾਰਨ 'ਚ ਅਕਾਲੀ ਵਿਰੋਧੀ, ਪੰਜਾਬ ਵਿਰੋਧੀ ਤੇ ਪੰਥਕ ਤਾਕਤਾਂ ਵਿਰੋਧੀ ਗਠਜੋੜ ਦੀ ਨੈਤਿਕ ਹਾਰ : ਸੁਖਬੀਰ ਸਿੰਘ ਬਾਦਲ

**ਤਰਨ-ਤਾਰਨ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਤਰਨ ਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਵਿਚ ਆਪਣੀ ਪਾਰਟੀ ਦੀ ਲਾਮਿਸਾਲ ਕਾਰਗੁਜ਼ਾਰੀ ਨੂੰ ਸਾਰੀਆਂ ਅਕਾਲੀ ਵਿਰੋਧੀ, ਪੰਜਾਬੀ ਵਿਰੋਧੀ ਤੇ ਪੰਥਕ ਤਾਕਤਾਂ ਵਿਰੋਧੀ ਸ਼ਕਤੀਆਂ ਖਿਲਾਫ ਨੈਤਿਕ ਜਿੱਤ ਕਰਾਰ ਦਿੱਤਾ ਅਤੇ ਕਿਹਾ ਕਿ ਇਹ ਪੰਜਾਬ ਪੁਲਿਸ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਵੱਡੀ ਸ਼ਰਮਨਾਕ ਹਾਰ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਖੇਤਰੀ ਆਵਾਜ਼ ਦੇ ਮੁੜ ਉਭਾਰ ਨੇ ਪੰਜਾਬ ਵਿਰੋਧੀ ਤੇ



ਪੰਥ ਵਿਰੋਧੀ ਤਾਕਤਾਂ ਅਤੇ ਉਹਨਾਂ ਦੇ ਸਾਜ਼ਿਸ਼ਕਾਰਾਂ ਨੂੰ ਨੰਗਾ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਇਸ ਸਦਕਾ ਪੰਜਾਬ ਵਿਚ 2027 ਵਿਚ ਸਾਰੇ ਪੰਜਾਬੀਆਂ ਦੀ ਪੰਥਕ ਸਰਕਾਰ ਦੀ ਵਾਪਸੀ ਦਾ ਰਾਹ ਸਾਫ ਹੋ ਗਿਆ ਹੈ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ 'ਤੇ ਚੁਟਕੀ ਲੈਂਦਿਆਂ ਕਿਹਾ ਪੰਜਾਬ ਦੇ ਡੀ ਜੀ ਪੀ ਤੇ ਉਹਨਾਂ ਦੇ ਅਫਸਰਾਂ ਨੂੰ ਆਪਣੀ ਸਹੁੰ ਦਾ ਮਖੌਲ ਉਡਾਉਣ ਅਤੇ ਆਪ ਦੇ ਪਾਰਟੀ ਵਰਕਰਾਂ ਵਜੋਂ ਕੰਮ ਕਰਨ ਦੀ ਵਧਾਈ ਦਿੱਤੀ। ਉਹਨਾਂ ਕਿਹਾ ਕਿ ਮੈਂ ਡੀ ਜੀ ਪੀ ਗੌਰਵ ਯਾਦਵ ਅਤੇ ਉਹਨਾਂ ਦੀ ਟੀਮ ਨੂੰ ਜਿਸ ਵਿਚ ਸੂਬੇ ਦੇ ਖੁਫੀਆ ਤੰਤਰ ਮੁਖੀ ਪੀ ਕੇ ਸਿਨਹਾ, ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ, ਡੀ ਆਈ ਜੀ ਫਿਰੋਜ਼ਪੁਰ ਰੇਂਜ ਹਰਮਨਬੀਰ ਸਿੰਘ, ਤਰਨ ਤਾਰਨ, ਅੰਮ੍ਰਿਤਸਰ ਦਿਹਾਤੀ, ਬਟਾਲਾ ਅਤੇ ਮੋਗਾ ਜ਼ਿਲ੍ਹਿਆਂ ਦੇ ਐਸ ਐਸ ਪੀਜ਼ ਨੂੰ ਵਧਾਈ ਦਿੰਦਾ ਹਾਂ ਜਿਹਨਾਂ ਨੇ ਪੰਜਾਬ ਪੁਲਿਸ ਦੇ ਉਮੀਦਵਾਰ ਹਰਮੀਤ ਸੰਧੂ ਦੀ ਤਰਨ ਤਾਰਨ ਜ਼ਿਮਨੀ ਚੋਣ ਵਿਚ ਜਿੱਤ ਯਕੀਨੀ ਬਣਾਈ। ਆਪਣੀ ਪਾਰਟੀ ਦੇ ਸਿਆਸੀ ਵਿਰੋਧੀਆਂ ਦੀ ਗੱਲ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਪਿਛਲੇ 10 ਸਾਲਾਂ ਤੋਂ ਕਾਂਗਰਸ, ਆਪ ਤੇ ਭਾਜਪਾ ਅਤੇ ਅਖੌਤੀ ਪੰਥਕ ਦਲਾਂ ਨੇ ਖਾਲਸਾ ਪੰਥ ਵਾਸਤੇ ਕੱਖ ਨਹੀਂ ਕੀਤਾ ਤੇ ਸਿਰਫ ਕੂੜ ਪ੍ਰਚਾਰ ਅਤੇ ਨਫਰਤ ਭਰਿਆ ਪ੍ਰਚਾਰ ਹੀ ਕੀਤਾ ਹੈ ਜਿਸਦਾ ਮਕਸਦ ਪੰਥ ਅਤੇ ਪੰਜਾਬ ਨੂੰ ਉਹਨਾਂ ਦੀ ਆਪਣੀ ਮਾਂ ਪਾਰਟੀ ਅਕਾਲੀ ਦਲ ਦੇ ਖਿਲਾਫ ਗੁੰਮਰਾਹ ਕਰਨਾ ਹੀ ਹੈ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਨੇ ਗੁਪਤ ਤੌਰ 'ਤੇ ਸਾਜ਼ਿਸ਼ ਰਚਦਿਆਂ ਪੰਜਾਬੀਆਂ ਨੂੰ ਆਪਣੀ ਹੀ ਖੇਤਰੀ ਪਾਰਟੀ ਅਤੇ ਪੰਥਕ ਆਵਾਜ਼ ਤੋਂ ਵਿਰਵਾ ਕੀਤਾ ਹੈ।


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
Night Pharmacy
Ladlee Direct
HSBC
Law St
Ross Walk Launderette
Shiva Shakti Foods
Chai Paani
Roopkala Beauty Salon
Cossington Recreation ground
Heena Tailor
Hyderabad Wala - Leicester
Belgrave Neighbourhood Centre
Kensington St
Belgrave Health Centre
Health Centre Car Park
Milans
Brandon Street Surgery
Shiv Sagar Veg
Dorset St
Punjabi Tarka
Shivalaya The Leicestershire Brahma...
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
0784 102 9416
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਸ਼ਹੀਦੀ ਦਿਹਾੜਾ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ

☛ ਸ਼ਹੀਦੀ ਦਿਹਾੜਾ ਸਿਰਲੱਥ ਜੋਧਾ ਅਨੋਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ। ☛ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 11:00 ਵਜੇ ਹੋਵੇਗੀ ਅਤੇ ਐਤਵਾਰ 11:00 ਵਜੇ ਸੰਪੂਰਨ ਭੋਗ ਪੈਣਗੇ ☛ ਅਨੌਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਨੂੰ ਪਿਆਰ ਕਰਨ ਵਾਲਿਆਂ ਸਮੂਹ ਸਿੱਖ ਸੰਗਤਾਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ।



**ਸ਼ਨਿੱਚਰਵਾਰ 15 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 16 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:45 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਸੁਖਦੇਵ ਸਿੰਘ ਬੁੱਟਰ ਬਟਾਲੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਅੱਜ 15 ਨਵੰਬਰ ਨੂੰ ਜਨਮ ਦਿਨ 'ਤੇ ਵਿਸ਼ੇਸ਼

# ਸ਼੍ਰੋਮਣੀ ਇਤਿਹਾਸਕਾਰ ਡਾ: ਗੰਡਾ ਸਿੰਘ ਨੂੰ ਯਾਦ ਕਰਦਿਆਂ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਪੰਜਾਬ** ਦੀ ਧਰਤੀ ਦਾ ਲਾਡਲਾ ਡਾ: ਗੰਡਾ ਸਿੰਘ ਅਜਿਹਾ ਇਤਿਹਾਸਕਾਰ ਸੀ, ਜਿਸ ਨੂੰ ਸਮੁੱਚੇ ਸੰਸਾਰ ਦੇ ਇਤਿਹਾਸਕਾਰਾਂ ਤੇ ਇਤਿਹਾਸ ਦੇ ਪਾਠਕਾਂ ਨੇ ਸਲਾਹਿਆ ਹੈ । ਇਤਿਹਾਸ ਦੇ ਸੱਚ ਨੂੰ ਲੋਕ-ਕਚਹਿਰੀ ਵਿੱਚ ਪੇਸ਼ ਕਰਨ ਤੋਂ ਪਹਿਲਾਂ ਪੂਰਬ ਨਿਰਧਾਰਿਤ ਭਾਵਾਂ ਤੋਂ ਮੁਕਤ ਹੋ ਕੇ ਨਿਸ਼ਠਾਵਾਨ ਇਤਿਹਾਸਕਾਰਾਂ ਦੀ ਕਤਾਰ ਵਿੱਚ ਖੜ੍ਹਨ ਵਾਲਿਆਂ ਵਿੱਚ ਡਾ: ਗੰਡਾ ਸਿੰਘ ਨੂੰ ਜਿਹੜਾ ਮਾਣ ਮਿਲਿਆ ਹੈ, ਉਹ ਵਿਰਲੇ ਇਤਿਹਾਸਕਾਰਾਂ ਨੂੰ ਪ੍ਰਾਪਤ ਹੋਇਆ ਹੈ । ਇਸ ਇਤਿਹਾਸਕਾਰ ਦਾ ਜਨਮ 15 ਨਵੰਬਰ, 1900 ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਹਰਿਆਣਾ ਵਿੱਚ ਸ। ਜਵਾਲਾ ਸਿੰਘ ਦੇ ਗ੍ਰਹਿ ਵਿਖੇ ਮਾਤਾ ਹੁਕਮ ਦੇਵੀ ਦੀ ਕੁੱਖ ਤੋਂ ਹੋਇਆ । ਇਨ੍ਹਾਂ ਮੁੱਢਲੀ ਸਿੱਖਿਆ ਇਸ ਕਸਬੇ ਦੀ ਮਸੀਤ ਤੋਂ ਪ੍ਰਾਪਤ ਕੀਤੀ । ਪਿੱਛੋਂ ਇਹ ਪਰਿਵਾਰ ਪੁਰਹੀਰਾਂ (ਹੁਸ਼ਿਆਰਪੁਰ) ਆ ਗਿਆ । ਮਿਡਲ ਦੀ ਪ੍ਰੀਖਿਆ ਡੀ ਏ ।ਵੀ। ਸਕੂਲ ਹੁਸ਼ਿਆਰਪੁਰ ਅਤੇ ਦੱਸਵੀਂ ਸਰਕਾਰੀ ਹਾਈ ਸਕੂਲ ਤੋਂ 1919 ਈ: ਵਿੱਚ ਪਾਸ ਕੀਤੀ । ਇਸ ਤੋਂ ਬਾਅਦ ਅਗਲੇਰੀ ਪੜ੍ਹਾਈ ਲਈ ਫਾਰਮਨ ਕ੍ਰਿਸ਼ਚੀਅਨ ਕਾਲਜ ਲਾਹੌਰ ਵਿੱਚ ਦਾਖਲਾ ਪ੍ਰਾਪਤ ਕੀਤਾ, ਪਰ ਪੜ੍ਹਾਈ ਵਿਚਾਲੇ ਛੱਡ ਕੇ ਫੌਜ ਵਿੱਚ ਭਰਤੀ ਹੋ ਗਿਆ । ਇਸ ਫੌਜੀ ਨੌਕਰੀ ਦੌਰਾਨ ਥੋੜ੍ਹਾ ਸਮਾਂ ਰਾਵਲਪਿੰਡੀ ਅਤੇ ਪੇਸ਼ਾਵਰ ਵਿੱਚ ਸੇਵਾ ਨਿਭਾਈ । ਫਿਰ ਬਸਰਾ ਵਿਖੇ ਬਦਲੀ ਹੋ ਗਈ । ਇਥੇ ਹੀ ਲੜਾਈ ਦੌਰਾਨ ਜ਼ਖ਼ਮੀ ਹੋ ਗਿਆ, ਵਾਪਸ ਫਿਰ ਪੰਜਾਬ ਪਰਤ ਆਇਆ । ਇਸ ਤੋਂ ਬਾਅਦ ਜਦੋਂ ਜ਼ਖ਼ਮ ਠੀਕ ਹੋ ਗਏ ਤਾਂ ਫਿਰ ਈਰਾਨ ਦੀ ਉਸ ਸਮੇਂ ਦੀ ਐਂਗਲੋ-ਪਰਸ਼ੀਅਨ ਆਇਲ ਕੰਪਨੀ ਵਿੱਚ ਬਤੌਰ ਅਕਾਊਂਟਸ ਅਫ਼ਸਰ ਸੇਵਾ ਨਿਭਾਈ । ਦੱਸਿਆ ਜਾਂਦਾ ਹੈ ਕਿ ਇਥੇ ਹੀ ਅੰਗ੍ਰੇਜ਼ ਵਿਦਵਾਨ ਸਰ ਅਰਨਾਰਡ ਵਿਲਸਨ ਨਾਲ ਮਿਲਾਪ ਹੋਇਆ । ਉਸ ਅੰਗ੍ਰੇਜ਼ ਵਿਦਵਾਨ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਬਾਰੇ ਲਿਖੀਆਂ ਕਿਤਾਬਾਂ ਦੀ ਸੂਚੀ (ਬਿਬਲਿਓਗ੍ਰਾਫੀ) ਤਿਆਰ ਕਰਨੀ ਸ਼ੁਰੂ ਕੀਤੀ । ਜ਼ਿਕਰਯੋਗ ਹੈ ਕਿ ਈਰਾਨ ਵਿੱਚ ਰਹਿੰਦਿਆਂ ਇਨ੍ਹਾਂ ਆਪਣੀ ਪਹਿਲੀ ਪੁਸਤਕ ਮਾਈ ਫਸਟ ਥਰਟੀ ਡੇਜ਼ ਇਨ ਮੈਸੋਪੋਟਾਮੀਆਂ ਲਿਖੀ ।

ਜਦੋਂ ਡਾ: ਗੰਡਾ ਸਿੰਘ 1930 ਈ: ਵਿੱਚ ਪੰਜਾਬ ਵਾਪਸ ਪੁੱਜੇ ਤਾਂ ਇਥੇ ਆ ਕੇ ਫੁਲਵਾੜੀ ਨਾਂਅ ਦੇ ਮਾਸਿਕ-ਪੱਤਰ ਦੇ ਸੰਪਾਦਕੀ ਮੰਡਲ ਵਿੱਚ ਕੰਮ ਕਰਨਾ ਆਰੰਭ ਕੀਤਾ । ਅਕਤੂਬਰ 1931 ਈ: ਵਿੱਚ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਨਵੇਂ ਬਣੇ ਵਿਭਾਗ ਸਿੱਖ ਹਿਸਟਰੀ ਰਿਸਰਚ ਡਿਪਾਰਟਮੈਂਟ ਦੇ ਮੁਖੀ ਵਜੋਂ ਨਿਯੁਕਤ ਹੋਏ । 1949 ਵਿੱਚ ਪੈਪਸੂ ਸਰਕਾਰ ਵਿੱਚ ਪਟਿਆਲਾ ਵਿਖੇ ਪੁਰਾਤਤਵ ਵਿਭਾਗ ਦੇ ਡਾਇਰੈਕਟਰ ਅਤੇ ਅਜਾਇਬ ਘਰ ਦੇ ਨਿਗਰਾਨ ਵਜੋਂ ਨਿਯੁਕਤੀ ਹੋਈ । ਇਸ ਤੋਂ ਇਕ ਸਾਲ ਬਾਅਦ ਪੰਜਾਬੀ ਮਹਿਕਮੇ (ਭਾਸ਼ਾ ਵਿਭਾਗ) ਦੇ ਡਾਇਰੈਕਟਰ ਦੀ ਜ਼ਿੰਮੇਵਾਰੀ ਵੀ ਸੌਂਪ ਦਿੱਤੀ ਗਈ । ਡਾ: ਗੰਡਾ ਸਿੰਘ ਨੇ ਇਸੇ ਦੌਰਾਨ ਸਖ਼ਤ ਮਿਹਨਤੀ ਹੋਣ ਦਾ ਸਬੂਤ ਦਿੰਦਿਆਂ ਸੈਂਟਰਲ ਪਬਲਿਕ ਲਾਇਬ੍ਰੇਰੀ ਦੀ ਸਥਾਪਨਾ ਵੀ ਕੀਤੀ ।

1954 ਈ: ਵਿੱਚ ਇਨ੍ਹਾਂ ਅਹਿਮਦਸ਼ਾਹ ਦੁਰਾਨੀ ਦੇ ਸਬੰਧ ਵਿੱਚ ਸ਼ੋਧ-ਪ੍ਰਬੰਧ ਲਿਖ ਕੇ ਪੰਜਾਬ ਯੂਨੀਵਰਸਿਟੀ ਤੋਂ ਪੀ ।ਐੱਚ ਡੀ। ਦੀ ਡਿਗਰੀ ਪ੍ਰਾਪਤ ਕੀਤੀ । ਸੇਵਾ-ਮੁਕਤ ਹੋਣ ਤੋਂ ਪਿੱਛੋਂ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਵਜੋਂ ਨਿਯੁਕਤ ਹੋਏ । ਇਥੋਂ ਹੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੰਜਾਬ ਇਤਿਹਾਸ ਅਧਿਐਨ ਵਿਭਾਗ ਦੀ ਆਰੰਭਤਾ ਕਰਨ ਦਾ ਸੱਦਾ ਪ੍ਰਾਪਤ ਹੋਇਆ । 1965 ਈ: ਵਿੱਚ ਪੰਜਾਬ ਹਿਸਟਰੀ ਕਾਨਫਰੰਸ ਕਰਵਾਈ । 1967 ਈ: ਵਿੱਚ ਪੰਜਾਬ ਪਾਸਟ ਐਂਡ ਪ੍ਰੈਜ਼ਟ ਦਾ ਤਿਮਾਹੀ ਮੈਗਜ਼ੀਨ ਸ਼ੁਰੂ ਕੀਤਾ । ਇਨ੍ਹਾਂ ਦੋਵਾਂ ਕੰਮਾਂ ਨੇ ਪੰਜਾਬ ਦੇ ਇਤਿਹਾਸ ਵਿੱਚ ਆਪਣਾ ਚਿਰ-ਸਥਾਈ ਯੋਗਦਾਨ ਪਾਇਆ ।

ਡਾਕਟਰ ਸਾਹਿਬ ਨੂੰ 1963 ਈ: ਵਿੱਚ ਪੰਜਾਬ ਭਾਸ਼ਾ ਵਿਭਾਗ ਵੱਲੋਂ ਸ਼੍ਰੋਮਣੀ ਇਤਿਹਾਸਕਾਰ ਦਾ ਸਨਮਾਨ, 1964 ਈ: ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ, ਫਿਰ ਮੁਸਲਿਮ ਯੂਨੀਵਰਸਿਟੀ ਅਲੀਗੜ੍ਹ ਵੱਲੋਂ ਡੀ ।ਲਿਟ ਦੀ ਆਨਰੇਰੀ ਡਿਗਰੀ ਨਾਲ ਸਨਮਾਨਿਆ ਗਿਆ । 1974 ਈ: ਵਿੱਚ ਸਿੱਖ ਐਜੂਕੇਸ਼ਨ ਕਾਨਫਰੰਸ ਕਾਨਪੁਰ, 1976 ਈ: ਵਿੱਚ ਪੰਜਾਬੀ ਯੂਨੀਵਰਸਿਟੀ ਵੱਲੋਂ ਸਨਮਾਨਿਤ ਕੀਤਾ ਗਿਆ । 1978 ਈ: ਵਿੱਚ ਪੰਜਾਬੀ ਯੂਨੀਵਰਸਿਟੀ ਵੱਲੋਂ ਵੀ ਡੀ ।ਲਿਟ ਨਾਲ ਸਨਮਾਨ ਦਿੱਤਾ ਗਿਆ । 1984 ਈ: ਵਿੱਚ ਭਾਰਤ ਸਰਕਾਰ ਵੱਲੋਂ ਪਦਮ ਭੂਸ਼ਨ ਦਾ ਸਨਮਾਨ ਦਿੱਤਾ ਗਿਆ । 1987 ਈ: ਵਿੱਚ ਇੰਡੀਅਨ ਹਿਸਟਰੀ ਕਾਨਫਰੰਸ ਗੋਆ ਵਿਖੇ ਪੰਜ ਪ੍ਰਮੁੱਖ ਇਤਿਹਾਸਕਾਰਾਂ ਵਿੱਚੋਂ ਇਕ ਹੋਣ ਦਾ ਸਨਮਾਨ ਮਿਲਿਆ । ਡਾਕਟਰ ਸਾਹਿਬ ਦੀਆਂ ਬਹੁਤ ਸਾਰੀਆਂ ਪੁਸਤਕਾਂ ਅੰਗ੍ਰੇਜ਼ੀ, ਪੰਜਾਬੀ, ਹਿੰਦੀ, ਉਰਦੂ ਅਤੇ ਫਾਰਸੀ ਭਾਸ਼ਾਵਾਂ ਵਿੱਚ ਮਿਲਦੀਆਂ ਹਨ । ਅੰਗ੍ਰੇਜ਼ੀ ਦੀਆਂ 10 ਪੁਸਤਕਾਂ (ਇਤਿਹਾਸ) ਉੱਚ ਪਾਲੇ ਦੀਆਂ ਹਨ, ਜਿਨ੍ਹਾਂ ਨੂੰ ਸੰਸਾਰ ਦੇ ਪ੍ਰਮੁੱਖ ਇਤਿਹਾਸਕਾਰਾਂ ਨੇ ਮਾਣ ਦਿੱਤਾ ਹੈ । ਪੰਜਾਬੀ ਵਿੱਚ ਥੋੜ੍ਹਾ ਮਲ ਬਹਾਦਰ, ਸ੍ਰੀ ਗੁਰ ਸੋਭਾ, ਸਰਦਾਰ ਸ਼ਾਮ ਸਿੰਘ ਅਟਾਰੀ, ਕੂਕਿਆਂ ਦੀ ਵਿਥਿਆ, ਪੰਜਾਬ ਉੱਤੇ ਅੰਗ੍ਰੇਜ਼ਾਂ ਦਾ ਕਬਜ਼ਾ, ਬਾਬਾ ਬੰਦਾ ਸਿੰਘ ਬਹਾਦਰ, ਹੁਕਮਨਾਮੇ, ਜੱਸਾ ਸਿੰਘ ਆਹਲੂਵਾਲੀਆ ਆਦਿ ਪ੍ਰਕਾਸ਼ਿਤ ਹੋ ਚੁੱਕੀਆਂ ਹਨ । ਇਸ ਤੋਂ ਇਲਾਵਾ ਅੱਧੀ ਦਰਜਨ ਪੁਸਤਕਾਂ ਹਿੰਦੀ, ਉਰਦੂ ਤੇ ਫਾਰਸੀ ਵਿੱਚ ਵੀ ਮਿਲਦੀਆਂ ਹਨ । ਇਨ੍ਹਾਂ ਸਾਰੀਆਂ ਪੁਸਤਕਾਂ ਵਿੱਚ ਕੁਝ ਅਨੁਵਾਦਿਤ ਅਤੇ ਸੰਪਾਦਿਤ ਵੀ ਹਨ। ਇਹ ਮਹਾਨ ਇਤਿਹਾਸਕਾਰ ਤੇ ਸਿਰੜੀ ਇਨਸਾਨ 27 ਦਸੰਬਰ, 1987 ਈ: ਵਿੱਚ ਪਟਿਆਲਾ ਵਿਖੇ ਇਸ ਨਾਸ਼ਵਾਨ ਸੰਸਾਰ ਨੂੰ ਅਲਵਿਦਾ ਆਖ ਗਿਆ । ਉਨ੍ਹਾਂ ਦੀਆਂ ਇਤਿਹਾਸਕ ਲਿਖਤਾਂ ਸਾਡਾ ਵੱਡਮੁੱਲਾ ਖ਼ਜ਼ਾਨਾ ਹਨ।

ਦਿਵਿਆਂਗਜਨ ਅਧਿਕਾਰ ਐਕਟ ਦੀ ਪਾਲਣਾ ਯਕੀਨੀ ਬਣਾਉਣ ਲਈ

# ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ




ਸੰਗਰੂਰ ( ਰਣਜੀਤ ਸਿੰਘ ਪੇਧਨੀ )-ਦਿਵਿਆਂਗਜਨ ਵਿਅਕਤੀਆਂ ਦੇ ਅਧਿਕਾਰ ਐਕਟ, 2016 ਦੀ ਧਾਰਾ 72 ਅਤੇ ਰੂਲ 22 ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਸਹਾਇਕ ਕਮਿਸ਼ਨਰ (ਜ) ਲਵਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਦਿਵਿਆਂਗਜਨ ਕਮੇਟੀ ਦੇ ਮੈਂਬਰ ਸਤੀਸ਼ ਗੋਇਲ (ਸੁਨਾਮ), ਡਾ. ਏ.ਐਸ. ਮਾਨ, ਡਾ. ਸੁਖਦੀਪ ਕੌਰ, ਰਾਮ ਮੂਰਤੀ, ਵਿਵੇਕ ਚੰਦਰ ਅਤੇ ਸਰਬਜੀਤ ਸਿੰਘ ਮੌਜੂਦ ਸਨ।

ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ ਲਵਪ੍ਰੀਤ ਸਿੰਘ ਔਲਖ ਨੇ ਦਿਵਿਆਂਗਜਨ ਵਿਅਕਤੀਆਂ ਵੱਲੋਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਕੰਮਕਾਜ ਸੰਬੰਧੀ ਦਿੱਤੀਆਂ ਅਰਜ਼ੀਆਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕਰਨ ਸਮੇਤ ਯੂ.ਡੀ.ਆਈ.ਡੀ. ਕਾਰਡ ਬਣਾਉਣ ਲਈ ਲਈ ਵਿਸ਼ੇਸ਼ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ ਅਤੇ ਬੌਧਿਕ ਦਿਵਿਆਂਗਤਾ ਵਾਲੇ ਵਿਦਿਆਰਥੀਆਂ ਦੇ ਲੰਬਿਤ ਕਾਰਡ ਤੁਰੰਤ ਬਣਾਉਣ ਦੀ ਹਦਾਇਤ ਵੀ ਦਿੱਤੀ ਗਈ।

**ਦਿਵਿਆਂਗਜਨ ਦੇ ਯੂ.ਡੀ.ਆਈ.ਡੀ. ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਜਾਣ : ਸਹਾਇਕ ਕਮਿਸ਼ਨਰ**

ਇਸ ਮੌਕੇ ਜ਼ਿਲ੍ਹਾ ਪੱਧਰੀ ਕਮੇਟੀ ਵੱਲੋਂ ਸਰਕਾਰੀ ਇਮਾਰਤਾਂ ਨੂੰ ਦਿਵਿਆਂਗਜਨ ਅਨੁਕੂਲ ਬਣਾਉਣ ਲਈ ਲੋੜੀਂਦੀ ਸਹੂਲਤਾਂ ਮੁਹੱਈਆ ਕਰਨ ਉੱਤੇ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਹਦਾਇਤ ਕੀਤੀ ਗਈ ਕਿ ਸਕੂਲਾਂ ਵਿੱਚ ਰੈਂਪ, ਵੀਲ ਚੇਅਰ, ਅਸੈਸੀਬਲ ਬਾਥਰੂਮ ਅਤੇ ਪੀਣ ਵਾਲੇ ਪਾਣੀ ਦੀ ਸੁਵਿਧਾ ਯਕੀਨੀ ਬਣਾਈ ਜਾਵੇ। ਡੀ.ਐਸ.ਈ. ਨੇ ਜਾਣਕਾਰੀ ਦਿੱਤੀ ਕਿ ਜ਼ਿਲ੍ਹੇ ਵਿੱਚ ਇਸ ਵੇਲੇ 37 ਰਿਸੋਰਸ ਸੈਂਟਰ ਚੱਲ ਰਹੇ ਹਨ, ਜਿੱਥੇ ਸਾਰੇ ਬੱਚਿਆਂ ਲਈ ਵੀਲ ਚੇਅਰ ਉਪਲਬਧ ਹਨ।

ਮੀਟਿੰਗ ਦੌਰਾਨ ਬੱਸ ਅੱਡਿਆਂ ਅਤੇ ਰੇਲਵੇ ਸਟੇਸ਼ਨਾਂ 'ਤੇ ਦਿਵਿਆਂਗਜਨ ਲਈ ਰਿਜ਼ਰਵ ਸੀਟਾਂ ਖ਼ਾਲੀ ਰੱਖਣ ਦੇ ਨਿਰਦੇਸ਼ ਦਿੱਤੇ ਗਏ ਤਾਂ ਜੋ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਅੱਖਾਂ ਤੋਂ ਦਿਵਿਆਂਗ ਵਿਅਕਤੀਆਂ ਨੂੰ ਅੱਧੀ ਟਿਕਟ ਦੀ ਸੁਵਿਧਾ ਜਾਰੀ ਰੱਖਣ ਅਤੇ ਯਕੀਨੀ ਬਣਾਉਣ ਲਈ ਡੀ.ਟੀ.ਓ. ਵਿਭਾਗ ਨੂੰ ਵਿਸ਼ੇਸ਼ ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ, ਨਕਲੀ ਅੰਗ ਲਗਵਾਉਣ ਲਈ ਏ.ਡੀ.ਆਈ.ਪੀ. ਸਕੀਮ ਦੇ ਤਹਿਤ ਕੈਂਪ ਲਗਾਉਣ ਦੀ ਪ੍ਰਕਿਰਿਆ ਸਬੰਧੀ ਚਰਚਾ ਕੀਤੀ ਗਈ।

# ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿੱਚ ਲਾਇੰਸ ਕਲੱਬ ਰਾਮਾਂ ਵੱਲੋਂ ਸਨਮਾਨ ਸਮਾਰੋਹ



ਤਲਵੰਡੀ ਸਾਬੋ, 14 ਨਵੰਬਰ (ਗੁਰਜੰਟ ਸਿੰਘ ਨਥੇਹਾ)- ਲਾਇੰਸ ਕਲੱਬ ਰਾਮਾਂ ਦੇ ਪ੍ਰਧਾਨ ਸ਼੍ਰੀ ਭੂਸ਼ਣ ਲਹਿਰੀ ਵੱਲੋਂ ਸਬ ਜਿਲ੍ਹਾ ਹਸਪਤਾਲ ਤਲਵੰਡੀ ਸਾਬੋ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਹ ਸਨਮਾਨ-ਪੱਤਰ ਲਾਇੰਸ ਕਲੱਬ ਰਾਮਾਂ ਦੀ ਟੀਮ ਵੱਲੋਂ ਕੀਤੇ ਗਏ ਸਰਵੇਅ ਦੇ ਆਧਾਰ 'ਤੇ ਹਸਪਤਾਲ ਦੇ ਚੰਗੇ ਕਾਰਜ ਅਤੇ ਮਰੀਜ਼-ਸੇਵਾ ਵਿੱਚ ਯੋਗਦਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਦਿੱਤੇ ਗਏ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਲਾਇੰਸ ਕਲੱਬ ਰਾਮਾਂ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਨਮਾਨ ਹੈਲਥ ਸਟਾਫ ਨੂੰ ਹੋਰ ਤਨਦੇਹੀ ਅਤੇ ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨ ਲਈ ਪ੍ਰੇਰਿਤ ਕਰਦੇ ਹਨ। ਸਰਵੇਅ ਅਧਾਰਿਤ ਡਾ.ਸ਼ਿਵਾਲੀ (ਮੈਡਿਸਿਨ ਦੇ ਮਾਹਰ) ਡਾ. ਅਨਿਲ ਗਰਗ (ਹੱਡੀਆਂ ਅਤੇ ਜੋੜਾਂ ਦੇ ਮਾਹਰ) ਡਾ. ਮਿਨਾਕਸ਼ੀ (ਨੱਕ ਕੰਨ ਗਲੇ ਦਾ ਮਾਹਰ) ਡਾ. ਲਵਕੇਸ਼ ਗੁਪਤਾ (ਸਰਜਨ) ਡਾ. ਹਰਲੀਨ ਕੌਰ (ਅੱਖਾਂ ਦੇ ਮਾਹਰ) ਡਾ. ਚੈਰੀ ਗਰਗ (ਏਮਰਜੈਂਸੀ ਮੈਡੀਕਲ ਅਫ਼ਸਰ) ਸ੍ਰੀ ਵਰਿੰਦਰ ਸਿੰਘ (ਰੇਡੀਓਗ੍ਰਾਫਰ), ਸ੍ਰੀ ਸੁਰੇਸ਼, ਸ਼੍ਰਮਤੀ ਸ਼ਰਨਜੀਤ ਕੌਰ (ਨਰਸਿੰਗ ਸਿਸਟਰ) ਸ੍ਰੀ ਤਰਸੇਮ ਸਿੰਘ (ਆਰੋਗਿਆ ਮਿਤਰਾ), ਸ਼੍ਰੀ ਹਰਪ੍ਰੀਤ ਸ਼ਰਮਾ (ਫਾਰਮੇਸੀ ਅਫ਼ਸਰ) ਨੂੰ ਸਨਮਾਨ ਪੱਤਰ ਦਿੱਤਾ ਗਿਆ। ਲਾਇੰਸ ਕਲੱਬ ਰਾਮਾਂ ਹੋਪ ਦੇ ਪ੍ਰਧਾਨ ਸ਼੍ਰੀ ਭੂਸ਼ਣ ਲਹਿਰੀ ਨੇ ਕਿਹਾ ਕਿ ਇਹ ਸਨਮਾਨ ਹਸਪਤਾਲ ਸਟਾਫ ਦੁਆਰਾ ਮਰੀਜ਼ਾਂ ਪ੍ਰਤੀ ਦਿਖਾਈ ਜਾ ਰਹੀ ਸਮਰਪਣਾ ਅਤੇ ਬਿਹਤਰ ਸੇਵਾਵਾਂ ਦਾ ਪ੍ਰਤੀਕ ਹਨ। ਉਨ੍ਹਾਂ ਵੱਲੋਂ ਯਕੀਨ ਦਵਾਇਆ ਗਿਆ ਕਿ ਕਲੱਬ ਅਗਾਂਹ ਵੀ ਇਸ ਤਰ੍ਹਾਂ ਦੀਆਂ ਸਮਾਜਿਕ ਗਤੀਵਿਧੀਆਂ ਵਿੱਚ ਯੋਗਦਾਨ ਜਾਰੀ ਰੱਖੇਗਾ।

# ਪਨਸਪ ਨਾਲ ਮਿੱਲ ਦਾ 30 ਸਾਲਾਂ ਤੋਂ ਲੰਬਿਤ ਕੇਸ ਖ਼ਤਮ ਹੋਇਆ : ਜ਼ਿਲ੍ਹਾ ਮੈਨੇਜਰ ਗੌਰਵ ਆਹਲੂਵਾਲੀਆ

## ਸਰਕਾਰ ਦੀ ਸਕੀਮ ਦੇ ਅਧੀਨ ਨਿਪਟਾਰਾ ਕਰਵਾਉਣ ਲਈ ਰਾਈਸ ਮਿੱਲਰ ਅਨਾਜ ਖਰੀਦ ਪੋਰਟਲ ਰਾਹੀਂ ਅਪਲਾਈ ਕਰਨ-ਪਨਸਪ ਜ਼ਿਲ੍ਹਾ ਮੈਨੇਜਰ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਹਾਲ ਹੀ ਵਿੱਚ ਪੰਜਾਬ ਸਰਕਾਰ ਵੱਲੋਂ ਰਾਈਸ ਮਿੱਲਰਾਂ ਲਈ ਲਾਗੂ ਕੀਤੀ ਗਈ ਇੱਕ-ਮੁਸ਼ਤ ਨਿਪਟਾਰਾ ਸਕੀਮ 2025 ਦਾ ਬਹੁਤ ਸਾਰੇ ਅਜਿਹੇ ਮਿੱਲਰ ਫ਼ਾਇਦਾ ਉਠਾ ਰਹੇ ਹਨ ਜਿਨ੍ਹਾਂ ਦੇ ਕਾਨੂੰਨੀ ਜਾਂ ਸਿਵਲ ਕੇਸ ਕਈ ਪੀੜ੍ਹੀਆਂ ਤੋਂ ਚਲਦੇ ਆ ਰਹੇ ਸਨ। ਇਸ ਤਹਿਤ ਹੀ ਪਨਸਪ ਜ਼ਿਲ੍ਹਾ ਮੈਨੇਜਰ ਗੌਰਵ ਆਹਲੂਵਾਲੀਆ ਨੇ ਦੱਸਿਆ ਕਿ ਇਸ ਸਕੀਮ ਤਹਿਤ ਮੈਸ. ਜਗਦੰਬਾ ਰਾਈਸ ਮਿੱਲ, ਸੰਗਰੂਰ ਦੇ ਕੇਸ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਇਸ ਮਿੱਲ ਦੇ ਮਾਲਕਾਂ/ ਹਿੱਸੇਦਾਰਾਂ ਨੂੰ ਅੱਜ 'ਕੋਈ ਬਕਾਇਆ ਨਹੀਂ' ਸਰਟੀਫਿਕੇਟ ਪ੍ਰਦਾਨ ਕੀਤਾ ਗਿਆ। ਜ਼ਿਲ੍ਹਾ ਮੈਨੇਜਰ ਨੇ ਦੱਸਿਆ ਕਿ ਇਸ ਮਿੱਲ ਦਾ ਕੇਸ ਲਗਭਗ 30 ਸਾਲਾਂ ਤੋਂ ਲੰਬਿਤ ਚੱਲ ਰਿਹਾ ਸੀ। ਇਹਨਾਂ ਵੱਲੋਂ ਕੁੱਲ ਰਕਮ ਦੀ ਅਦਾਇਗੀ ਕੀਤੀ ਗਈ ਜਿਹੜੀ ਕਿ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿੱਚ ਜਮ੍ਹਾਂ ਕਰਵਾ ਦਿੱਤੀ ਜਾਵੇਗੀ। ਇਸ ਸਕੀਮ ਦਾ ਲਾਭ ਉਠਾਉਣ ਵਾਲੇ ਮਿੱਲਰ ਜਗਦੀਸ਼ ਰਾਏ ਬਾਂਸਲ ਵੱਲੋਂ ਆਪਣੇ ਕੇਸ ਦੇ ਨਿਪਟਾਰੇ ਉਪਰੰਤ ਖ਼ੁਸ਼ੀ ਪ੍ਰਗਟਾਉਂਦੇ ਹੋਏ ਕਿਹਾ ਗਿਆ ਕਿ ਇਹ ਸਕੀਮ ਉਹਨਾਂ ਲਈ ਕਾਫ਼ੀ ਲਾਹੇਵੰਦ ਸਿੱਧ ਹੋਈ ਹੈ। ਕੇਸ ਉਪਰ ਉਹਨਾਂ ਦਾ ਕਾਫ਼ੀ ਰੁਪਿਆ ਅਤੇ ਸਮਾਂ ਬਰਬਾਦ ਹੋ ਰਿਹਾ ਸੀ। ਜ਼ਿਲ੍ਹਾ ਮੈਨੇਜਰ ਗੌਰਵ ਆਹਲੂਵਾਲੀਆ ਵੱਲੋਂ ਦੱਸਿਆ ਗਿਆ ਕਿ ਇਸ ਸਕੀਮ ਦੇ ਅਧੀਨ ਨਿਪਟਾਰਾ ਕਰਵਾਉਣ ਲਈ ਰਾਈਸ ਮਿੱਲਰ https://anaajkharid.in 'ਤੇ ਅਨਾਜ ਖ਼ਰੀਦ ਪੋਰਟਲ ਰਾਹੀਂ ਅਪਲਾਈ ਕਰ ਸਕਦੇ ਹਨ। ਇਸ ਬਾਰੇ ਵਧੇਰੇ ਜਾਣਕਾਰੀ ਲਈ ਉਪਰੋਕਤ ਵੈਬਸਾਈਟ ਤੋਂ ਇਲਾਵਾ ਪਨਸਪ ਜ਼ਿਲ੍ਹਾ ਦਫ਼ਤਰਾਂ ਜਾ ਪਨਸਪ ਮੁੱਖ ਦਫ਼ਤਰ ਵਿੱਚ ਸਮਰਪਿਤ ਸਹਾਇਤਾ-ਡੈਸਕ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਲਾਸਾਨੀ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਸ਼ਹੀਦ

ਧਰਮਾਂ ਦੇ ਇਤਿਹਾਸ ਅਤੇ ਸ਼ਹੀਦੀ ਪਰੰਪਰਾ ਵਿਚ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਵਿਲੱਖਣ ਸਥਾਨ ਹੈ। ਯੁੱਧ ਦੇ ਮੈਦਾਨ 'ਚ ਸੀਸ ਨੂੰ ਤਲੀ 'ਤੇ ਰੱਖ ਕੇ ਦੁਸ਼ਮਣ ਦੇ ਆਹੂ ਲਾਹ ਸੁੱਟਣ ਵਾਲੇ ਇਸ ਮਹਾਂਬਲੀ ਯੋਧੇ ਦਾ ਜਨਮ 26 ਜਨਵਰੀ, 1682 ਈ: (14 ਮਾਘ) ਨੂੰ ਪਿੰਡ ਪਹੁਵਿੰਡ, ਜ਼ਿਲ੍ਹਾ ਤਰਨ ਤਾਰਨ ਵਿਖੇ ਪਿਤਾ ਬਾਬਾ ਭਗਤਾ ਜੀ ਦੇ ਗ੍ਰਹਿ ਵਿਖੇ ਮਾਤਾ ਜਿਉਣੀ ਜੀ ਦੀ ਕੁੱਖੋਂ ਹੋਇਆ। ਬਚਪਨ 'ਚ ਹੀ ਆਪ ਜੀ ਮਾਤਾ ਪਿਤਾ ਨਾਲ ਸ੍ਰੀ ਅਨੰਦਪੁਰ

## ਅੱਜ 15 ਨਵੰਬਰ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

ਸਾਹਿਬ ਚਲੇ ਗਏ। ਜਿੱਥੇ ਉਨ੍ਹਾਂ ਧੰਨ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਹੱਥੋਂ ਅੰਮ੍ਰਿਤਪਾਨ ਕੀਤਾ। ਭਜਨ ਬੰਦਗੀ ਵਿਚ ਲੀਨ ਰਹਿਣ ਤੋਂ ਇਲਾਵਾ ਜੰਗ, ਯੁੱਧ ਅਤੇ ਹਥਿਆਰ ਚਲਾਉਣ ਦੀ ਮੁਹਾਰਤ ਹਾਸਲ ਕਰਦਿਆਂ, ਇੱਥੇ ਹੀ ਭਾਈ ਮਨੀ ਸਿੰਘ ਜੀ ਤੋਂ ਗੁਰਮੁਖੀ ਲਿਖਣ ਤੇ ਪੜ੍ਹਨ ਦੀ ਸਿੱਖਿਆ ਪ੍ਰਾਪਤ ਕੀਤੀ।

1703 ਵਿਚ ਆਪ ਜੀ ਦੇ ਮਾਤਾ ਪਿਤਾ ਜੀ ਵੱਲੋਂ ਆਪ ਜੀ ਨੂੰ ਪਿੰਡ ਲਿਜਾਣ ਦੀ ਗੁਰੂ ਸਾਹਿਬ ਤੋਂ ਆਗਿਆ ਲਈ। ਇਸੇ ਸਮੇਂ ਦੌਰਾਨ ਹੀ ਸ੍ਰੀ ਅਨੰਦਪੁਰ ਸਾਹਿਬ 'ਤੇ ਪਹਾੜੀ ਰਾਜਿਆਂ ਅਤੇ ਮੁਗ਼ਲ ਹਕੂਮਤ ਵੱਲੋਂ ਹਮਲਾ ਕਰ ਦਿੱਤਾ ਗਿਆ ਤੇ ਗੁਰੂ ਸਾਹਿਬ ਦਾ ਪਰਿਵਾਰ ਅਤੇ ਗੁਰਸਿੱਖਾਂ ਨੂੰ ਅਨੰਦਪੁਰ ਸਾਹਿਬ ਛੱਡਣਾ ਪਿਆ।

1704 ਈ: 'ਚ ਮੁਕਤਸਰ ਦੀ ਜੰਗ ਅਤੇ ਭਾਈ ਮਹਾਂ ਸਿੰਘ ਦੀ ਬੇਨਤੀ 'ਤੇ 40 ਸਿੰਘਾਂ ਦੀ ਟੁੱਟੀ ਗੰਢਣ ਤੋਂ ਉਪਰੰਤ ਸ੍ਰੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਪਹੁੰਚੇ। ਗੁਰੂ ਸਾਹਿਬ ਦੇ ਬੁਲਾਵੇ 'ਤੇ ਬਾਬਾ ਦੀਪ ਸਿੰਘ ਜੀ ਹਾਜ਼ਰ ਹੋਏ।

ਦਮਦਮਾ ਸਾਹਿਬ ਵਿਖੇ ਮਹਾਰਾਜ ਸਾਹਿਬ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੰਘਾਂ ਨਾਲ ਕੀਤੇ ਵਾਅਦੇ ਮੁਤਾਬਿਕ ਗੁਰਬਾਣੀ ਦੇ ਅਰਥ ਪੜ੍ਹਾਉਣ ਅਤੇ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਤੋਂ ਅੰਮ੍ਰਿਤਸਰ ਸਾਹਿਬ ਵਿਖੇ ਲਿਖਵਾਏ ਗੁਰੂ ਗ੍ਰੰਥ ਸਾਹਿਬ ਜੀ ਵਿਚ ਨੌਵੇਂ ਪਾਤਸ਼ਾਹ ਦੀ ਬਾਣੀ ਦਰਜ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਹੀ ਸਰੂਪ ਧੀਰ ਮੱਲ ਤੋਂ ਲਿਆਉਣ ਲਈ ਸਿੰਘਾਂ ਨੂੰ ਕਰਤਾਰਪੁਰ ਭੇਜਿਆ। ਧੀਰ ਮਲੀਆਂ ਨੇ ਅੱਗੋਂ ਤਰਕ ਪੈਦਾ ਕਰ ਦਿੱਤੀ , ਕਹਿਣ ਲੱਗੇ ਕਿ ਜੇ ਤੁਸੀਂ ਧੰਨ ਗੁਰੂ ਗੋਬਿੰਦ ਸਿੰਘ ਜੀ ਨੂੰ ਗੁਰੂ ਨਾਨਕ ਦੇਵ ਗੁਰੂ ਅਰਜਨ ਦੇਵ ਜੀ ਦੀ ਜੋਤ ਸਮਝਦੇ ਹੋ ਤਾਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਆਪ ਗੁਰੂ ਅਰਜਨ ਦੇਵ ਜੀ ਵਾਂਗ ਕਿਉਂ ਨਹੀਂ ਸਾਰੀ ਬਾਣੀ ਆਪਣੇ ਕੰਠ 'ਚੋਂ ਉਚਾਰਨ ਕਰ ਲੈਂਦੇ। ਧੀਰ ਮਲੀਆਂ ਵੱਲੋਂ ਸਰੂਪ ਦੇਣ ਤੋਂ ਨਾਂਹ ਹੋਣ 'ਤੇ ਸਤਿਗੁਰੂ ਜੀ ਨੇ ਕਿਹਾ ਕਿ ਸਾਨੂੰ ਪਤਾ ਸੀ ਉਨ੍ਹਾਂ ਆਦਿ ਬੀੜ ਨਹੀਂ ਦੇਣੀ , ਪਰ ਆਪ ਸਭ ਦੀ ਸ਼ੰਕਾ ਦੂਰ ਕਰਨੀ ਵੀ ਜ਼ਰੂਰੀ ਸੀ। ਕਿ ਸ਼ਾਇਦ ਗੁਰੂ ਜੋਤੀ ਵਿਚ ਫ਼ਰਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਸਾਹਿਬ ਜੀ ਨੇ ਆਪ ਗੁਰਬਾਣੀ ਉਚਾਰਨ ਕਰਦਿਆਂ ਭਾਈ ਮਨੀ ਸਿੰਘ ਜੀ ਨੂੰ ਲਿਖਣ ਅਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਸੇਵਾ ਲਿਖਣ ਦਾ ਸਾਮਾਨ ਕਲਮਾਂ, ਸਿਆਹੀ ਅਤੇ ਕਾਗ਼ਜ਼ ਦਾ ਪ੍ਰਬੰਧ ਕਰਨ ਦੀ ਲਾਈ ਗਈ। ਗੁਰੂ ਸਾਹਿਬ ਜਦ ਬਾਣੀ ਲਿਖਵਾਉਣੀ ਆਰੰਭ ਕੀਤੀ। ਤਦ ਭਾਈ ਮਨੀ ਸਿੰਘ ਜੀ ਨੇ ਬਾਣੀ ਲਿਖਣ ਪ੍ਰਤੀ ਅਸਮਰਥਾ ਜਤਾਈ ਤਾਂ ਗੁਰੂ ਸਾਹਿਬ ਨੇ ਕਿਹਾ ਭਾਈ ਮਨੀ ਸਿੰਘਾਂ ਤੂ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਦਾ ਧਿਆਨ ਧਰ ਕੇ ਅੰਗਾਂ 'ਤੇ ਕਲਮ ਰੱਖ ਤੇਰੀ ਕਮਲ ਅਗਾਮੀ ਚੱਲੇਗੀ। ਇੰਝ ਹੀ ਹੋਇਆ। ਸੋ ਗੁਰੂ ਸਾਹਿਬ ਜੀ ਨਿਤਾ ਪ੍ਰਤੀ ਤੰਬੂ ਵਿਚ ਬੈਠ ਕੇ ਗੁਰਬਾਣੀ ਉਚਾਰਦੇ, ਭਾਈ ਮਨੀ ਸਿੰਘ ਜੀ ਗੁਰਬਾਣੀ ਲਿਖਣ ਦੀ ਸੇਵੀ ਨਿਭਾਉਂਦੇ , ਤੇ ਸ਼ਾਮ ਨੂੰ ਗੁਰੂ ਸਾਹਿਬ ਉਚਾਰੀ ਹੋਈ ਬਾਣੀ ਦੇ ਅਰਥ ਸਾਰੇ ਸਿੰਘਾਂ ਨੂੰ ਸੁਣਾਉਂਦੇ। ਇਸ ਪ੍ਰਕਾਰ 9 ਮਹੀਨੇ 9 ਦਿਨ 9 ਘੜੀਆਂ 9 ਪਲਾਂ ਵਿਚ ਸੰਨ 1706ਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰੂਪ ਸੰਪੂਰਨ ਹੋਇਆ। ਇਸੇ ਵਕਤ ਹੀ ਅਰਥਾਂ ਦੀ ਟਕਸਾਲ ਆਰੰਭ ਹੋਈ। ਇੱਥੇ ਹੀ ਸਤਿਗੁਰਾਂ ਨੇ ਬਾਬਾ ਦੀਪ ਸਿੰਘ ਜੀ ਨੂੰ ਟਕਸਾਲ ਦਾ ਮੁਖੀ ਥਾਪਦਿਆਂ ਸੰਗਤ ਨੂੰ ਗੁਰਬਾਣੀ ਦਾ ਸ਼ੁੱਧ ਉਚਾਰਨ ਸਰਵਣ ਕਰਾਉਣ ਅਤੇ ਅਰਥ ਪੜ੍ਹਾਉਣ ਦੀ ਸੇਵਾ ਸੌਂਪੀ । ਗੁਰੂ ਸਾਹਿਬ ਨੇ ਫ਼ਰਮਾਇਆ ਕਿ ਭਾਈ ਦੀਪ ਸਿੰਘ ਜੀ ਜੇ ਧਰਮ ਦੀ ਰੱਖਿਆ ਕਰਦਿਆਂ ਤੁਹਾਡਾ ਸੀਸ ਧਰ ਨਾਲੋਂ ਅਲਹਿਦਾ ਵੀ ਹੋ ਗਿਆ, ਤੁਹਾਡੇ ਅਨੰਦ 'ਚ ਫ਼ਰਕ ਨਹੀਂ ਪਵੇਗਾ। ਜੋ ਅੱਗੇ ਚੱਲ ਕੇ ਸੱਚ ਸਾਬਤ ਹੋਇਆ। ਇੰਝ ਹੀ ਸਤਿਗੁਰੂ ਨੇ ਭਾਈ ਮਨੀ ਸਿੰਘ ਜੀ ਨੂੰ ਵੀ ਰਹਿਮਤਾਂ ਨਾਲ ਨਿਵਾਜਿਆ।

ਇਹ ਪਾਵਨ ਬੀੜ ਦਮਦਮਾ ਸਾਹਿਬ ਤਿਆਰ ਹੋਣ ਕਰਕੇ 'ਦਮਦਮੀ ਬੀੜ ਦੇ ਨਾਮ ਨਾਲ ਪ੍ਰਸਿੱਧ ਹੈ। ਇਸ ਮਹਾਨ ਕਾਰਜ ਨੂੰ ਨੇਪਰੇ ਚਾੜ੍ਹ ਕੇ ਦਸਮੇਸ਼ ਪਿਤਾ ਜੀ ਜਦੋਂ ਦੱਖਣ 'ਚ ਸ੍ਰੀ ਹਜ਼ੂਰ ਸਾਹਿਬ ਗਏ ਤਾਂ ਬਾਬਾ ਦੀਪ ਸਿੰਘ ਜੀ ਸ਼ਹੀਦ ਉਸ ਸਮੇਂ ਗੁਰੂ ਸਾਹਿਬ ਜੀ ਦੇ ਨਾਲ ਹੀ ਗਏ। ਜਿਸ ਸਮੇਂ ਗੁਰੂ ਸਾਹਿਬ ਜੀ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ 'ਤੇ ਸੁਸ਼ੋਭਿਤ ਕੀਤਾ, ਉਸ ਸਮੇਂ ਭਾਈ ਮਨੀ ਸਿੰਘ ਜੀ ਨੇ ਤਾਬਿਆ ਚੌਰ ਸਾਹਿਬ ਜੀ ਦੀ ਸੇਵਾ ਕੀਤੀ ਅਤੇ ਬਾਬਾ ਦੀਪ ਸਿੰਘ ਜੀ, ਪਿਆਰੇ ਧਰਮ ਸਿੰਘ ਜੀ, ਭਾਈ ਹਰਿ ਸਿੰਘ ਜੀ, ਭਾਈ ਸੰਤੋਖ ਸਿੰਘ ਜੀ, ਭਾਈ ਗੁਰਬਖ਼ਸ਼ ਸਿੰਘ ਸ਼ਹੀਦ ਜੀ ਨੂੰ ਦਸਮੇਸ਼ ਪਿਤਾ ਜੀ ਨੇ ਪੰਜਾਂ ਪਿਆਰਿਆਂ ਦੇ ਰੂਪ ਵਿਚ ਆਪਣੇ ਪਾਸ ਖੜ੍ਹੇ ਕਰਕੇ ਗੁਰਤਾ ਗੱਦੀ ਦਾ ਅਰਦਾਸਾ ਸੋਧਿਆ। ਬਾਬਾ ਜੀ ਉਸ ਵੇਲੇ ਪੰਜਾਂ ਪਿਆਰਿਆਂ ਵਿਚ ਵੀ ਸ਼ਾਮਿਲ ਸਨ। ਬਾਅਦ ਵਿਚ ਬਾਬਾ ਦੀਪ ਸਿੰਘ ਜੀ ਨੇ ਸਤਿਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਆਗਿਆ ਪਾ ਕੇ ਦਮਦਮਾ ਸਾਹਿਬ ਵਿਖੇ ਗੁਰਬਾਣੀ ਦਾ ਸ਼ੁੱਧ ਪਾਠ, ਗੁਰਬਾਣੀ ਦੀ ਵਿਆਖਿਆ, ਗੁਰਦੁਆਰਿਆਂ ਦੀ ਸੇਵਾ ਸੰਭਾਲ ਦਾ ਕੰਮ ਆਰੰਭ ਕਰ ਦਿੱਤਾ। ਸਵੇਰੇ ਸ਼ਾਮ ਗੁਰੂ ਕਾ ਲੰਗਰ ਅਤੁੱਟ ਵਰਤਦਾ, ਰਾਤ ਨੂੰ ਢਾਡੀ ਵਾਰਾਂ ਗਾਉਂਦੇ, ਸੰਗਤਾਂ ਵਿਚ ਬੀਰ ਰਸ ਦਾ ਉਤਸ਼ਾਹ ਭਰਿਆ ਜਾਂਦਾ। ਜਦੋਂ ਵੀ ਸਮਾਂ ਮਿਲਦਾ ਬਾਬਾ ਜੀ ਗੁਰਬਾਣੀ ਦੀਆਂ ਪੋਥੀਆਂ ਲਿਖ ਕੇ ਵੱਖ-ਵੱਖ ਸਥਾਨਾਂ ਤੇ ਭੇਜਦੇ। ਬਾਬਾ ਜੀ ਨੇ ਥੋੜ੍ਹੇ ਜਿਹੇ ਹੀ ਸਮੇਂ ਵਿਚ ਗੁਰਮਤਿ ਦਾ ਬੜਾ ਭਾਰੀ ਪ੍ਰਚਾਰ ਕੀਤਾ। ਗੁਰਦੁਆਰਾ ਸਾਹਿਬ ਵਿਖੇ ਇਕ ਖੂਹ ਲਗਵਾਇਆ, ਗੁਰਦੁਆਰਾ ਸਾਹਿਬ ਨੂੰ ਵੱਡਾ ਅਤੇ ਪੱਕਾ ਕਰਵਾ ਭਾਰੀ ਸੇਵਾ ਕੀਤੀ।

ਬਾਬਾ ਜੀ ਨੇ ਸੰਨ 1708 ਤੋਂ 1715 ਤਕ ਭਾਈ ਗੁਰਬਖ਼ਸ਼ ਸਿੰਘ ਜਿਸ ਨੂੰ ਅਸੀਂ ਸਾਰੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਨਾਲ ਜਾਣਦੇ ਹਾਂ ਦੀ ਹਰ ਯੁੱਧ ਅਤੇ ਹਰ ਮੁਹਿੰਮ ਵਿਚ ਸਹਾਇਤਾ ਕੀਤੀ। ਸਰਹੰਦ ਨੂੰ ਫ਼ਤਿਹ ਕਰਨ ਸਮੇਂ ਦਿਖਾਏ ਜੌਹਰ ਕਾਰਨ ਬਾਬਾ ਦੀਪ ਸਿੰਘ ਜੀ ਨੂੰ ਸ਼ਹੀਦ ਦਾ ਖ਼ਿਤਾਬ ਮਿਲਿਆ। ਜਦ ਬੰਦਾ ਸਿੰਘ ਬਹਾਦਰ ਅਨੰਦਪੁਰ ਸਾਹਿਬ ਆਏ ਤਾਂ ਬਾਬਾ ਜੀ ਵੀ ਉਨ੍ਹਾਂ ਨਾਲ ਤਿੰਨ ਮਹੀਨੇ ਰਹੇ। ਦੋਨੋਂ ਵਕਤ ਦੀਵਾਨ ਸਜਾਉਂਦੇ ਰਹੇ। ਬਾਬਾ ਬੰਦਾ ਸਿੰਘ ਬਹਾਦਰ ਬਾਬਾ ਜੀ ਦਾ ਬਹੁਤ ਸਤਿਕਾਰ ਕਰਿਆ ਕਰਦੇ ਸਨ।

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ 1716 ਈ: ਤੋਂ ਬਾਅਦ ਜਦ ਬੰਦਈ ਖ਼ਾਲਸਾ ਅਤੇ ਤੱਤ ਖ਼ਾਲਸੇ ਦਾ ਝਗੜਾ ਬਹੁਤ ਵਧ ਗਿਆ ਤਾਂ ਬਾਬਾ ਦੀਪ ਸਿੰਘ ਜੀ ਅਤੇ ਭਾਈ ਮਨੀ ਸਿੰਘ ਜੀ ਨੇ ਕਿਹਾ ਫ਼ੈਸਲਾ ਗੁਰੂ 'ਤੇ ਛੱਡ ਦਿਓ। ਦੋਹਾਂ ਧਿਰਾਂ ਨੇ ਤਜਵੀਜ਼ ਮੰਨ ਲਈ ਤੇ ਇਕ ਪਰਚੀ 'ਤੇ ਵਾਹਿਗੁਰੂ ਜੀ ਕਾ ਖੋਸਾ ਵਾਹਿਗੁਰੂ ਜੀ ਕੀ ਫ਼ਤਿਹ ਅਤੇ ਦੂਜੀ 'ਤੇ ਫ਼ਤਿਹ ਦਰਸ਼ਨ ਲਿਖ ਗੁਰੂ ਅੱਗੇ ਅਰਦਾਸ ਕਰਦਿਆਂ ਅੰਮ੍ਰਿਤ ਸਰੋਵਰ 'ਚ ਪਰਚੀਆਂ ਪਾ ਕੇ ਝਗੜਾ ਨਿਬੇੜਿਆ। ਇਸ ਸਮੇਂ ਦੇ 11 ਸਾਲਾਂ ਦੌਰਾਨ ਬਾਬਾ ਦੀਪ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਬੀੜਾਂ ਦਾ ਆਪਣੇ ਹੱਥੀਂ ਉਤਾਰਾ ਕੀਤਾ ਅਤੇ ਤਖ਼ਤ ਸਾਹਿਬਾਨਾਂ



'ਤੇ ਸੁਸ਼ੋਭਿਤ ਕਰਾਏ। ਆਪ ਜੀ ਅਰਬੀ ਫ਼ਾਰਸੀ ਦੇ ਵੀ ਵਿਦਵਾਨ ਸਨ ਸੋ ਆਪ ਜੀ ਨੇ ਅਰਬੀ ਭਾਸ਼ਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਉਤਾਰਾ ਕਰ ਕੇ ਅਰਬ ਦੇਸ਼ 'ਚ ਭਿਜਵਾਇਆ। ਅਰਬ ਦੇਸ਼ ਦੇ ਲੋਕ ਉਸ ਬੀੜ ਦਾ ਬਹੁਤ ਸਤਿਕਾਰ ਕਰਿਆ ਕਰਦੇ ਹਨ।

ਜਦ 1733 'ਚ ਜ਼ਕਰੀਆ ਖ਼ਾਨ ਵੱਲੋਂ ਦਿਲੀ ਦੇ ਬਾਦਸ਼ਾਹ ਦੀ ਮਨਜ਼ੂਰੀ ਨਾਲ ਸਿੰਘਾਂ ਨਾਲ ਸੁਲਾਹ ਕਰਨ ਲਈ ਭਾਈ ਸੁਬੇਗ ਸਿੰਘ ਰਾਹੀਂ ਨਵਾਬੀ ਦੀ ਖਿੱਲਤ ( ਪੁਸ਼ਾਕ) ਅੰਮ੍ਰਿਤਸਰ ਭੇਜਿਆ ਗਿਆ , ਤਾਂ ਪੰਥ ਨੇ ਫ਼ੈਸਲਾ ਲੈ ਕੇ ਉਸ ਵਕਤ ਸੰਗਤਾਂ ਨੂੰ ਪੱਖਾ ਝੱਲ ਰਹੇ ਪੰਥ ਦੇ ਮਹਾਨ ਸੇਵਾਦਾਰ ਨਵਾਬ ਕਪੂਰ ਸਿੰਘ ਫੈਜਲਪੁਰੀਆ ਜੋ ਖ਼ਾਲਸੇ ਦੇ ਘੋੜਿਆਂ ਸੇਵਾ ਕਰਿਆ ਕਰਦੇ ਸਨ, ਨੂੰ ਨਵਾਬੀ ਦਿੱਤੀ ਗਈ, ਉਨ੍ਹਾਂ ਦੀ ਸ਼ਰਤ ਮੁਤਾਬਿਕ ਨਵਾਬੀ ਭੇਟਾ ਨੂੰ ਜਿਨ੍ਹਾਂ ਪੰਜ ਪਿਆਰਿਆਂ ਦੇ ਚਰਨਾਂ ਨਾਲ ਛੁਹਾਇਆ ਗਿਆ ਉਨ੍ਹਾਂ 'ਚ ਬਾਬਾ ਦੀਪ ਸਿੰਘ ਜੀ ਤੋਂ ਇਲਾਵਾ ਭਾਈ ਕਰਮ ਸਿੰਘ ਕਰਤਾਰਪੁਰ ਵਾਲੇ, ਭਾਈ ਹੀਰਾ ਸਿੰਘ ਹਜ਼ੂਰੀਆ, ਭਾਈ ਬੁੱਧ ਸਿੰਘ ਸੁਕਰਚੱਕੀਆ ( ਮਹਾਰਾਜਾ ਰਣਜੀਤ ਸਿੰਘ ਦਾ ਪੜਦਾਦਾ) ਤੇ ਭਾਈ ਜੱਸਾ ਸਿੰਘ ਰਾਮਗੜ੍ਹੀਆ ਵੀ ਸ਼ਾਮਿਲ ਸਨ। ਇਹ ਸਮਝੌਤਾ 1735 ਤਕ ਰਿਹਾ। ਉਪਰੰਤ ਸਿੰਘਾਂ ਨੂੰ ਅੰਮ੍ਰਿਤਸਰ ਛੱਡਣਾ ਪਿਆ। ਇਸੇ ਦੌਰਾਨ ਭਾਈ ਮਨੀ ਸਿੰਘ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ।

ਜਥੇਦਾਰ ਦੀਵਾਨ ਦਰਬਾਰਾ ਸਿੰਘ ਜੀ ਦੇ ਸੱਚਖੰਡ ਪਿਆਨੇ ਤੋਂ ਬਾਅਦ 1734 ਈ: 'ਚ ਸਮੇਂ ਦੀ ਲੋੜ ਮੁਤਾਬਿਕ ਤਰਨਾ ਦਲ ਅਤੇ ਬੁੱਢਾ ਦਲ ਦੇ ਰੂਪ 'ਚ ਜਥੇ ਬਣਾਏ ਗਏ। ਤਰਨਾ ਦਲ ਪੰਚ ਹਿੱਸਿਆਂ 'ਚ ਵੰਡਿਆ ਗਿਆ। ਇਕ ਜਥੇ ਦਾ ਜਥੇਦਾਰ ਬਾਬਾ ਦੀਪ ਸਿੰਘ ਜੀ ਨੂੰ ਬਣਾਇਆ ਗਿਆ ਜਿਸ ਦੇ ਜਥੇ 'ਚ 2 ਹਜ਼ਾਰ ਘੋੜ ਸਵਾਰ ਹਰ ਸਮੇਂ ਤਿਆਰ ਭਰ ਤਿਆਰ ਰਹਿੰਦੇ ਸਨ।

ਜਦ 1740 'ਚ ਮਸੇ ਰੰਘੜ ਵੱਲੋਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੀ ਗਈ ਤਾਂ ਬਾਬਾ ਜੀ ਦੇ ਜਥੇ ਦੇ ਜਥੇਦਾਰ ਬਾਬਾ ਬੁੱਢਾ ਸਿੰਘ ਦੇ ਜਥੇ ਦੇ ਸਿੰਘ ਭਾਈ ਸੁਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਨੇ ਹੀ ਮਸੇ ਦਾ ਸਿਰ ਵੱਢ ਕੇ ਬਾਬਾ ਜੀ ਅੱਗੇ ਲਿਆ ਪੇਸ਼ ਕੀਤਾ।

1748 'ਚ ਅੰਮ੍ਰਿਤਸਰ ਵਿਖੇ ਸਰਬੱਤ ਖ਼ਾਲਸਾ ਵਿਚ ਸਿੱਖਾਂ ਦੇ ਵੱਖ ਵੱਖ 65 ਵੱਡੇ ਛੋਟੇ ਜਥਿਆਂ ਨੂੰ 12 ਵੱਡੇ ਜਥਿਆਂ - ਮਿਸਲਾਂ ਵਿਚ ਸੰਗਠਿਤ ਕਰ ਦਿੱਤਾ ਗਿਆ ਤੇ ਰਾਖੀ ਪ੍ਰਣਾਲੀ ਲਾਗੂ ਕਰ ਦਿੱਤੀ ਗਈ। ਜਿਸ ਤਹਿਤ ਸਿੰਘਾਂ ਦੇ ਜਥੇ ਰਾਖੀ ਵਾਲੇ ਪਿੰਡਾਂ ਦੀ ਜਾਨ ਮਾਲ ਦੀ ਰਾਖੀ ਕਰਿਆ ਕਰਦੇ ਸਨ। ਮਿਸਲ ਸ਼ਹੀਦਾਂ ਦੇ ਪ੍ਰਥਮ ਮੁਖੀ ਬਾਬਾ ਦੀਪ ਸਿੰਘ ਜੀ ਨੂੰ ਬਣਾਇਆ ਗਿਆ।

18 ਵੀਂ ਸਦੀ ਦੌਰਾਨ ਵਿਦੇਸ਼ੀ ਹਮਲਾਵਰ ਅਫ਼ਗ਼ਾਨ ਧਾੜਵੀਆਂ ਨੇ ਭਾਰਤ ਨੂੰ ਖ਼ੂਬ ਲੁੱਟਿਆ । ਉਸ ਸਮੇਂ ਸਿੱਖ ਹੀ ਸਨ ਜਿਨ੍ਹਾਂ ਨੇ ਇਨ੍ਹਾਂ ਅਫ਼ਗ਼ਾਨ ਧਾੜਵੀਆਂ ਦਾ ਮੁਕਾਬਲਾ ਕਰਦਿਆਂ ਭਾਰਤ ਦਾ ਲੁੱਟਿਆ ਬਹੁ-ਕੀਮਤੀ ਮਾਲ-ਅਸਬਾਬ ਹੀ ਨਾ ਕੇਵਲ ਵਾਪਸ ਖੋਹ ਲਿਆ ਜਾਂਦਾ ਰਿਹਾ । ਸਗੋਂ ਗ਼ਜ਼ਨੀ ਦੇ ਬਜ਼ਾਰਾਂ 'ਚ ਮੁੱਲ ਵੱਟਣ ਲਈ ਲੈ ਜਾਈਆਂ ਜਾ ਰਹੀਆਂ ਹਿੰਦ ਦੀਆਂ ਬਹੂ ਬੇਟੀਆਂ ਨੂੰ ਅਫ਼ਗ਼ਾਨੀਆਂ ਤੋਂ ਛੁਡਵਾ ਕੇ ਘਰੋ-ਘਰੀਂ ਭੇਜੀਆਂ ਜਾਂਦੀਆਂ ਰਹੀਆਂ।

1757 ਵਿਚ ਜਦੋਂ ਅਹਿਮਦ ਸ਼ਾਹ ਅਬਦਾਲੀ ਦਿੱਲੀ, ਆਗਰਾ, ਮਥੁਰਾ ਤੋਂ ਲੁੱਟ-ਮਾਰ ਦੀ ਧਨ ਦੌਲਤ ਅਤੇ ਬੇਕਸੂਰ ਨੌਜਵਾਨ ਲੜਕੀਆਂ ਨੂੰ ਬੰਦੀ ਬਣਾ ਕੇ ਅਫ਼ਗ਼ਾਨਿਸਤਾਨ ਲਿਜਾ ਰਿਹਾ ਸੀ ਤਾਂ ਬਾਬਾ ਦੀਪ ਸਿੰਘ ਜੀ ਦੇ ਜਥੇ ਨੇ ਹਮਲਾ ਬੋਲ ਕੇ ਲੁੱਟਿਆ ਹੋਇਆ ਖ਼ਜ਼ਾਨਾ ਅਤੇ ਲੜਕੀਆਂ ਨੂੰ ਛਡਾ ਲਿਆ। ਜਿਸ ਕਰਕੇ ਅਬਦਾਲੀ ਹੋਰ ਗ਼ੁੱਸੇ ਵਿਚ ਆ ਗਿਆ ਤੇ ਸਿਖਾ ਦਾ ਸਖ਼ਤ ਵਿਰੋਧੀ ਬਣ ਗਿਆ ਅਤੇ ਸਿੱਖਾਂ ਨੂੰ ਖ਼ਤਮ ਕਰਨ 'ਤੇ ਤੁੱਲ ਗਿਆ। ਉਸ ਨੇ ਬੇਟਾ ਤੈਮੂਰ ਨੂੰ ਲਾਹੌਰ ਦਾ ਗਵਰਨਰ ਬਣਾ ਦਿੱਤਾ ਅਤੇ ਜਨਰਲ ਜਹਾਨ ਖ਼ਾਨ ਅਧੀਨ 10000 ਫ਼ੌਜ ਛੱਡ ਕੇ ਆਪ ਵਾਪਸ ਕਾਬਲ ਚਲਾ ਗਿਆ ਅਤੇ ਫ਼ਰਮਾਨ ਜਾਰੀ ਕਰ ਦਿੱਤਾ ਕਿ ਅੰਮ੍ਰਿਤਸਰ ਸ਼ਹਿਰ ਤੇ ਦਰਬਾਰ ਸਾਹਿਬ ਦੋਹਾਂ ਨੂੰ ਤਹਿਸ-ਨਹਿਸ ਕਰ ਦਿੱਤਾ ਜਾਵੇ। ਹੁਕਮ ਦੀ ਤਾਮੀਲ ਹੁੰਦਿਆਂ ਹੀ ਹਰਮਿੰਦਰ ਸਾਹਿਬ ਦੀ ਬੇਅਦਬੀ ਸ਼ੁਰੂ ਹੋ ਗਈ। ਖ਼ਬਰ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਨਿਵਾਸ ਕਰ ਰਹੇ ਬਾਬਾ ਦੀਪ ਸਿੰਘ ਜੀ ਨੂੰ ਮਿਲੀ ਤਾਂ ਉਹ ਕਰੋਧ ਵਿਚ ਆ ਗਏ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤਰਤਾ ਭੰਗ ਕਰਨ ਵਾਲਿਆਂ ਨਾਲ ਟੱਕਰ ਲੈਣ ਦਾ ਫ਼ੈਸਲਾ ਕੀਤਾ ਅਤੇ ਆਸ-ਪਾਸ ਦੇ ਨਗਰਾਂ ਅਤੇ ਸਿੰਘਾਂ ਦੇ ਟਿਕਾਣਿਆਂ 'ਤੇ ਇਤਲਾਹ ਦਿੱਤੀ। ਜਿੱਥੋਂ ਅਨੇਕਾਂ ਸਿੰਘ ਬਾਬਾ ਜੀ ਦੀ ਅਗਵਾਈ ਵਿਚ ਧਰਮ ਹੇਤ ਸੀਸ ਦੇਣ ਲਈ ਹਾਜ਼ਰ ਹੋਏ। ਬਾਬਾ ਜੀ ਨੇ ਅਖੰਡ ਪਾਠ ਕਰਾਇਆ ਅਤੇ ਨਗਾਰਿਆਂ 'ਤੇ ਚੋਟਾਂ ਲਾ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਾਲੇ ਪਾ ਦੇਣ ਦਾ ਹੁਕਮ ਕੀਤਾ।

ਇਸ ਤਰ੍ਹਾਂ ਦਲ ਖ਼ਾਲਸਾ ਦੀ ਗਿਣਤੀ ਕਾਫ਼ੀ ਹੋ ਗਈ ਸੀ। ਹਰੀਕੇ ਪੱਤਣ ਤੋਂ ਬਿਆਸ ਦਰਿਆ ਪਾਰ ਕਰਕੇ ਸਿੰਘਾਂ ਦਾ ਜਥਾ ਮਾਝੇ ਦੇ ਇਲਾਕੇ ਵਿਚ ਦਾਖਲ ਹੋਇਆ। ਤਰਨਤਾਰਨ ਸਾਹਿਬ ਦੇ ਪਾਵਨ ਅਸਥਾਨ 'ਤੇ ਪਹੁੰਚ ਕੇ ਸਿੰਘਾਂ ਅਤੇ ਬਾਬਾ ਜੀ ਦੀਪ ਸਿੰਘ ਨੇ ਸਣੇ ਕੇਸੀਂ ਇਸ਼ਨਾਨ ਕੀਤਾ। ਘੋੜਿਆਂ ਨੂੰ ਵੀ ਖ਼ੁਰਕ ਦਿੱਤੀ ਗਈ। ਕੜਾਹ ਪ੍ਰਸਾਦਿ ਲੈ ਕੇ ਸੇਵਕਾਂ ਦੀ ਭੇਟਾ ਗੁਰੂ ਚਰਨਾਂ 'ਚ ਪਰਵਾਨ ਹੋਣ ਦੀ ਅਰਦਾਸ ਕੀਤੀ ਗਈ। ਕਿ, ਜਿੰਨਾ ਚਿਰ ਹਰਿਮੰਦਰ ਸਾਹਿਬ ਨੂੰ ਅਜ਼ਾਦ ਨਹੀਂ ਕਰਵਾ ਲੈ ਦੇ ਸ਼ਹੀਦੀ ਨਹੀਂ ਪਾਵਾਂਗਾ।

"ਮੁਹਿ ਮਰਨੇ ਕਾ ਚਾਉ ਹੈ, ਮਰਉ ਤ ਹਰਿ ਕੈ ਦੁਆਰ।"

ਬਾਬਾ ਦੀਪ ਸਿੰਘ ਜੀ ਕੇਸਰੀ ਰੰਗ ਦਾ ਪੁਸ਼ਾਕ ਪਹਿਨਿਆ। ਸਾਰੇ ਸ਼ਸਤਰ ਸਰੀਰ 'ਤੇ ਸਜਾ ਲਏ। ਦੋ ਧਾਰਾ ਖੰਡਾ ਹੱਥ 'ਚ ਪਕੜਿਆ। ਸ਼ਹਿਰ ਤੋਂ ਬਾਹਰ ਆ ਕੇ ਬਾਬਾ ਦੀਪ ਸਿੰਘ ਜੀ ਨੇ ਯੋਧਿਆਂ ਦੀ ਪਰਖ ਕਰਨ ਲਈ ਇੱਕ ਲਕੀਰ ਖਿੱਚੀ ਅਤੇ ਕਿਹਾ ਕਿ ਗੁਰੂ ਮਹਾਰਾਜ ਦੇ ਸਤਿਕਾਰ ਖ਼ਾਤਰ ਲੜ ਕੇ ਸ਼ਹੀਦੀ ਪਾਉਣ ਲਈ ਜਿਹੜਾ ਵੀ ਸਿੰਘ ਤਿਆਰ ਹੈ, ਉਹ ਇਸ ਲਕੀਰ ਨੂੰ ਪਾਰ ਕਰੇ, ਜੋ ਕੋਈ ਸ਼ਹੀਦ ਨਹੀਂ ਹੋਣਾ ਚਾਹੁੰਦਾ ਉਹ ਵਾਪਸ ਚੱਲਿਆ ਜਾਵੇ। ਇਸ ਵਕਤ ਬਾਬਾ ਜੀ ਨਾਲ ਅਨੇਕਾਂ ਮਝੈਲ ਵੀ ਆਣ ਮਿਲੇ ਸਨ, ਸਾਰੇ ਸਿੰਘ ਜੈਕਾਰੇ ਗਜਾਉਂਦੇ ਨਗਾਰਿਆਂ 'ਤੇ ਚੋਟਾਂ ਲਾਉਂਦੇ ਹੋਏ ਲਕੀਰ ਟੱਪ ਕੇ ਅੰਮ੍ਰਿਤਸਰ ਵੱਲ ਕੂਚ ਕਰਨਾ ਸ਼ੁਰੂ ਕੀਤਾ। ਸਿੰਘਾਂ ਦੀ ਚੜ੍ਹਾਈ ਬਾਰੇ ਅਫ਼ਗ਼ਾਨੀਆਂ ਨੂੰ ਖ਼ਬਰ ਮਿਲ ਚੁੱਕੀ ਸੀ। ਉਸ ਵਕਤ ਅੰਮ੍ਰਿਤਸਰ ਸ਼ਹਿਰ ਦੇ ਇੰਚਾਰਜ ਜਹਾਨ ਖ਼ਾਨ ਸਿੰਘਾਂ ਦਾ ਟਾਕਰਾ ਕਰਨ ਲਈ 20 ਹਜ਼ਾਰ ਦੀ ਫ਼ੌਜ ਲੈ ਕੇ ਗੋਹਲਵੜ ਪਿੰਡ ਕੋਲ ਪਹੁੰਚਿਆ। ਬਾਬਾ ਜੀ ਨੇ ਜਥੇ ਦੇ ਸਿੰਘਾਂ ਨਾਲ ਦੁਸ਼ਮਣ ਫ਼ੌਜ ਨੂੰ ਲੜਾਈ ਲਈ ਲਲਕਾਰਿਆ। ਇਸ ਜਗ੍ਹਾ 'ਤੇ ਹੁਣ ਗੁਰਦੁਆਰਾ ਲਲਕਾਰ ਸਾਹਿਬ ਬਣਿਆ ਹੋਇਆ ਹੈ। ਸਿੰਘਾਂ ਅਤੇ ਅਫ਼ਗ਼ਾਨਾਂ ਦੀ ਜ਼ਬਰਦਸਤ ਟੱਕਰ ਹੋਈ। ਰਣ ਤੱਤੇ ਮੈਦਾਨ 'ਚ ਰਣ ਸਿੰਗਾਂ ਅਤੇ ਨਗਾਰਿਆਂ ਦੀ ਗੂੰਜ ਵਿਚ ਦੋਹਾਂ ਦਲਾਂ ਦੇ ਸੂਰਬੀਰ ਇਕ ਦੂਜੇ ਨੂੰ ਲਲਕਾਰ ਕੇ ਟੁੱਟ ਕੇ ਪੈ ਗਏ। ਬੇਖ਼ੌਫ ਵੀਰਤਾ ਨਾਲ ਭਰਪੂਰ ਕੋਈ ਵੀ ਇਕ ਵੀ ਪੈਰ ਪਿਛਾਂਹ ਖਿੱਚੇ ਨਹੀਂ । ਸਾਰਾ ਮੈਦਾਨ-ਏ -ਜੰਗ ਖ਼ੂਨ ਨਾਲ ਲੱਥ ਪਥ ਹੋ ਗਿਆ। ਸਰੀਰ ਲਹੂ ਲੁਹਾਨ, ਕੱਪੜੇ ਖ਼ੂਨ ਨਾਲ ਰੰਗੇ ਹੋਏ, ਜਿਵੇਂ ਹੋਲੀ ਖੇਡ ਰਹੇ ਹੋਣ, ਪਰ ਮੈਦਾਨ ਛੱਡਣਾ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਹੀ ਨਹੀਂ ਸੀ। ਫਿਰ ਅਫ਼ਗ਼ਾਨਾਂ ਦੇ ਪੈਰ ਉੱਖੜਨ ਲੱਗੇ ਤੇ ਸਿੰਘਾਂ ਦਾ ਟਾਕਰਾ ਨਾ ਕਰ ਸਕੇ। ਸਿੰਘ ਅਫ਼ਗ਼ਾਨਾਂ ਨੂੰ ਪਛਾੜ ਦੇ ਹੋਏ ਅੰਮ੍ਰਿਤਸਰ ਵਲ ਨੂੰ ਵਧ ਰਹੇ ਸਨ। ਇਤਨੇ ਨੂੰ ਜਹਾਨ ਖ਼ਾਨ ਦਾ ਸਹਾਇਕ ਅਤਾਈ ਖ਼ਾਨ ਆਪਣੀ ਭਾਰੀ ਫ਼ੌਜ ਲੈ ਕੇ ਆ ਗਿਆ, ਜਿਸ ਨਾਲ ਮੈਦਾਨ-ਏ-ਜੰਗ ਦਾ ਰੂਪ ਬਦਲ ਗਿਆ। ਇਸ ਘਮਸਾਣ ਦੀ ਜੰਗ ਅੰਦਰ ਸਿੱਖਾਂ ਦਾ ਭਾਰੀ ਜਾਨੀ ਨੁਕਸਾਨ ਹੋਣਾ ਸ਼ੁਰੂ ਹੋ ਗਿਆ। ਸਿੰਘ ਇਕ-ਇਕ ਕਰਕੇ ਸ਼ਹੀਦ ਹੋਣ ਲੱਗੇ। ਜੰਗ ਦਾ ਮੈਦਾਨ ਤਿੰਨ ਕੋਹਾਂ ਵਿਚ ਫੈਲ ਚੁੱਕਿਆ ਸੀ। ਸਾਰਾ ਮੈਦਾਨ ਖ਼ੂਨ ਨਾਲ ਲੱਥ ਪਥ ਹੋ ਚੁਕਾ ਸੀ । ਬਾਬਾ ਜੀ ਅਤੇ ਸਿੰਘ ਵੀ ਤਬਾਹੀ ਮਚਾ ਰਹੇ ਸਨ। ਪੰਜ ਹਜ਼ਾਰੀ ਫ਼ੌਜ ਦਾ ਮਾਲਕ ਅਮੀਰ ਜਾਨ ਖ਼ਾਨ ਹਾਥੀ ਉੱਤੋਂ ਲੜਦਾ ਅਤੇ ਆਪਣੀ ਫ਼ੌਜ ਨੂੰ ਕਮਾਂਡ ਦੇ ਰਿਹਾ ਸੀ। ਉਸ ਵਕਤ ਪੰਜ ਸੌ ਸਿੰਘਾਂ ਦੇ ਜਥੇ ਨਾਲ ਆਪਣਾ ਜੰਗੀ ਜੌਹਰ ਦਿਖਾ ਰਹੇ ਭਾਈ ਦਿਆਲ ਸਿੰਘ ਨੇ ਘੋੜੇ ਦਾ ਪੌੜ ਜਾਨ ਖ਼ਾਨ ਦੇ ਹਾਥੀ ਦੇ ਮੱਥੇ 'ਤੇ ਰਖਾ ਕੇ ਤਲਵਾਰ ਦੇ ਵਾਰ ਨਾਲ ਅਮੀਰ ਜਾਨ ਖ਼ਾਨ ਦਾ ਸਿਰ ਲਾਹ ਦਿੱਤਾ। ਅਯੂਬ ਖਾਂ ਦਿਆਲ ਸਿੰਘ ਦੀ ਫ਼ੁਰਤੀ ਅਤੇ ਬਹਾਦਰੀ ਦੇਖ ਰਿਹਾ ਸੀ। ਇੰਨੇ ਨੂੰ ਅਮਾਨ ਖਾਂ, ਯਕੂਬ ਖਾਂ ਤੇ ਹੋਰ ਅਫ਼ਗਾਨੀ ਜਰਨੈਲ ਵੀ ਲਾਹੌਰ ਤੋਂ ਮੈਦਾਨ ਏ ਜੰਗ ਵਿਚ ਅੱਪੜ ਗਏ। ਸਿੰਘ ਪਠਾਣਾਂ ਦੇ ਹੰਕਾਰ ਦੂਰ ਕਰ ਰਹੇ ਸਨ। ਸਿੰਘਾਂ ਨੂੰ ਅੱਗੇ ਵਧਦਾ ਦੇਖ ਅਬਦਾਲੀਆਂ ਨੇ ਗਊਆਂ ਲਿਆ ਖੜੀਆਂ ਕੀਤੀਆਂ। ਬਾਬਾ ਦੀਪ ਸਿੰਘ ਜੀ ਦੇ ਆਦੇਸ਼ 'ਤੇ ਸਿੰਘਾਂ ਨੇ ਤੀਰ ਅਤੇ ਬੰਦੂਕਾਂ ਛੱਡ ਕੇ ਤਲਵਾਰਾਂ ਸੂਤ ਲਈਆਂ। ਉਸ ਵਕਤ ਯਕੂਬ ਖਾਂ ਨੇ ਬਾਬਾ ਦੀਪ ਸਿੰਘ ਨੂੰ ਯੁੱਧ ਲਈ ਵੰਗਾਰਿਆ। ਦੋਹਾਂ 'ਚ ਜ਼ਬਰਦਸਤ ਜੰਗ ਹੋਈ। ਦੋਹਾਂ ਦੇ ਘੋੜੇ ਮਾਰੇ ਗਏ। ਫਿਰ ਹੱਥੋਂ ਪਾਈ ਹੋ ਕੇ ਲੜੇ, ਬਾਬਾ ਦੀਪ ਸਿੰਘ ਜੀ ਨੇ ਗੁਰਜ ਦਾ ਵਾਰ ਕਰਦਿਆਂ ਯਕੂਬ ਖਾਂ ਦਾ ਸਿਰ ਸਣੇ ਫ਼ੌਲਾਦੀ ਟੋਪ ਚੂਰ-ਚੂਰ ਕਰ ਦਿੱਤਾ। ਅਫ਼ਗਾਨੀ ਸਿੰਘਾਂ ਦੇ ਕਰਤਬ ਦੇਖ ਅਸ਼ ਅਸ਼ ਕਰ ਉੱਠੇ। ਇੱਥੇ ਹੀ ਅਫ਼ਗ਼ਾਨ ਕਮਾਂਡਰ ਜਹਾਨ ਖ਼ਾਨ ( ਗਿਆਨੀ ਗਿਆਨ ਸਿੰਘ ਅਨੁਸਾਰ ਅਮਾਨ ਖ਼ਾਨ) ਨੇ ਵੀ ਬਾਬਾ ਦੀਪ ਸਿੰਘ ਨਾਲ ਦਵੰਦ ਯੁੱਧ ਦੀ ਇੱਛਾ ਜਤਾਈ। ਬਾਬਾ ਦੀਪ ਸਿੰਘ ਨੇ ਉਸ ਨਾਲ ਦਵੰਦ ਯੁੱਧ ਕੀਤਾ। ਜਿੱਥੇ ਦੋਹਾਂ ਦੇ ਘੋੜੇ ਮਾਰੇ ਗਏ ਅਤੇ ਸੰਜੋਅ ਵੀ ਟੁੱਟ ਗਈਆਂ। ਅਖੀਰ ਦੋਹਾਂ ਦੇ ਆਪਸ ਵਿਚੀਂ ਸਾਂਝੇ ਵਾਰ ਨਾਲ ਦੋਹਾਂ ਦੇ ਸੀਸ ਲੱਥ ਗਏ।

'ਚਲੀ ਤੇਗ ਅਤਿ ਬੇਗ ਸੈਂ, ਦੁਹੂੰ ਕੇਰ ਬਲ-ਵਾਰ।।
ਉਤਰ ਗਏ ਸਿਰ ਦੁਹੂੰ ਕੇ, ਪਰਸ-ਪਰੈਂ ਇਕ ਸਾਰ।।"

ਬਾਬਾ ਜੀ ਦਾ ਸੀਸ ਧੜ ਤੋਂ ਅਲੱਗ ਹੋ ਜਾਣ ਸਦਕਾ ਸਰੀਰ ਜ਼ਮੀਨ 'ਤੇ ਡਿੱਗ ਪਿਆ। ਇਹ ਕੌਤਕ ਦੇਖ ਇਕ ਸਿੰਘ ਨੇ ਹੱਥ ਜੋੜ ਕੇ ਬਾਬਾ ਜੀ ਨੂੰ ਬੇਨਤੀ ਕੀਤੀ, ਕਿ ਬਾਬਾ ਜੀ ਤੁਸਾਂ ਅਰਦਾਸ ਕੀਤੀ ਸੀ ਸੀਸ ਸੁਧਾਸਰ ਜਾ ਕੇ ਗੁਰੂ ਦੇ ਚਰਨਾਂ 'ਚ ਭੇਟ ਕਰਨਾ ਹੈ। ਇਹ ਹੁਣ ਕੀ ਭਾਣਾ ਵਰਤਾਇਆ ਜੇ ? ਸੁਧਾਸਰ ਇੱਥੋਂ ਦੋ ਕੋਹ ਦੂਰ ਹੈ।

"ਢਿਗ ਤੈ ਏਕ ਸਿੰਘ ਪਿਖਿ ਕਹਯੋ। ਪਰਣ ਤੁਮਾਰਾ ਦੀਪ ਸਿੰਘ ਰਹਯੋ।
ਗੁਰਪੁਰਿ ਜਾਇ ਸੀਸ ਮੈਂ ਦੈਹੋਂ। ਸੋ ਤੇ ਦੋਇ ਕੋਸ ਇਸ ਠੈਹੋਂ।'।

ਫੇਰ ਕੀ ਸੀ ਬਚਨ ਕੇ ਬਲੀ ਸੂਰਬੀਰ ਯੋਧੇ ਬਾਬਾ ਜੀ ਦਾ ਧੜ ਹਰਕਤ ਵਿਚ ਆਇਆ ਅਤੇ ਉਨ੍ਹਾਂ ਆਪਣਾ ਪਾਵਨ ਸੀਸ ਖੱਬੇ ਹੱਥ 'ਤੇ ਧਰ ਕੇ ਸਜੇ ਹੱਥ ਨਾਲ ਤਿੱਖਾ ਖੰਡਾ ਵਾਹੁੰਦੇ ਹੋਏ ਲੜਦੇ ਗਏ। ਗੋਲੀਆਂ, ਤਲਵਾਰਾਂ ਦੀ ਖਣਕ ਅਤੇ ਜੈਕਾਰਿਆਂ ਦੀ ਗੂੰਜ 'ਚ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਡਲੇ, ਸ਼ਸਤਰ ਤੇ ਸ਼ਾਸਤਰ ਦਾ ਸੁਮੇਲ, 75 ਸਾਲਾਂ ਦੇ ਬੁੱਢਾ ਜਰਨੈਲ ਜਥੇਦਾਰ ਬਾਬਾ ਦੀਪ ਸਿੰਘ ਜੀ ਸ਼ਹੀਦ ਖੱਬੇ ਹੱਥ ਦੀ ਹਥੇਲੀ 'ਤੇ ਸੀਸ ਟਿਕਾਈ ਦੁਸ਼ਮਣਾਂ ਦੀ ਆਹੂ ਲਾਹ ਕੇ ਜਮਪੁਰੀ ਪਹੁੰਚਾ ਰਿਹਾ ਤੇ ਪਿੱਛੇ ਗੁਰੂ ਕੇ ਸਿੰਘ ਰਣ ਸਿੰਗਾ ਵਜਾਉਂਦੇ ਹੋਏ ਪੂਰੇ ਜੌਹਰ ਨਾਲ ਲੜਦੇ ਹਨ। ਸਿੰਘਾਂ ਦੇ ਧੜ ਸਿਰਾਂ ਤੋਂ ਬਿਨਾ ਲੜਨ ਦੀ ਇਸ ਅਸਚਰਜਤਾ ਅਤੇ ਅਜਿਹੇ ਅਲੋਕਾਰ ਅਲੌਕਿਕ ਦ੍ਰਿਸ਼ ਨੂੰ ਦੇਖ ਕੇ ਸਾਰੀ ਤੁਰਕਾਂ ਦੀ ਅਫ਼ਗਾਨੀ ਫ਼ੌਜ ਹੈਰਾਨ - ਪ੍ਰੇਸ਼ਾਨ ਅਤੇ ਭੈ-ਭੀਤ ਹੋ ਨੱਠਣਾ ਸ਼ੁਰੂ ਕਰ ਦਿੱਤਾ। ਇਸ ਤਰ੍ਹਾਂ ਇਸ ਘਮਸਾਣ ਦੀ ਜੰਗ ਅੰਦਰ ਅਫ਼ਗ਼ਾਨ ਜਰਨੈਲਾਂ ਦੇ ਮਾਰੇ ਜਾਣ ਤੇ ਬਾਬਾ ਜੀ ਵੱਲੋਂ ਕਈ ਪਠਾਣ ਤੇ ਅਫ਼ਗਾਨੀਆਂ ਨੂੰ ਮਾਰ ਮੁਕਾਏ ਜਾਣ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਟੁੱਟ ਗਏ । ਬਾਬਾ ਦੀਪ ਸਿੰਘ ਜੀ ਲੜਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾ ਤਕ ਜਾ ਪਹੁੰਚੇ। ਸਿੰਘਾਂ ਨੇ ਜਿੱਤ ਦੇ ਜੈਕਾਰੇ ਗੁੰਜਾਏ, ਬਾਬਾ ਜੀ ਨੇ ਸੀਸ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ 'ਚ ਭੇਟ ਕਰਦਿਆਂ ਸੱਚਖੰਡ ਨੂੰ ਪਿਆਨਾ ਕੀਤਾ। ਇਸ ਤਰ੍ਹਾਂ ਇਹ ਸਾਰਾ ਕੌਤਕ ਅਕਾਲ ਪੁਰਖ ਜੀ ਨੇ ਬਾਬਾ ਦੀਪ ਸਿੰਘ ਜੀ ਰਾਹੀਂ ਗੁਰਬਾਣੀ ਦੇ ਮਹਾਂਵਾਕ

**ਜਉ ਤਉ ਪ੍ਰੇਮ ਖੇਲਣ ਕਾ ਚਾਉ ਸਿਰੁ ਧਰਿ ਤਲੀ ਗਲੀ ਮੇਰੀ ਆਉ।**
**ਇਤੁ ਮਾਰਗਿ ਪੈਰੁ ਧਰੀਜੈ ਸਿਰ ਦੀਜੈ ਕਾਣਿ ਨ ਕੀਜੈ।**

ਨੂੰ ਅਮਲੀ ਰੂਪ 'ਚ ਸਿੱਧ ਕੀਤਾ।

ਇਸੇ ਤਰਾਂ ਉਨ੍ਹਾਂ ਦੇ ਸਾਥੀ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਦਾ ਜ਼ਾਲਮਾਂ ਤੋਂ ਬਦਲਾ ਲੈਂਦੇ ਹੋਏ ਅਤੇ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰ ਗਏ।

ਇਸ ਜੰਗ ਵਿੱਚ ਸਰਾਇ ਗੋਤ ਦਾ ਜੱਟ ਮਹਿਤ ਸਿੰਘ ਵੀ ਬਿਨ ਸੀਸ ਚਾਟੀਵਿੰਡ ਤਕ ਲੜਿਆ। "ਜੱਟ ਸਰਾਇ ਮਹਿਤ ਸਿੰਘ ਤਯੋਂ ਹੀ ... ਲਰਯੋ ਕਬੰਧ ਤਾਂਹਿ ਕਾ ਭਾਰਾ"। ਜਥੇਦਾਰ ਰਾਮ ਸਿੰਘ ਵੀ ਬਿਨਾ ਸੀਸ ਲੜਿਆ। "ਲਰਯੋ ਕਬੰਧ ਰਾਮ ਸਿੰਘ ਕੇਰਾ" ਬੀਸ ਹਜ਼ਾਰੀ ਜ਼ਬਰਦਸਤ ਖਾਂ ਨਾਲ ਭਾਈ ਬਲਵੰਤ ਸਿੰਘ ਨੇ ਅਤੇ ਇਸੇ ਤਰਾਂ ਕਈ ਹੋਰਨਾਂ ਨੇ ਵੀ ਦਵੰਦ ਯੁੱਧ ਕੀਤੇ। ਇਸ ਘਮਸਾਣ ਦੀ ਜੰਗ ਅੰਦਰ ਅਫ਼ਗ਼ਾਨ ਜਰਨੈਲਾਂ ਦੇ ਮਾਰੇ ਜਾਣ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਟੁੱਟ ਗਏ ।ਇੰਨੇ ਨੂੰ ਪਿੰਡ ਚੱਬੇ ਕੋਲ ਮੀਰ ਜਾਨ ਖਾਂ ਨੇ ਬਾਬੇ ਨੌਧ ਸਿੰਘ ਗਿੱਲ ਨੂੰ ਵੰਗਾਰਿਆ ਤਾਂ ਨੌਧ ਸਿੰਘ ਗਿੱਲ ਘੋੜਾ ਲੈ ਕੇ ਮੀਰ ਜਾਨ ਖਾਂ ਦੇ ਮੂਹਰੇ ਹੋ ਗਿਆ। ਲੜਾਈ 'ਚ ਦੋਹਾਂ ਦੇ ਘੋੜੇ ਢਿਗ ਪਏ, ਫਿਰ ਤਲਵਾਰਾਂ ਵੀ ਟੁੱਟ ਗਈਆਂ, ਸੰਜੋਆਂ ਅਤੇ ਢਾਲਾਂ ਵੀ ਟੁੱਟ ਗਈਆਂ, ਅਖੀਰ ਦੋਹਾਂ ਨੇ ਕਟਾਰਾਂ ਪਕੜ ਲਈਆਂ ਅਤੇ ਦੋਹਾਂ ਨੇ ਇੱਕੋ ਵਾਰ ਹੀ ਕਟਾਰਾਂ ਨੂੰ ਇਕ ਦੂਜੇ ਦੇ ਪੇਟ 'ਚ ਧਸਾ ਦਿੱਤੀਆਂ। ਬਾਬਾ ਨੌਧ ਸਿੰਘ ਜੀ ਜਿੱਥੇ ਸ਼ਹੀਦੀ ਪਾ ਗਏ ਉਸ ਥਾਂ ਤਰਨ ਤਾਰਨ ਰੋਡ 'ਤੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।

ਇਸੇ ਤਰਾਂ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ 'ਚ ਬਾਬਾ ਦੀਪ ਸਿੰਘ ਜੀ ਦੇ ਨਾਮਵਰ ਸਾਥੀ ਸਿੰਘਾਂ ਜਥੇਦਾਰ ਰਾਮ ਸਿੰਘ, ਜਥੇਦਾਰ ਸਜਣ ਸਿੰਘ, ਜਥੇਦਾਰ ਬਹਾਦਰ ਸਿੰਘ, ਜਥੇਦਾਰ ਹੀਰਾ ਸਿੰਘ, ਭਾਈ ਨਿਹਾਲ ਸਿੰਘ, ਭਾਈ ਸੰਤ ਸਿੰਘ, ਭਾਈ ਕੌਰ ਸਿੰਘ, ਭਾਈ ਸੁੱਧਾ ਸਿੰਘ, ਭਾਈ ਬਸੰਤ ਸਿੰਘ, ਭਾਈ ਬੀਰ ਸਿੰਘ, ਭਾਈ ਮੰਨਾ ਸਿੰਘ, ਭਾਈ ਹੀਰਾ ਸਿੰਘ, ਭਾਈ ਗੰਡਾ ਸਿੰਘ, ਭਾਈ ਲਹਿਣਾ ਸਿੰਘ, ਭਾਈ ਗੁਪਾਲ ਸਿੰਘ, ਭਾਈ ਰਣ ਸਿੰਘ, ਭਾਈ ਭਾਗ ਸਿੰਘ, ਭਾਈ ਨੱਥਾ ਸਿੰਘ,ਭਾਈ ਬਾਲ ਸਿੰਘ,ਭਾਈ ਤਾਰਾ ਸਿੰਘ ਕੰਗ ਦੇ ਨਾਮ ਗਿਆਨੀ ਗਿਆਨ ਸਿੰਘ ਨੇ ਗਿਣਵਾਏ ਹਨ। ਇਹ ਕਹਿਣਾ ਅਤਿਕਥਨੀ ਨਹੀਂ ਹੋਵੇਗਾ ਕਿ ਧਰਮ ਤੋਂ ਪ੍ਰੇਰਿਤ ਸਾਡੇ ਬਜ਼ੁਰਗਾਂ ਵੱਲੋਂ ਕੀਤੇ ਗਏ ਕਾਰਨਾਮੇ ਕੌਮਾਂ ਦੀ ਸਮੁੱਚੀ ਚੇਤਨਤਾ - ਸਿਮ੍ਰਿਤੀਆਂ ਦਾ ਹਿੱਸਾ ਹੋ ਕੇ ਆਉਣ ਵਾਲੀਆਂ ਪੀੜੀਆਂ ਲਈ ਪ੍ਰੇਰਣਾ ਸਰੋਤ ਹੋ ਨਿੱਬੜਦੀਆਂ ਹਨ।

ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਕਰਮਾ ਵਿਚ ਜਿੱਥੇ ਬਾਬਾ ਜੀ ਨੇ ਸੀਸ ਭੇਟ ਕੀਤਾ ਸੀ, ਉੱਥੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।ਤਰਨ ਤਾਰਨ ਵਾਲੀ ਸੜਕ 'ਤੇ ਜਿੱਥੇ ਪਾਪਾ ਜੀ ਦਾ ਸਸਕਾਰ ਕੀਤਾ ਗਿਆ ਉੱਥੇ ਗੁਰਦੁਆਰਾ ਸ਼ਹੀਦ ਗੰਜ ਅਤੇ ਜਿਸ ਅਸਥਾਨ 'ਤੇ ਬਾਬਾ ਜੀ ਦਾ ਸੀਸ ਧੜ ਨਾਲੋਂ ਅਲੱਗ ਹੋਇਆ ਸੀ ਇਸ ਅਸਥਾਨ 'ਤੇ ਬਹੁਤ ਵੱਡੇ ਆਕਾਰ ਦਾ ਟਾਹਲੇ ਦਾ ਰੁੱਖ ਹੋਣ ਕਰਕੇ ਉੱਥੇ ਹੁਣ ਸ਼ਾਨਦਾਰ ਅਤੇ ਅਤਿ ਸੁੰਦਰ ਗੁਰਦੁਆਰਾ 'ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ' ਸੁਸ਼ੋਭਿਤ ਹੈ। ਜਿਸ ਦੀ ਕਾਰਸੇਵਾ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵਾਲੇ ਕਰਵਾ ਰਹੇ ਹਨ। ਇੱਥੇ ਲੰਗਰ ਹਾਲ ਦੀ ਤਿੰਨ ਮੰਜ਼ਲੀ ਨਵੀਂ ਇਮਾਰਤ ਦੀ ਉਸਾਰੀ ਦੀ ਕਾਰ ਸੇਵਾ ਚੱਲ ਰਹੀ ਹੇ। ਇੱਥੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਮੱਥਾ ਟੇਕਣ, ਸੇਵਾ ਅਤੇ ਮੁਰਾਦਾਂ ਪਾਉਣ ਆਉਂਦੀਆਂ ਹਨ। ਜਦ ਕਿ ਐਤਵਾਰ ਨੂੰ ਚੁਪਹਿਰਾ ਗੁਰਮਤਿ ਸਮਾਗਮ 'ਚ ਅਣਗਿਣਤ ਸੰਗਤਾਂ ਦੀ ਆਮਦ ਨਾਲ ਗੁਰਦੁਆਰਾ ਟਾਹਲਾ ਸਾਹਿਬ ਅੱਜ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਦਾ ਕੇਂਦਰ ਬਣ ਚੁੱਕਿਆ ਹੈ। ਬਾਬਾ ਦੀਪ ਸਿੰਘ ਜੀ ਦਾ ਉਹ ਦੋ-ਧਾਰਾ ਖੰਡਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸ਼ਸਤਰਾਂ ਵਿਚ ਸੰਭਾਲ ਕੇ ਰੱਖਿਆ ਗਿਆ ਹੈ, ਜਿਸ ਦੇ ਹਰ ਰੋਜ਼ ਸ਼ਾਮ ਨੂੰ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਂਦੇ ਹਨ।15 ਨਵੰਬਰ ਨੂੰ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਹੇ।



-ਪ੍ਰੋ. ਸਰਚਾਂਦ ਸਿੰਘ ਖਿਆਲਾ











**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਖਾਲਸਾ ਕਾਲਜੀਏਟ ਮਹਿਤਾ ਦੇ ਵਿਦਿਆਰਥੀ

# ਇਤਿਹਾਸਿਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਨਤਮਸਤਕ



**ਚੌਕ ਮਹਿਤਾ,14 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਦੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਇਤਿਹਾਸਿਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਦਰਸ਼ਨ ਦੀਦਾਰੇ ਕਰਵਾਉਣ ਲਈ ਟੂਰ ਕਰਾਇਆ ਗਿਆ। ਅਜਿਹੇ ਸੁਨਹਿਰੇ ਮੌਕੇ ਤੇ ਵਿਦਿਆਰਥੀਆਂ ਨੇ ਗੁਰੂ ਤੇਗ ਬਹਾਦਰ ਜੀ ਨਾਲ ਸੰਬੰਧਿਤ ਧਾਰਮਿਕ ਸਥਾਨ ਸ਼੍ਰੀ ਭੋਰਾ ਸਾਹਿਬ, ਸ਼੍ਰੀ ਦਰਬਾਰ ਸਾਹਿਬ, ਸ਼੍ਰੀ ਸੀਸ ਮਹਿਲ ,ਸ੍ਰੀ ਮੰਜੀ ਸਾਹਿਬ ਆਦਿ ਗੁਰਧਾਮਾਂ ਦੇ ਦਰਸ਼ਨ ਕੀਤੇ। ਖਾਲਸਾ ਕਾਲਜੀਏਟ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨੂੰ ਅਜਾਇਬ ਘਰ ਦਿਖਾਉਂਦਿਆਂ ਸਿੱਖ ਧਰਮ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ। ਸਿੰਘਾਂ ਸਿੰਘਣੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਤੇ ਸਿੱਖ ਧਰਮ ਦੀ ਮਹਾਨਤਾ ਨੂੰ ਦੱਸਦਿਆਂ ਉਹਨਾਂ ਕਿਹਾ ਕਿ ਅਜਿਹੇ ਧਾਰਮਿਕ ਟੂਰਾਂ ਦੀ ਸਦਕਾ ਹੀ ਵਿਦਿਆਰਥੀ ਅੰਦਰ ਨੈਤਿਕਤਾ ,ਧਾਰਮਿਕਤਾ ਤੇ ਅਧਿਆਤਮਿਕਤਾ ਆਦਿ ਵਰਗੇ ਗੁਣ ਉਪਜਦੇ ਹਨ। ਜਿਸ ਕਰਕੇ ਮਨੁੱਖ ਇਸ ਘੋਰ ਕਲਯੁਗ ਵਿੱਚ ਨੇਕੀ, ਸੱਚਾਈ ,ਹਲੀਮੀ ਅਤੇ ਇਮਾਨਦਾਰੀ ਨਾਲ ਆਪਣੇ ਨਿਤ ਦੇ ਕਰਮਾਂ ਨੂੰ ਕਰਦਾ ਹੈ ਅਤੇ ਉਸਨੂੰ ਪਰਮੇਸ਼ਰ ਵੱਲੋਂ ਫਲ ਦੀ ਪ੍ਰਾਪਤੀ ਹੁੰਦੀ ਹੈ।

# ਡੈਂਗੂ ਤੇ ਵਾਰ ਹਰ ਸ਼ੁਕਰਵਾਰ-ਐਸ ਆਈ ਅਸ਼ੋਕ ਕੁਮਾਰ





**ਧੂਰੀ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਲੱਡਾਂ ਦੇ ਸਰਕਾਰੀ ਸਕੂਲਾਂ ਅਤੇ ਸਰਕਾਰੀ ਦਫਤਰਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚਿਕਨਗੁਨੀਆ ਅਤੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖ਼ਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਅਤੇ ਚਿਕਨਗੁਨੀਆ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਜਸਵਿੰਦਰ ਸਿੰਘ ਮ,ਪ,ਹ,ਵ (ਮ)ਹਾਜ਼ਰ ਸਨ।

# ਪੈਨਸ਼ਨਰ ਸੇਵਾ ਮੇਲੇ ਦਾ ਵਧੀਕ ਡਾਇਰੈਕਟਰ ਖ਼ਜ਼ਾਨਾ ਤੇ ਲੇਖਾ ਸਿਮਰਜੀਤ ਕੌਰ ਵੱਲੋਂ ਜਾਇਜ਼ਾ

## ਪੈਨਸ਼ਨਰ ਬਿਹਤਰ ਸੇਵਾਵਾਂ ਪ੍ਰਾਪਤ ਕਰਨ ਲਈ ਈ-ਕੇਵਾਈਸੀ ਜ਼ਰੂਰ ਕਰਵਾਉਣ : ਵਧੀਕ ਡਾਇਰੈਕਟਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਦੇ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਵਿਖੇ ਚੱਲ ਰਹੇ ਪੈਨਸ਼ਨਰ ਸੇਵਾ ਮੇਲੇ ਦਾ ਅੱਜ ਦੂਸਰੇ ਦਿਨ ਵੱਡੀ ਗਿਣਤੀ ਸੇਵਾ ਮੁਕਤ ਮੁਲਾਜ਼ਮਾਂ ਵੱਲੋਂ ਲਾਭ ਉਠਾਇਆ ਗਿਆ। ਇਸ ਮੌਕੇ ਵਧੀਕ ਡਾਇਰੈਕਟਰ ਖ਼ਜ਼ਾਨਾ ਤੇ ਲੇਖਾ, ਪੰਜਾਬ ਸ੍ਰੀਮਤੀ ਸਿਮਰਜੀਤ ਕੌਰ ਵੱਲੋਂ ਮੇਲੇ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜ ਕੇ ਪੈਨਸ਼ਨਰ ਸੇਵਾ ਮੇਲਾ ਦਾ ਜਾਇਜ਼ਾ ਲਿਆ ਗਿਆ ਅਤੇ ਮੇਲੇ ਵਿਚ ਈ-ਕੇਵਾਈਸੀ ਕਰਵਾਉਣ ਆਏ ਪੈਨਸ਼ਨਰਾਂ ਨਾਲ ਗੱਲਬਾਤ ਕੀਤੀ ਗਈ।ਇਸ ਮੌਕੇ ਡੀ.ਸੀ.ਐਫ.ਏ. ਪ੍ਰਵੀਨ ਗੁਪਤਾ ਤੇ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਪ੍ਰਦੀਪ ਕੁਮਾਰ ਵੀ ਮੌਜੂਦ ਸਨ। ਵਧੀਕ ਡਾਇਰੈਕਟਰ ਖ਼ਜ਼ਾਨਾ ਤੇ ਲੇਖਾ ਸ੍ਰੀਮਤੀ ਸਿਮਰਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਉੱਤੇ ਸੂਬੇ ਭਰ ਵਿੱਚ 13 ਤੋਂ 15 ਨਵੰਬਰ ਤੱਕ ਪੈਨਸ਼ਨਰ ਸੇਵਾ ਮੇਲੇ ਲਗਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਨਵੇਂ ਸ਼ੁਰੂ ਕੀਤੇ ਗਏ ਪੈਨਸ਼ਨਰ ਸੇਵਾ ਪੋਰਟਲ 'ਤੇ ਰਾਜ ਦੇ ਪੈਨਸ਼ਨਰਾਂ ਦੀ ਰਜਿਸਟ੍ਰੇਸ਼ਨ ਤਿੰਨ ਮਹੀਨਿਆਂ ਦੇ ਅੰਦਰ ਪੂਰੀ ਕਰ ਲਈ ਜਾਵੇਗੀ। ਉਹਨਾਂ ਦੱਸਿਆ ਕਿ ਪੈਨਸ਼ਨਰ ਸੇਵਾ ਮੇਲੇ ਵਿੱਚ ਵਿੱਤ ਵਿਭਾਗ ਅਤੇ ਪੈਨਸ਼ਨ ਵੰਡਣ ਵਾਲੇ ਬੈਂਕਾਂ ਦੇ ਅਧਿਕਾਰੀ ਕਿਸੇ ਵੀ ਤਕਨੀਕੀ ਸਮੱਸਿਆ ਨੂੰ ਮੌਕੇ 'ਤੇ ਹੱਲ ਕਰਨ ਲਈ ਮੌਜੂਦ ਹਨ।ਉਹਨਾਂ ਦੱਸਿਆ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਮੁਕੰਮਲ ਹੋਣ ਦੌਰਾਨ ਪੈਨਸ਼ਨ ਵੰਡ ਨਿਰਵਿਘਨ ਜਾਰੀ ਰਹੇਗੀ ਅਤੇ ਪੈਨਸ਼ਨਰਾਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਦੇਰੀ ਕਾਰਨ ਕੋਈ ਪ੍ਰੇਸ਼ਾਨੀ ਨਹੀਂ ਹੋਵੇਗੀ। ਉਹਨਾਂ ਪੈਨਸ਼ਨਰਾਂ ਨੂੰ ਬਿਹਤਰ ਸੇਵਾਵਾਂ ਪ੍ਰਾਪਤ ਕਰਨ ਲਈ ਈ-ਕੇਵਾਈਸੀ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਸ੍ਰੀ ਪ੍ਰਦੀਪ ਕੁਮਾਰ ਨੇ ਦੱਸਿਆ ਕਿ 13 ਅਤੇ 14 ਨਵੰਬਰ ਨੂੰ ਵੱਡੀ ਗਿਣਤੀ ਸੇਵਾ ਮੁਕਤ ਮੁਲਾਜ਼ਮਾਂ ਨੇ ਮੇਲੇ ਦਾ ਲਾਭ ਉਠਾਇਆ ਹੈ ਅਤੇ 15 ਨਵੰਬਰ ਨੂੰ ਵੀ ਇਹ ਮੇਲਾ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਵਿਖੇ ਜਾਰੀ ਰਹੇਗਾ।

# ਪੰਜਾਬ ਵਾਂਗ ਦੂਜੇ ਸੂਬਿਆਂ'ਚ ਆਮ ਆਦਮੀ ਪਾਰਟੀ ਲੋਕਾਂ ਦੀ ਪਹਿਲੀ ਪਸੰਦ : ਤਲਬੀਰ ਸਿੰਘ ਗਿੱਲ

## ਆਮ ਆਦਮੀ ਪਾਰਟੀ 2027 ਵਿੱਚ ਫਿਰ ਸਰਕਾਰ ਬਣੇਗੀ



**ਚੌਕ ਮਹਿਤਾ, 14 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਮਜੀਠਾ ਸ੍ਰ ਤਲਬੀਰ ਸਿੰਘ ਗਿੱਲ ਵਲੋਂ ਅੱਜ ਵੱਖ-ਵੱਖ ਪਿੰਡਾਂ ਮੋਹਤਬਾਰਾ ਨਾਲ ਮੀਟਿੰਗਾਂ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੁਣ ਸਾਰੇ ਪੰਜਾਬ ਦੇ ਲੋਕ ਅੱਜ ਆਮ ਆਦਮੀ ਦੇ ਕੰਮਾਂ ਤੋਂ ਸੰਤੁਸਟ ਹਨ ਅਤੇ ਮਜੀਠਾ ਹਲਕੇ ਵਿੱਚ ਵੀ ਵਿਕਾਸ ਜਿਹੜਾ ਜੋਰਾਂ ਤੇ ਚੱਲ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਸਾਰੇ ਵਿਕਾਸ ਕਾਰਜਾਂ ਦੀ ਪੂਰਤੀ ਕੀਤੀ ਜਾਵੇਗੀ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਮਜੀਠੇ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਇਆ ਜਾਵੇ ਤੇ ਆਮ ਆਦਮੀ ਪਾਰਟੀ ਦੀਆਂ ਲੋਕ ਵਿਕਾਸ ਨੀਤੀਆਂ ਤੋਂ ਲੋਕ ਖੁਸ਼ ਹੋ ਕਿ ਦੁਬਾਰਾ ਫੇਰ 2027 ਵਿੱਚ ਆਮ ਆਦਮੀ ਪਾਰਟੀ ਨੂੰ ਚੁਣਨਗੇ ਤੇ ਲੋਕ ਹਰ ਸੂਬੇ ਵਿੱਚ ਆਮ ਆਦਮੀ ਨੂੰ ਮਜ਼ਬੂਤ ਕਰਨਾ ਚਾਹੁੰਦੇ ਹਨ ਏਸੇ ਕਰਕੇ ਤਰਨਤਾਰਨ ਦੀ ਚੋਣ ਵੀ ਆਮ ਆਦਮੀ ਪਾਰਟੀ ਜਿੱਤੇਗੀ ,ਉਹਨਾਂ ਕਿਹਾ ਕਿ ਜਿਸ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਏਕ ਦੇਖ ਅੱਜ ਸਾਰੀਆਂ ਵਿਰੋਧੀ ਪਾਰਟੀਆਂ ਸਿਰਫ ਕੂੜ ਪ੍ਰਚਾਰ ਕਰਨ ਤੱਕ ਹੀ ਸਿਮਟ ਕੇ ਰਹਿ ਗਈਆਂ ਹਨ ਕਿ ਇਸ ਇੱਕ ਚੋਣ ਨੇ ਪੰਜਾਬ ਦੀ ਅਗਾਮੀ ਤਕਦੀਰ ਦਾ ਵੀ ਫ਼ੈਸਲਾ ਕਰ ਦੇਣਾ ਹੈ ਕਿ ਸੂਬੇ ਦੀ ਵਾਗਡੋਰ ਕਿੰਨਾ ਦੇ ਹੱਕ ਵਿੱਚ ਦੇਣੀ ਹੈ, ਕੌਣ ਇਸ ਸੂਬੇ ਨੂੰ ਦਲ ਦਲ ਵਿੱਚੋਂ ਕੱਢ ਸਕਦਾ ਹ ਹੈ ਇਸ ਕਿਰਪਾਲ ਸਿੰਘ,ਨਿਸ਼ਾਨ ਸਿੰਘ ਅਰਜਨ ਮਾਂਗਾ ਰਵੀ ਨਾਗ ਖੁਰਦ, ਪਰਮਿੰਦਰ ਸਿੰਘ,ਸਾਹਿਬ ਸਿੰਘ ਬਿੱਟਾ ਰਮਾਣਾ ਚੱਕ,,ਸੁਖਜੀਤ ਸਿੰਘ ਭੋਏਵਾਲ, ਸਵਰਨਜੀਤ ਸਿੰਘ ਕੁਰਾਲੀਆਂ, ਕੁਲਵੰਤ ਸਿੰਘ ਭੋਇਆ ਫਤਿਹਗੜ,ਚਨਪ੍ਰੀਤ ਸਿੰਘ ਅਜੈਵਾਲੀ,ਲਖਵਿੰਦਰ ਸਿੰਘ ਬੇਗੇਵਾਲ, ਸੁਖਵਿੰਦਰ ਸਿੰਘ, ਮਨਿੰਦਰ ਸਿੰਘ ਬੋਬੀ, ਗੁਰਦੇਵ ਸਿੰਘ ਸ਼ਾਮਨਗਰ, ਪ੍ਰਵੀਨ ਕੁਮਾਰ ਪਿੰਕਾ,ਬਲਵੰਤ ਸਿੰਘ ਮਜੀਠਾ, ਬਲਬੀਰ ਸਿੰਘ, ਰੁਪਿੰਦਰ ਸਿੰਘ ਵਡਾਲਾ,ਚਰਨਜੀਤ ਸਿੰਘ ਵਡਾਲਾ, ਸਰਪੰਚ ਲਵ ਕੋਟ ਹਿਰਦੇ ਰਾਮ,ਜਗਦੀਸ਼ ਸਿੰਘ ਸ਼ਿਹਜ਼ਾਦਾ,ਸੁਬੇਗ ਸਿੰਘ ਸਰਪੰਚ ਅਬਦਾਲ, ਬਲਵੰਤ ਸਿੰਘ ਸਰਪੰਚ, ਸੁਰਿੰਦਰ ਕੁਮਾਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਰਨਤਾਰਨ ਹਲਕੇ ਦੀ ਸਮੂਹ ਸੰਗਤ ਅਤੇ

# ਵਰਕਰਾਂ ਦਾ ਤਹਿ ਦਿਲੋਂ ਧੰਨਵਾਦ : ਬਾਪੂ ਤਰਸੇਮ ਸਿੰਘ ਜੀ




**ਤਰਨਤਾਰਨ 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਹਲਕੇ ਦੇ ਜ਼ਿਮਨੀ ਚੋਣ ਨਤੀਜਿਆਂ 'ਤੇ ਪ੍ਰਤੀਕ੍ਰਿਆ ਦਿੰਦਿਆਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇਹ ਨਤੀਜੇ ਸਾਫ਼ ਦਰਸਾਉਂਦੇ ਹਨ ਕਿ ਪੰਜਾਬ ਦੀ ਸੰਗਤ ਹੁਣ ਸੱਚੀ ਪੰਥਕ ਰਾਜਨੀਤੀ ਅਤੇ ਇਮਾਨਦਾਰ ਬਦਲਾਅ ਦੀ ਪੱਖਦਾਰ ਬਣ ਰਹੀ ਹੈ। ਭਾਵੇਂ ਮੌਜੂਦਾ ਸਰਕਾਰ ਦਾ ਉਮੀਦਵਾਰ ਤੇ ਸਰਮਾਏਦਾਰ ਪਾਰਟੀ ਪਹਿਲੇ ਦੂਜੇ ਨੰਬਰ 'ਤੇ ਰਹੇ, ਪਰ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਪਹਿਲੀ ਵਾਰ ਚੋਣ ਮੈਦਾਨ ਵਿੱਚ ਉੱਤਰ ਕੇ ਦੋ ਵੱਡੀਆਂ ਰਾਸ਼ਟਰੀ ਪਾਰਟੀਆਂ ਕਾਂਗਰਸ ਅਤੇ ਬੀ ਜੇ ਪੀ ਨੂੰ ਪਿੱਛੇ ਛੱਡ ਕੇ ਇਤਿਹਾਸਕ ਪ੍ਰਦਰਸ਼ਨ ਕੀਤਾ ਹੈ। ਇਹ ਬਿਆਨ ਉਹਨਾਂ ਤਰਨਤਾਰਨ ਮਾਈ ਭਾਗੋ ਕਾਲਜ ਦੇ ਬਾਹਰ ਦਿੱਤਾ, ਇਸ ਵਕਤ ਉਹਨਾਂ ਦੇ ਨਾਲ ਭਾਈ ਮਨਦੀਪ ਸਿੰਘ ਖ਼ਾਲਸਾ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਰਜੀਤ ਸਿੰਘ ਵੰਨਚਿੜੀ, ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਇਆ ਸਿੰਘ, ਭਾਈ ਪਵਿੱਤਰਜੀਤ ਸਿੰਘ ਅਤੇ ਸੁਖਬੀਰ ਸਿੰਘ ਚੀਮਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਤਰਨਤਾਰਨ ਦੀ ਸਮੁੱਚੀ ਸੰਗਤ, ਸਮਰਪਿਤ ਵਰਕਰਾਂ ਅਤੇ ਹਰ ਇਕ ਵੋਟਰ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਤਰਨਤਾਰਨ ਦੇ ਲੋਕਾਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਧੱਕੇਸ਼ਾਹੀ, ਨਾਕਾਮ ਮਾਡਲਾਂ ਅਤੇ ਖੋਖਲੇ ਵਾਅਦਿਆਂ ਤੋਂ ਤੰਗ ਆ ਚੁੱਕੇ ਹਨ ਅਤੇ ਹੁਣ ਸਿਰਫ਼ ਖ਼ਾਲਸਾਈ ਰਾਹ, ਪੰਥਕ ਏਕਤਾ ਅਤੇ ਨੈਤਿਕ ਸਿਆਸਤ ਨੂੰ ਹੀ ਪੰਜਾਬ ਦਾ ਭਵਿੱਖ ਸਮਝਦੇ ਹਨ। ਵੱਡੀਆਂ ਪਾਰਟੀਆਂ ਤੋਂ ਅੱਗੇ ਨਿਕਲਣਾਂ ਇਹ ਦਰਸਾਉਂਦਾ ਹੈ ਕਿ ਪੰਜਾਬ ਦੀ ਜਨਤਾ ਬਦਲਾਅ ਚਾਹੁੰਦੀ ਹੈ ਅਤੇ ਉਹ ਬਦਲਾਅ ਅਕਾਲੀ ਦਲ ਵਾਰਿਸ ਪੰਜਾਬ ਦੇ ਲਿਆ ਸਕਦੀ ਹੈ। ਬਾਪੂ ਜੀ ਨੇ ਅਗਲੇ ਪੜਾਅ ਬਾਰੇ ਕਿਹਾ ਕਿ ਹੁਣ ਜੰਗ ਹੋਰ ਤਾਕਤ ਨਾਲ ਲੜੀ ਜਾਵੇਗੀ ਪਿੰਡ-ਪਿੰਡ, ਘਰ-ਘਰ ਜਾ ਕੇ ਸੱਚਾਈ ਪਹੁੰਚਾਈ ਜਾਵੇਗੀ। ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਦੀਆਂ ਅਸਲ ਸਮੱਸਿਆਵਾਂ 'ਤੇ ਹੋਰ ਚੰਗੇ ਤਰੀਕੇ ਨਾਲ ਅਵਾਜ਼ ਬੁਲੰਦ ਕੀਤੀ ਜਾਵੇਗੀ, ਪਾਰਟੀ ਨੂੰ ਵਧੇਰੇ ਮਜ਼ਬੂਤੀ ਨਾਲ ਹਰ ਪੱਧਰ 'ਤੇ ਫੈਲਾਇਆ ਜਾਵੇਗਾ ਅਤੇ 2027 ਦੀਆਂ ਚੋਣਾਂ ਲਈ ਅੱਜ ਤੋਂ ਹੀ ਮਜ਼ਬੂਤ ਤਿਆਰੀ ਸ਼ੁਰੂ ਕੀਤੀ ਜਾਵੇਗੀ। ਅੰਤ ਵਿੱਚ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਤਰਨਤਾਰਨ ਦੀ ਸੰਗਤ ਨੇ ਜੋ ਭਰੋਸਾ ਦਿਖਾਇਆ ਜਿੰਨਾਂ ਸਾਥ ਦਿੱਤਾ ਹੈ, ਉਹ ਸਾਡੇ ਲਈ ਸਨਮਾਨਯੋਗ ਹੈ। ਇਹ ਸਿਰਫ਼ ਸ਼ੁਰੂਆਤ ਹੈ ਸੱਚੇ ਬਦਲਾਅ ਦੀ ਲਹਿਰ ਹੁਣ ਹੋਰ ਵੱਡੇ ਪੱਧਰ 'ਤੇ ਚੱਲਣ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਪਾਰਟੀ ਸੱਚ, ਪੰਥਕ ਸਿਧਾਂਤਾਂ ਤੋਂ ਇੱਕ ਇੰਚ ਵੀ ਪਿੱਛੇ ਨਹੀਂ ਹਟੇਗੀ ਅਤੇ ਸਾਡੀ ਹਰ ਕਵਾਇਦ ਸਿਰਫ਼ ਸੰਗਤ ਦੇ ਭਲੇ, ਪੰਥ ਦੀ ਚੜ੍ਹਦੀ ਕਲਾ ਅਤੇ ਪੰਜਾਬ ਦੀ ਤਰੱਕੀ ਲਈ ਹੀ ਹੋਵੇਗੀ।

> **ਦੋ ਰਾਸ਼ਟਰੀ ਪਾਰਟੀਆਂ ਨੂੰ ਪਿੱਛੇ ਛੱਡ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਮੈਦਾਨ ਵਿੱਚ ਪੱਕਾ ਕਦਮ ਰੱਖਿਆ**

### ਤਰਨਤਾਰਨ ਦੀ ਸੰਗਤ ਦਾ ਬੇਅੰਤ-ਬੇਅੰਤ ਧੰਨਵਾਦ ਤੇ

# ਪੰਥਕ ਸਿਆਸਤ ਦੀ ਚੰਗੀ ਸ਼ੁਰੂਆਤ : ਭਾਈ ਪਰਮਜੀਤ ਸਿੰਘ ਜੌਹਲ



**ਤਰਨਤਾਰਨ 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਜ਼ਿਮਨੀ ਚੋਣ ਨਤੀਜਿਆਂ 'ਤੇ ਤਰਨਤਾਰਨ ਦੀ ਸੰਗਤ, ਵਰਕਰਾਂ ਅਤੇ ਹਰ ਇਕ ਵੋਟਰ ਦਾ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਪੰਥਕ ਸਿਆਸਤ ਨੂੰ ਮਿਲੇ ਇਸ ਇਜ਼ਤਦਾਰ ਸਮਰਥਨ ਨੇ ਸਾਫ਼ ਕਰ ਦਿੱਤਾ ਹੈ ਕਿ ਲੋਕ ਹੁਣ ਸੱਚੇ ਬਦਲਾਅ ਤੇ ਨੈਤਿਕ ਰਾਜਨੀਤੀ ਦੇ ਪੱਖਦਾਰ ਬਣ ਰਹੇ ਹਨ। ਭਾਈ ਜੌਹਲ ਨੇ ਖ਼ਾਸ ਤੌਰ 'ਤੇ ਦੂਜੇ ਨੰਬਰ 'ਤੇ ਆਏ ਅਕਾਲੀ ਦਲ ਬਾਦਲ ਦੇ ਉਮੀਦਵਾਰ ਬਾਰੇ ਤਿੱਖੀ ਪ੍ਰਤੀਕ੍ਰਿਆ ਦਿੰਦਿਆਂ ਕਿਹਾ ਕਿ ਜਦੋਂ ਕਿਸੇ ਉਮੀਦਵਾਰ ਦੇ ਘਰ-ਪਰਿਵਾਰ ਦੇ ਨਜ਼ਦੀਕੀ ਸੂਬੇ ਦੇ ਨਾਮੀ ਗੈਂਗਸਟਰ ਵਜੋਂ ਜਾਣੇ ਜਾਂਦੇ ਹੋਣ, ਤਾਂ ਇਹ ਰਿਵਾਇਤੀ ਸਿਆਸਤ ਦਾ ਖ਼ਤਰਨਾਕ ਦਿਸ਼ਾ ਵੱਲ ਇਸ਼ਾਰਾ ਹੁੰਦਾ ਹੈ। "ਪੰਜਾਬ ਦੀ ਸਿਆਸਤ ਵਿੱਚ ਗੈਂਗਸਟਰ ਤੱਤਾਂ ਦਾ ਦਾਖਲਾ ਕੇਵਲ ਇੱਕ ਪਾਰਟੀ ਦਾ ਨਹੀਂ, ਸੂਬੇ ਦੇ ਭਵਿੱਖ ਦਾ ਮਸਲਾ ਹੈ। ਭਾਈ ਜੌਹਲ ਨੇ ਮੌਜੂਦਾ ਸਰਕਾਰ ਉੱਤੇ ਵੀ ਚੋਟ ਕਰਦਿਆਂ ਕਿਹਾ ਕਿ ਚੁਣੀਂਦਾ ਕਾਨੂੰਨ, ਵੱਡੀਆਂ ਗੜਬੜਾਂ 'ਤੇ ਚੁੱਪ ਅਤੇ ਕੁਝ ਤੱਤਾਂ ਨੂੰ ਪਰੋਟੈਕਸ਼ਨ ਮਿਲਣ ਨਾਲ ਇਹ ਧਾਰਨਾ ਮਜ਼ਬੂਤ ਹੋਈ ਹੈ ਕਿ ਸਰਕਾਰ ਖ਼ੁਦ ਇਸ ਗਲਤ ਰੁਝਾਨ ਨੂੰ ਬੇਅਸਰ ਜਾਂ ਬੇਰੋਕ ਨਹੀਂ ਕਰ ਰਹੀ ਜੋ ਪੰਜਾਬ ਲਈ ਘਾਤਕ ਸਿੱਧ ਹੋਵੇਗਾ। ਉਹਨਾਂ ਇਸ ਗੱਲ ਨੂੰ ਵੀ ਉਜਾਗਰ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਪਹਿਲੀ ਵਾਰ ਚੋਣ ਮੈਦਾਨ ਵਿੱਚ ਉੱਤਰ ਕੇ ਦੋ ਵੱਡੀਆਂ ਰਾਸ਼ਟਰੀ ਪਾਰਟੀਆਂ ਕਾਂਗਰਸ ਅਤੇ ਬੀ ਜੇ ਪੀ ਨੂੰ ਪਿੱਛੇ ਛੱਡ ਕੇ ਇਤਿਹਾਸਕ ਪ੍ਰਦਰਸ਼ਨ ਕੀਤਾ ਹੈ। ਇਹ ਕੇਵਲ ਵੋਟਾਂ ਦੀ ਗਿਣਤੀ ਨਹੀਂ, ਸਗੋਂ ਪੰਜਾਬ ਦੀ ਸੋਚ ਵਿੱਚ ਆ ਰਹੇ ਪੰਥਕ ਤੇ ਸੱਚੇ ਬਦਲਾਅ ਦੀ ਨਿਸ਼ਾਨੀ ਹੈ। ਉਨ੍ਹਾਂ ਨੇ ਕਿਹਾ ਕਿ ਤਰਨਤਾਰਨ ਦੀ ਸੰਗਤ ਨੇ ਇਹ ਸਪੱਸ਼ਟ ਕਰ ਦਿੱਤਾ ਹੈ। ਲੋਕਾਂ ਨੇ ਇਹ ਵੀ ਸਾਬਤ ਕੀਤਾ ਹੈ ਕਿ ਉਹ ਖ਼ਾਲਸਾਈ ਰਾਹ, ਪੰਥਕ ਏਕਤਾ ਅਤੇ ਸੱਚੀ ਸਿਆਸੀ ਨੀਤੀਆਂ ਨਾਲ ਖੜ੍ਹੇ ਹਨ। ਜੌਹਲ ਨੇ ਅੰਤ ਵਿੱਚ ਕਿਹਾ ਕਿ ਇਹ ਨਤੀਜੇ ਸਾਡੀ ਟੀਮ ਲਈ ਨਵੀਂ ਤਾਕਤ ਹਨ 'ਤੇ ਅਸੀਂ ਹੁਣ ਹੋਰ ਵੱਡੇ ਪੱਧਰ 'ਤੇ ਪਿੰਡ-ਪਿੰਡ, ਘਰ-ਘਰ ਜਾ ਕੇ ਸੱਚਾਈ ਪਹੁੰਚਾਵਾਂਗੇ ਅਤੇ 2027 ਦੀਆਂ ਚੋਣਾਂ ਲਈ ਅੱਜ ਤੋਂ ਹੀ ਮਜ਼ਬੂਤ ਤਿਆਰੀ ਸ਼ੁਰੂ ਕਰਾਂਗੇ।

> **ਪੰਜਾਬ ਦੀ ਸਿਆਸਤ ਵਿੱਚ ਗੈਂਗਸਟਰ ਪੋਲੀਟਿਕਸ ਦਾ ਦਾਖਲਾ ਚਿੰਤਾਜਨਕ**

# ਐਸੋਸੀਏਸ਼ਨ ਆਫ਼ ਮਾਈਕ੍ਰੋਬਾਇਓਲੋਜਿਸਟਸ ਆਫ ਇੰਡੀਆ ਵੱਲੋਂ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਦਾ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨ




**ਤਲਵੰਡੀ ਸਾਬੋ, 14 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਐਸੋਸੀਏਸ਼ਨ ਆਫ਼ ਮਾਈਕ੍ਰੋਬਾਇਓਲੋਜਿਸਟਸ ਆਫ਼ ਇੰਡੀਆ ਵੱਲੋਂ ਦੇਵ ਭੂਮੀ ਉਤਰਾਖੰਡ ਯੂਨੀਵਰਸਿਟੀ ਵਿਖੇ ਕਰਵਾਈ ਗਈ 66ਵੀਂ ਸਲਾਨਾ ਕਾਨਫਰੰਸ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੂੰ ਡੇਅਰੀ ਉਤਪਾਦਾਂ, ਜਿਵੇਂ ਉੱਤਮ ਅਤੇ ਸਵਾਦਿਸ਼ਟ ਦਹੀਂ ਦੇ ਬੈਕਟੀਰਿਅਲ ਕਲਚਰ ਦੇ ਵਿਕਾਸ ਲਈ ਅਤੇ ਹੈਲਥ ਪ੍ਰਮੋਟਿੰਗ ਬੈਕਟੀਰੀਆ ਨੂੰ ਹੁਲਾਰਾ ਦੇਣ ਲਈ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਨੈਸ਼ਨਲ ਕਲੈਕਸ਼ਨ ਆਫ਼ ਡੇਅਰੀ ਕਲਚਰਜ਼ ਦੇ ਸਥਾਪਨ, ਮਜ਼ਬੂਤੀ, ਆਧੁਨਿਕੀਕਰਣ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਪਾਏ ਵਿਸ਼ੇਸ਼ ਯੋਗਦਾਨ, ਵਾਈਸ ਚਾਂਸਲਰ ਬਿਹਾਰ ਐਨੀਮਲ ਸਾਇੰਸ ਯੂਨੀਵਰਸਿਟੀ, ਪਟਨਾ, ਰਜਿਸਟਰਾਰ ਨੈਸ਼ਨਲ ਡੇਅਰੀ ਰਿਸਰਚ ਇੰਸਟੀਚਿਊਟ ਕਰਨਾਲ, ਪ੍ਰੋਜੈਕਟ ਡਾਇਰੈਕਟਰ ਆਈ.ਸੀ.ਏ.ਆਰ. ਨਵੀਂ ਦਿੱਲੀ ਵਜੋਂ ਕੀਤੇ ਪ੍ਰਬੰਧਕੀ, ਅਕਾਦਮਿਕ ਅਤੇ ਪ੍ਰਸ਼ਾਸਨਿਕ ਕਾਰਜਾਂ ਕਰਕੇ ਦਿੱਤਾ ਗਿਆ। ਇਸ ਵਿੱਚ ਸਨਮਾਨ ਪੱਤਰ, ਸਰਟੀਫਿਕੇਟ, ਦੁਸ਼ਾਲਾ ਅਤੇ ਕੈਸ਼ ਅਵਾਰਡ ਸ਼ਾਮਿਲ ਹੈ। ਇਸ ਮੌਕੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਸਮੂਹ ਗੁਰੂ ਕਾਸ਼ੀ ਪਰਿਵਾਰ ਵੱਲੋਂ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ ਡਾ. ਸਿੰਘ ਦੀ ਇਸ ਮਾਣਮੱਤੀ ਪ੍ਰਾਪਤੀ ਨੇ ਵਰਸਿਟੀ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਵਿਲੱਖਣ ਅਵਾਰਡ ਰਾਹੀਂ ਸਮਾਜ ਉਨ੍ਹਾਂ ਦੀ ਯੋਗ ਅਗਵਾਈ ਅਤੇ ਡੇਅਰੀ ਖੇਤਰ ਦੇ ਵਿਕਾਸ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕਰਦਾ ਹੈ। ਉਨ੍ਹਾਂ ਡਾ. ਸਿੰਘ ਨੂੰ ਉਜੱਵਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਅਵਾਰਡ ਪ੍ਰਾਪਤੀ ਮੌਕੇ ਡਾ. ਸਿੰਘ ਨੇ ਇਸ ਪ੍ਰਾਪਤੀ ਦਾ ਸਿਹਰਾ ਆਪਣੇ ਸਾਥੀਆਂ, ਸਹਿਯੋਗੀਆਂ, ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਨੇ ਉਨ੍ਹਾਂ ਦੀ ਜ਼ਿੰਮੇਵਾਰੀ ਹੋਰ ਵਧਾ ਦਿੱਤੀ ਹੈ। ਉਨ੍ਹਾਂ ਦੇਸ਼ ਦੀ ਮਾਈਕ੍ਰੋਬਾਈਓਲੋਜੀ ਸਾਇੰਸ, ਖੇਤੀ ਅਤੇ ਡੇਅਰੀ ਵਿਗਿਆਨ ਵਿੱਚ ਭਵਿੱਖ ਮੁੱਖੀ ਖੋਜ ਕਾਰਜਾਂ ਵੱਲ ਕਿਰਿਆਸ਼ੀਲ ਹੋਣ ਦੀ ਗੱਲ ਆਖੀ।

# ਤਰਨ ਤਾਰਨ ਉਪ ਚੋਣ ਵਿੱਚ ਅਕਾਲੀ ਪੁਨਰ ਸੁਰਜੀਤੀ ਲਈ ਸੁਖਬੀਰ ਬਾਦਲ ਦੀ ਮਿਹਨਤ ਲਿਆਈ ਰੰਗ: ਸਰਨਾ



**ਨਵੀਂ ਦਿੱਲੀ, 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਅਕਾਲੀ ਦਲ ਦੇ ਮੁਖੀ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਤਰਨ ਤਾਰਨ ਉਪ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਦੂਜੇ ਸਥਾਨ 'ਤੇ ਰਹਿਣਾ ਵੋਟਰਾਂ ਦੇ ਇੱਕ ਵਿਸ਼ਾਲ ਮਿਸ਼ਰਣ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਨਵੀਂ ਪ੍ਰਵਾਨਗੀ ਦਾ ਸੰਕੇਤ ਹੈ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸਰਨਾ ਨੇ ਕਿਹਾ ਕਿ ਹਲਕੇ ਦੇ ਬਹੁਤ ਸਾਰੇ ਪਰਿਵਾਰ ਸਰਦਾਰ ਬਾਦਲ ਨੂੰ ਇੱਕ ਅਜਿਹੇ ਵਿਅਕਤੀ ਵਜੋਂ ਦੇਖਦੇ ਹਨ ਜੋ ਇੱਕ ਮੁਸ਼ਕਲ ਸਾਲ ਦੌਰਾਨ ਮੌਜੂਦ ਰਿਹਾ ਸੀ। ਪਾਰਟੀ ਪ੍ਰਧਾਨ ਵਲੋਂ ਕੀਤੇ ਗਏ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੰਬੇ ਦੌਰਿਆਂ ਅਤੇ ਰਾਹਤ ਕਾਰਜਾਂ ਦੇ ਤਾਲਮੇਲ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਕਿਹਾ ਕਿ ਇਹਨਾਂ ਪਲਾਂ ਨੇ ਉਨ੍ਹਾਂ ਨੂੰ ਲੋਕਾਂ ਨਾਲ ਸਿੱਧੇ ਸੰਪਰਕ ਵਿੱਚ ਲਿਆਂਦਾ ਜੋ ਵੱਡੇ ਰਾਜਨੀਤਿਕ ਬਿਰਤਾਂਤਾਂ ਦੁਆਰਾ ਤਿਆਗਿਆ ਮਹਿਸੂਸ ਕਰਦੇ ਸਨ। ਸਰਨਾ ਦੇ ਅਨੁਸਾਰ, ਇਹ ਨੇੜਲਾ ਸਬੰਧ ਤਰਨ ਤਾਰਨ ਵਿੱਚ ਸੋਸ਼ਲ ਮੀਡੀਆ ਦੇ ਦਾਅਵਿਆਂ ਨਾਲੋਂ ਜ਼ਿਆਦਾ ਮਾਇਨੇ ਰੱਖਦਾ ਹੈ ਕਿ ਕੁਝ ਉੱਚੀ-ਉੱਚੀ ਬੋਲਣ ਵਾਲੇ ਅਸੰਤੁਸ਼ਟੀਵਾਦੀਆਂ ਕਾਰਨ ਸ਼੍ਰੋਮਣੀ ਅਕਾਲੀ ਦਲ ਵਿਰੁੱਧ "ਲਾਮਬੰਦੀ" ਧਾਰਾਵਾਂ ਨੂੰ ਵਧਾਇਆ ਜਾ ਰਿਹਾ ਹੈ। ਸਰਨਾ ਨੇ ਦਲੀਲ ਦਿੱਤੀ ਕਿ ਇਹ ਨਤੀਜਾ ਪਾਰਟੀ ਨੂੰ ਮਾਝੇ ਵਿੱਚ ਮੁੜ ਨਿਰਮਾਣ ਲਈ ਇੱਕ ਅਧਾਰ ਦਿੰਦਾ ਹੈ ਅਤੇ ਦਰਸਾਉਂਦਾ ਹੈ ਕਿ ਅਕਾਲੀ ਰਾਜਨੀਤੀ ਉਦੋਂ ਭਾਰ ਰੱਖਦੀ ਹੈ ਜਦੋਂ ਦਿਖਾਈ ਦੇਣ ਵਾਲੇ ਕੰਮ ਅਤੇ ਸਥਾਨਕ ਮੌਜੂਦਗੀ ਨਾਲ ਜੁੜੀ ਹੁੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਰਨਤਾਰਨ ਹਲਕੇ ਦੀ ਸੰਗਤ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ

# ਪੰਥਕ ਅਵਾਜ਼ ਹੋਰ ਮਜ਼ਬੂਤ ਹੋਈ : ਸ਼ਮਸ਼ੇਰ ਸਿੰਘ ਪੱਧਰੀ



ਤਰਨਤਾਰਨ 14 ਨਵੰਬਰ ( ) ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਜ਼ਿਮਨੀ ਚੋਣ ਨਤੀਜਿਆਂ 'ਤੇ ਤਰਨਤਾਰਨ ਦੀ ਸੰਗਤ, ਵਰਕਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਤਰਨਤਾਰਨ ਨੇ ਦੱਸ ਦਿੱਤਾ ਹੈ ਕਿ ਜੇ ਸਿਆਸਤ ਸੱਚਾਈ, ਪੰਥਕ ਸਿਧਾਂਤਾਂ ਅਤੇ ਨੈਤਿਕਤਾ ਨਾਲ ਕੀਤੀ ਜਾਵੇ ਤਾਂ ਲੋਕ ਉਸਨੂੰ ਸਿਰ ਮੱਥੇ ਲਾਂਉਂਦੇ ਹਨ। ਪੱਧਰੀ ਨੇ ਤਿੱਖੀ ਚੋਟ ਕਰਦਿਆਂ ਕਿਹਾ ਕਿ ਦੂਜੇ ਨੰਬਰ 'ਤੇ ਆਏ ਅਕਾਲੀ ਦਲ ਬਾਦਲ ਦੇ ਉਮੀਦਵਾਰ ਨੂੰ ਮਿਲੀਆਂ ਵੋਟਾਂ ਆਪਣੇ-ਆਪ ਵਿੱਚ ਗੰਭੀਰ ਸੰਦੇਸ਼ ਵੀ ਦੇ ਕੇ ਗਈਆਂ ਹਨ। "ਜਦੋਂ ਕਿਸੇ ਉਮੀਦਵਾਰ ਦਾ ਰਿਸ਼ਤੇਦਾਰ ਸੂਬੇ ਦੇ ਨਾਮੀਂ ਗੈਂਗਸਟਰ ਵਜੋਂ ਜਾਣਿਆ ਜਾਂਦਾ ਹੋਵੇ, ਤਾਂ ਇਹ ਕੇਵਲ ਇੱਕ ਘਰ ਦਾ ਵਿਅਕਤੀਗਤ ਮਸਲਾ ਨਹੀਂ, ਸਗੋਂ ਪੰਜਾਬ ਦੀ ਮੁੱਖ ਧਾਰਾ ਸਿਆਸਤ 'ਚ ਗੈਂਗਸਟਰ ਤੱਤਾਂ ਦੀ ਪਿੱਠ ਥਾਪੜਨ ਵੱਲ ਇਸ਼ਾਰਾ ਹੁੰਦਾ ਹੈ। ਉਨ੍ਹਾਂ ਨੇ ਮੌਜੂਦਾ ਸਰਕਾਰ ਉੱਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਸੂਬੇ ਵਿੱਚ ਗਲਤ ਤੱਤਾਂ ਦਾ ਰੁਝਾਨ ਇਕ ਘਾਤਕ ਦਿਸ਼ਾ ਵੱਲ ਵਧਣ ਦਾ ਸੰਕੇਤ ਹੈ। "ਜੇ ਸਰਕਾਰ ਗੈਂਗਸਟਰ ਪੋਲੀਟਿਕਸ ਨੂੰ ਰੋਕਣ ਦੀ ਥਾਂ ਅਣਜਾਣੇ ਜਾਂ ਜਾਣ-ਬੁੱਝ ਕੇ ਮੌਕਾ ਦੇਵੇਗੀ ਤਾਂ ਇਹ ਪੰਜਾਬ ਦੇ ਭਵਿੱਖ ਲਈ ਬਹੁਤ ਘਾਤਕ ਸਿੱਧ ਹੋਵੇਗਾ। ਪੱਧਰੀ ਨੇ ਇਹ ਵੀ ਸਪਸ਼ਟ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਪਹਿਲੀ ਵਾਰ ਚੋਣ ਮੈਦਾਨ ਵਿੱਚ ਉੱਤਰ ਕੇ ਕਾਂਗਰਸ ਅਤੇ ਬੀ ਜੇ ਪੀ ਵਰਗੀਆਂ ਦੋ ਰਾਸ਼ਟਰੀ ਪਾਰਟੀਆਂ ਨੂੰ ਪਿੱਛੇ ਛੱਡ ਕੇ ਜੋ ਇਤਿਹਾਸਕ ਪ੍ਰਦਰਸ਼ਨ ਕੀਤਾ ਹੈ, ਉਹ ਸੂਬੇ ਦੀ ਸੋਚ ਵਿੱਚ ਇਕ ਵੱਡੇ ਬਦਲਾਅ ਦਾ ਸੰਦੇਸ਼ ਹੈ। "ਇਹ ਸਿਰਫ ਵੋਟਾਂ ਦੀ ਗਿਣਤੀ ਨਹੀਂ, ਇਹ ਪੰਥਕ ਅਵਾਜ਼ ਦੀ ਵੱਡੀ ਜਿੱਤ ਹੈ। ਉਨ੍ਹਾਂ ਨੇ ਕਿਹਾ ਕਿ ਤਰਨਤਾਰਨ ਦੀ ਸੰਗਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਝੂਠੇ ਮਾਡਲਾਂ, ਧੱਕੇਸ਼ਾਹੀ, ਪਰਿਵਾਰਕ ਰਾਜਨੀਤੀ ਅਤੇ ਗੈਂਗਸਟਰ ਪ੍ਰਭਾਵ ਵਾਲੀਆਂ ਪਾਰਟੀਆਂ ਤੋਂ ਬਹੁਤ ਲੋਕ ਤੰਗ ਆ ਚੁੱਕੇ ਹਨ ਅਤੇ ਨੇ ਸਾਬਤ ਕੀਤਾ ਹੈ ਕਿ ਉਹ ਖ਼ਾਲਸਾਈ ਰਾਹ, ਪੰਥਕ ਏਕਤਾ ਅਤੇ ਇਮਾਨਦਾਰ ਸਿਆਸੀ ਸੋਚ ਨੂੰ ਹੀ ਪੰਜਾਬ ਦੀ ਨਵੀਂ ਦਿਸ਼ਾ ਮੰਨਦੇ ਹਨ। ਅੰਤ ਵਿੱਚ ਪੱਧਰੀ ਨੇ ਕਿਹਾ, "ਇਹ ਨਤੀਜੇ ਸਾਡੀ ਟੀਮ ਲਈ ਵੱਡੀ ਤਾਕਤ ਅਤੇ ਜ਼ਿੰਮੇਵਾਰੀ ਲੈ ਕੇ ਆਏ ਹਨ। ਅਸੀਂ ਹੁਣ ਹੋਰ ਤਾਕਤ ਨਾਲ ਪਿੰਡ-ਪਿੰਡ, ਦੁਆਰ-ਦੁਆਰ ਜਾ ਕੇ ਪੰਥਕ ਸੱਚਾਈ ਪਹੁੰਚਾਵਾਂਗੇ। 2027 ਦੀਆਂ ਚੋਣਾਂ ਲਈ ਅਸੀਂ ਅੱਜ ਤੋਂ ਹੀ ਸੰਗਤ ਦੇ ਭਰੋਸੇ ਨਾਲ ਪੂਰੀ ਮਿਹਨਤ ਨਾਲ ਤਿਆਰੀ ਸ਼ੁਰੂ ਕਰਾਂਗੇ।

**ਅੱਜ ਦੇ ਚੋਣ ਨਤੀਜੇ ਸਾਡੀ ਪਾਰਟੀ ਲਈ ਵੱਡੀ ਤਾਕਤ ਅਤੇ ਜ਼ਿੰਮੇਵਾਰੀ ਲੈਕੇ ਆਏ ਹਨ**

ਅਮਰੀਕੀ ਕਾਂਗਰਸ ਵਿੱਚ ਪ੍ਰਭਾਵ ਵਧਾਉਣ ਲਈ ਆਰਐਸਐਸ ਨੇ ਲਾਬਿੰਗ ਏਜੰਸੀ ਨੂੰ ਕੀਤਾ ਨਿਯੁਕਤ ਅਤੇ

# ਅਕਸ ਵਧਾਉਣ ਲਈ ਖਰਚੇ ਕਰੋੜਾਂ: ਰਿਪੋਰਟ

**ਨਵੀਂ ਦਿੱਲੀ 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਅਮਰੀਕਾ ਦੀ ਚੋਟੀ ਦੀ ਲਾਬਿੰਗ ਫਰਮ ਸਕੁਆਇਰ ਪੈਟਨ ਬੋਗਸ ਨੇ ਇਸ ਸਾਲ ਦੇ ਸ਼ੁਰੂ ਵਿੱਚ ਪਹਿਲੀ ਵਾਰ ਅਮਰੀਕੀ ਸੰਸਦ ਵਿੱਚ ਭਾਰਤ ਦੇ ਸੱਜੇ-ਪੱਖੀ ਸੰਗਠਨ ਰਾਸ਼ਟਰੀ ਸਵੈਮ ਸੇਵਕ ਸੰਘ (ਆਰਐਸਐਸ) ਲਈ ਲਾਬਿੰਗ ਰਜਿਸਟਰ ਕੀਤੀ ਹੈ । ਅਮਰੀਕੀ ਵੈੱਬਸਾਈਟ ਪ੍ਰਿਜ਼ਮ ਦੀ ਇੱਕ ਰਿਪੋਰਟ ਦੇ ਅਨੁਸਾਰ, ਇਸ ਫਰਮ ਨੂੰ 2025 ਦੀਆਂ ਪਹਿਲੀਆਂ ਤਿੰਨ ਤਿਮਾਹੀਆਂ ਵਿੱਚ ਲਗਭਗ 2.75 ਕਰੋੜ ਰੁਪਏ ਦਾ ਭੁਗਤਾਨ ਕੀਤਾ ਗਿਆ ਹੈ। ਇਹ ਪਹਿਲੀ ਵਾਰ ਹੈ ਜਦੋਂ ਆਰਐਸਐਸ ਨੇ ਅਮਰੀਕਾ ਵਿੱਚ ਕਿਸੇ ਲਾਬਿੰਗ ਏਜੰਸੀ ਨੂੰ ਨਿਯੁਕਤ ਕੀਤਾ ਹੈ। ਲਾਬਿੰਗ ਦਸਤਾਵੇਜ਼ ਦਰਸਾਉਂਦੇ ਹਨ ਕਿ ਫਰਮ ਨੇ ਅਮਰੀਕਾ-ਭਾਰਤ ਦੁਵੱਲੇ ਸਬੰਧਾਂ ਨਾਲ ਸਬੰਧਤ ਮੁੱਦਿਆਂ 'ਤੇ ਕੰਮ ਕੀਤਾ, ਹਾਲਾਂਕਿ ਮਾਹਰਾਂ ਦਾ ਕਹਿਣਾ ਹੈ ਕਿ ਇਹ ਗਤੀਵਿਧੀ ਯੂਐਸ ਵਿਦੇਸ਼ੀ ਏਜੰਟ ਰਜਿਸਟ੍ਰੇਸ਼ਨ ਐਕਟ (ਐਫਏਆਰਏ) ਦੇ ਅਧੀਨ ਆਉਣੀ ਚਾਹੀਦੀ ਸੀ ਕਿਉਂਕਿ ਆਰਐਸਐਸ ਇੱਕ ਵਿਦੇਸ਼ੀ (ਭਾਰਤੀ) ਸੰਸਥਾ ਹੈ। ਹਾਲਾਂਕਿ, ਨਾ ਤਾਂ ਸਕੁਆਇਰ ਪੈਟਨ ਬੋਗਸ ਅਤੇ ਨਾ ਹੀ ਆਰਐਸਐਸ ਨੇ ਆਪਣੇ ਆਪ ਨੂੰ ਐਫਏਆਰਏ ਦੇ ਅਧੀਨ ਰਜਿਸਟਰ ਕੀਤਾ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਲਾਬਿੰਗ ਫਰਮ ਨੇ ਆਰਐਸਐਸ ਵੱਲੋਂ ਅਮਰੀਕੀ ਕਾਨੂੰਨ ਨਿਰਮਾਤਾਵਾਂ ਅਤੇ ਨੀਤੀ ਨਿਰਮਾਤਾਵਾਂ ਨਾਲ ਸੰਪਰਕ ਕੀਤਾ, ਇਸਦੇ ਇਤਿਹਾਸ ਅਤੇ "ਮਿਸ਼ਨ" ਬਾਰੇ ਜਾਣਕਾਰੀ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ। ਲਾਬੀਸਿਟ ਬ੍ਰੈਡਫੋਰਡ ਐਲੀਸਨ ਨੇ ਅਮਰੀਕੀ ਪ੍ਰੋਫੈਸਰ ਆਡਰੀ ਟਰਸ਼ਕੇ ਨਾਲ ਸੰਪਰਕ ਕਰਕੇ ਲਿਖਿਆ ਕਿ ਉਹ ਕਾਨੂੰਨ ਨਿਰਮਾਤਾਵਾਂ ਨੂੰ "ਆਰਐਸਐਸ ਦੇ ਮਿਸ਼ਨ ਅਤੇ ਪ੍ਰਭਾਵ" ਬਾਰੇ ਸਿੱਖਿਅਤ ਕਰਨਾ ਚਾਹੁੰਦੇ ਸਨ। ਪ੍ਰਿਜ਼ਮ ਦੁਆਰਾ ਪ੍ਰਾਪਤ ਜਾਣਕਾਰੀ ਦੇ ਅਨੁਸਾਰ, ਲਾਬਿੰਗ ਫਰਮ ਦੇ ਪ੍ਰਤੀਨਿਧੀਆਂ ਨੇ ਇਸ ਸਾਲ ਨਾਗਪੁਰ ਵਿੱਚ ਆਰਐਸਐਸ ਹੈੱਡਕੁਆਰਟਰ ਅਤੇ ਸਿਖਲਾਈ ਕੈਂਪ ਦਾ ਦੌਰਾ ਵੀ ਕੀਤਾ। ਆਰਐਸਐਸ ਮੈਗਜ਼ੀਨ ਨੇ ਉਸ ਦੌਰੇ ਨੂੰ "ਭਾਰਤ-ਅਮਰੀਕਾ ਸਿਵਲ ਸਮਾਜ ਸੰਵਾਦ ਵਿੱਚ ਇੱਕ ਮਹੱਤਵਪੂਰਨ ਪਲ" ਦੱਸਿਆ।



ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਲਾਬਿੰਗ ਵਿੱਚ ਸ਼ਾਮਲ ਲੋਕਾਂ ਵਿੱਚ ਸਾਬਕਾ ਰਿਪਬਲਿਕਨ ਯੂਐਸ ਕਾਂਗਰਸਮੈਨ ਬਿਲ ਸ਼ੁਸਟਰ, ਉਨ੍ਹਾਂ ਦੇ ਭਰਾ ਬੌਬ ਸ਼ੁਸਟਰ ਅਤੇ ਕਈ ਸਾਬਕਾ ਕਾਂਗਰਸਨਲ ਸਹਾਇਕ ਸ਼ਾਮਲ ਹਨ। ਲਾਬਿੰਗ ਫਾਈਲਿੰਗ ਵਿੱਚ ਬੋਸਟਨ- ਅਧਾਰਤ ਫਾਰਮਾਸਿਊਟੀਕਲ ਕਾਰੋਬਾਰੀ ਵਿਵੇਕ ਸ਼ਰਮਾ ਦਾ ਵੀ ਨਾਮ ਹੈ, ਜਿਸਨੇ ਪੰਜ ਹਜਾਰ ਡਾਲਰ ਤੋਂ ਵੱਧ ਦਾ ਯੋਗਦਾਨ ਪਾਇਆ ਅਤੇ ਲਾਬਿੰਗ ਗਤੀਵਿਧੀਆਂ ਵਿੱਚ ਹਿੱਸਾ ਲਿਆ। ਮਾਹਿਰਾਂ ਦਾ ਕਹਿਣਾ ਹੈ ਕਿ ਆਰਐਸਐਸ ਦੇ ਭਾਰਤ ਦੀ ਸੱਤਾਧਾਰੀ ਪਾਰਟੀ, ਭਾਜਪਾ ਨਾਲ ਡੂੰਘੇ ਸਬੰਧ ਹਨ, ਇਸ ਲਈ ਇਸਨੂੰ ਇੱਕ 'ਵਿਦੇਸ਼ੀ ਰਾਜਨੀਤਿਕ ਸੰਗਠਨ' ਮੰਨਿਆ ਜਾਣਾ ਚਾਹੀਦਾ ਸੀ ਅਤੇ ਐਫਏਆਰਏ ਅਧੀਨ ਰਜਿਸਟਰ ਕੀਤਾ ਜਾਣਾ ਚਾਹੀਦਾ ਸੀ, ਨਾ ਕਿ ਸਿਰਫ਼ ਲਾਬਿੰਗ ਡਿਸਕਲੋਜ਼ਰ ਐਕਟ ਅਧੀਨ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ 2020 ਵਿੱਚ, ਓਵਰਸੀਜ਼ ਫ੍ਰੈਂਡਜ਼ ਆਫ਼ ਭਾਜਪਾ-ਯੂਐਸਏ ਨੂੰ ਵੀ ਵਿਦੇਸ਼ੀ ਏਜੰਟ ਵਜੋਂ ਰਜਿਸਟਰ ਕਰਨਾ ਪਿਆ ਜਦੋਂ ਉਸਨੇ ਅਮਰੀਕੀ ਚੋਣਾਂ ਦੌਰਾਨ ਭਾਜਪਾ ਦੇ ਪ੍ਰਚਾਰ ਵਿੱਚ ਹਿੱਸਾ ਲਿਆ। ਪ੍ਰਿਜ਼ਮ ਦੀ ਰਿਪੋਰਟ ਦੇ ਅਨੁਸਾਰ, ਆਰਐਸਐਸ ਦੁਆਰਾ ਕੀਤੀ ਗਈ ਇਹ ਲਾਬਿੰਗ ਅਮਰੀਕੀ ਨੀਤੀ ਨਿਰਮਾਤਾਵਾਂ ਵਿੱਚ ਆਪਣੀ ਛਵੀ ਨੂੰ ਬਿਹਤਰ ਬਣਾਉਣ ਦੀ ਕੋਸ਼ਿਸ਼ ਹੈ। ਅਮਰੀਕਾ ਸਥਿਤ ਸੈਂਟਰ ਫਾਰ ਦ ਸਟੱਡੀ ਆਫ਼ ਆਰਗੇਨਾਈਜ਼ਡ ਹੇਟ ਦੇ ਡਾਇਰੈਕਟਰ ਰਕੀਬ ਹਾਮਿਦ ਨਾਇਕ ਨੇ ਕਿਹਾ, "ਆਰਐਸਐਸ ਹੁਣ ਭਾਰਤ ਵਿੱਚ ਇੱਕ ਮੁੱਖ ਧਾਰਾ ਦੀ ਤਾਕਤ ਬਣ ਗਈ ਹੈ, ਪਰ ਵਿਸ਼ਵ ਪੱਧਰ 'ਤੇ ਇਸਨੂੰ ਅਜੇ ਵੀ ਇੱਕ 'ਫਾਸ਼ੀਵਾਦੀ ਅਰਧ ਸੈਨਿਕ ਸੰਗਠਨ' ਵਜੋਂ ਦੇਖਿਆ ਜਾਂਦਾ ਹੈ। ਉਹ ਇਸ ਅਕਸ ਨੂੰ ਬਦਲਣ ਦੀ ਕੋਸ਼ਿਸ਼ ਕਰ ਰਹੇ ਹਨ।"

# ਹੜ੍ਹ ਪ੍ਰਭਾਵਿਤ ਇਲਾਕੇ ਵਿਚ ਪੈਨਸ਼ਨਰਾਂ ਕੀਤੀ ਮੱਦਦ



**ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ)** :— ਹੜ੍ਹ ਪ੍ਰਭਾਵਿਤ ਗਰੀਬ ਜਿਮੀਦਾਰਾਂ ਦੀ ਪੰਜਾਬ ਗੌ: ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਨੇ ਲਈ ਸਾਰ ਅਤੇ ਜ਼ਰੂਰਤਮੰਦਾਂ ਦੀ ਕੀਤੀ ਮੱਦਦ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਪ੍ਰਤਾਪ ਸਿੰਘ ਪ੍ਰਧਾਨ, ਅਜੀਤ ਸਿੰਘ ਸੋਢੀ ਜਨਰਲ ਸਕੱਤਰ ਨੇ ਦੱਸਿਆ ਕਿ ਪੰਜਾਬ ਗੌ: ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਮੈਂਬਰਾਂ ਨੇ ਆਪਨੀਆਂ ਪੈਨਸ਼ਨਾਂ ਦਾ ਕੁਝ ਪੈਸਾ ਇਕੱਠਾ ਕਰਕੇ ਸਤਲੁਜ਼ ਦਰਿਆ ਦੇ ਹੜ੍ਹ ਪੀੜਤਾਂ ਪਰਿਵਾਰਾਂ ਦੀ ਕਣਕ ਅਤੇ ਖਾਦ ਦੇ ਕੇ ਫਰਜ ਨਿਭਾਇਆ। ਗੱਲਬਾਤ ਜਾਰੀ ਕਰਦਿਆਂ ਉਕਤ ਆਗੂਆਂ ਨੇ ਦੱਸਿਆ ਕਿ ਹੜ੍ਹ ਮਾਰੂ ਬੈਲਟ ਦੇ ਪਿੰਡ ਬਸਤੀ ਮੱਬੋਕੇ ਦੇ ਇਕ ਜਾਂ ਦੋ ਕਿਲੇ ਜਮੀਨ ਵਾਲੇ ਕਿਸਾਨਾਂ ਨੂੰ 18 ਗੱਟੇ ਕਣਕ ਦਾ ਬੀਜ ਅਤੇ ਖਾਦ ਜਿਮੀਦਾਰਾਂ ਦੇ ਆਧਾਰ ਕਾਰਡ ਲੈ ਕੇ ਵੰਡੇ ਗਏ। ਇਸ ਮੌਕੇ ਜਥੇਬੰਦੀ ਦੇ ਆਗੂ ਗੁਰਪ੍ਰਤਾਪ ਸਿੰਘ ਪ੍ਰਧਾਨ, ਅਜੀਤ ਸਿੰਘ ਸੋਢੀ, ਬੂਟਾ ਸਿੰਘ ਸੀ.ਵ.ਪ੍ਰਧਾਨ, ਸੁਰਿੰਦਰ ਕੁਮਾਰ ਜ਼ੋਸਨ ਵਿੱਤ ਸਕੱਤਰ, ਕੇ.ਐਲ ਗਾਬਾ ਪੈਟਰਨ, ਸੰਤੋਖ ਸਿੰਘ ਤਖੀ ਰਿਟਾਇਰਡ ਨੈਬ ਤਹਿਸੀਲਦਾਰ ਅਤੇ ਹੜ੍ਹ ਪੀੜਤ ਪਰਿਵਾਰ ਹਾਜ਼ਰ ਸਨ। ਕਿਸਾਨਾਂ ਨੇ ਦੱਸਿਆ ਕਿ ਛੋਟੇ ਕਿਸਾਨਾਂ ਦੀ ਕਿਸੇ ਨੇ ਮੱਦਦ ਨਹੀਂ ਕਤੀ, ਅਸੀਂ ਪੈਨਸ਼ਨਰਜ਼ ਆਗੂਆਂ ਦਾ ਬਹੁਤ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਪਿੰਡ ਬਸਤੀ ਮੱਬੋਕੇ ਦੇ ਪਰਿਵਾਰਾਂ ਦੀ ਮੱਦਦ ਕੀਤੀ ਹੈ। ਆਗੂਆਂ ਨੇ ਦੱਸਿਆ ਕਿ ਇਸ ਮੌਕੇ ਪੈਨਸ਼ਨਰਜ਼ ਵੱਲੋਂ ਹੜ੍ਹ ਪੀੜਤ ਪਰਿਵਾਰਾਂ ਦੇ ਬੱਚਿਆਂ ਵਾਸਤੇ ਕਾਪੀਆਂ, ਕਿਤਾਬਾਂ, ਗਰਮ ਵਰਦੀਆਂ ਦੀ ਮੱਦਦ ਕਰਨ ਦਾ ਵੀ ਭਰੋਸਾ ਦਿੱਤਾ ਕਿ ਜਿਵੇਂ—ਜਿਵੇਂ ਹੋਰ ਫੰਡ ਇਕੱਠੇ ਹੇਣਗੇ ਉਸੀ ਤਰ੍ਹਾਂ ਡੀ.ਈ.ਓ ਫ਼ਿਰੋਜ਼ਪੁਰ ਦੀ ਸਲਾਹ ਨਾਲ ਸਕੂਲੀ ਬੱਚਿਆਂ (ਹੜ੍ਹ ਪ੍ਰਭਾਵਿਤ ਸਕੂਲਾਂ) ਦੀ ਮੱਦਦ ਕਰਦੇ ਰਹਾਂਗੇ। ਗੱਲਬਾਤ ਕਰਦਿਆਂ ਗੁਰਪ੍ਰਤਾਪ ਸਿੰਘ ਪ੍ਰਧਾਨ ਨੇ ਲੋਕਾਂ ਨੂੰ ਦੱਸਿਆ ਕਿ ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਨਹੀਂ ਮੰਨ ਰਹੀ, ਅਸੀਂ 16 ਨਵੰਬਰ ਨੂੰ ਧੂਰੀ ਵਿਖੇ ਸਰਕਾਰ ਵਿਰੁੱਧ ਰੈਲੀ ਵੀ ਕਰਨ ਜਾ ਰਹੀ ਹੈ ਤਾਂ ਜ਼ੋ ਸੁੱਤੀ ਸਰਕਾਰ ਨੂੰ ਜਗਾਇਆ ਜਾ ਸਕੇ।

# ਬਾਲ ਦਿਵਸ ਮਨਾਉਣਾ ਹੈ ਤਾਂ ਇਸ ਤਰ੍ਹਾਂ ਮਨਾਉ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :— ਚਾਚਾ ਨਹਿਰੂ ਪਹਿਲੇ ਭਾਰਤ ਦਾ ਪ੍ਰਧਾਨ ਮੰਤਰੀ ਜੀ ਦੀ ਜਯੰਤੀ ਬਾਲ ਦਿਵਸ ਦੇ ਰੂਪ ਵਿਚ 365 ਦਿਨ ਮਨਾਉਂਦੇ ਹੋਏ ਸਾਨੂੰ ਲੱਖਾਂ ਹੋਣਹਾਰ ਬੱਚੇ ਬਨਾ ਸਰਵ ਪੱਖੀ ਅੱਗੇ ਵਧੂ ਬੱਚਿਆਂ ਨੂੰ ਸਨਮਾਨਿਤ ਕਰਕੇ ਘਰ, ਸਕੂਲ, ਸਮਾਜ, ਦੇਸ਼ ਵਿਚ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਨਾਉਣ, ਨਸ਼ਿਆਂ ਵਰਗੀ ਲਾਹਨਤ, ਧਰਮ ਜਾਤ—ਪਾਤ, ਊਚ—ਨੀਚ ਤੋਂ ਉਪਰ ਵਧੀਆ ਸਮਾਜ, ਦੇਸ਼ ਦੁਨੀਆਂ ਦੀ ਸਿਰਜਣਾ ਕਰਨ ਦਾ ਪਿਛਲੇ 50 ਸਾਲਾਂ ਤੋਂ ਲਗਾਤਾਰ ਹਰ ਸਾਲ 200 ਤੋਂ 250 ਸਕੂਲਾਂ ਵਿਚ ਅੰਮ੍ਰਿਤ ਵੇਲੇ ਪ੍ਰਾਰਥਣਾਵਾਂ ਲਗਭਗ 50 ਲੱਖ ਬੱਚਿਆਂ ਨੂੰ ਰੋਜਾਣਾ ਮਾਂ—ਬਾਪ, ਸਕੂਲ ਵਿਚ ਸਮਾਜ ਵਿਚ ਆਪਣੇ ਵਿਰਸੇ, ਸੰਸਕ੍ਰਿਤੀ, ਗੁਰੂਆਂ, ਪੀਰਾਂ, ਪੈਗੰਬਰਾਂ, ਸ਼ਹੀਦਾਂ ਦੀਆਂ ਅਦੁੱਤੀਆਂ ਸਹਾਦਤਾਂ ਅਤੇ ਗੁਰੂ ਤੇਗ ਬਹਾਦਰ ਹਿੰਦ ਦੀ ਚਾਂਦਰ, ਚਾਰ ਸਾਹਿਬਜਾਦਿਆਂ, ਗੁਰੂ ਅਰਜਨ ਦੇਵ, ਗੁਰੂ ਗੋਬਿੰਦ ਸਿੰਘ, ਭਗਤ ਪ੍ਰਲਾਦ, ਵੀਰ ਹਕੀਕਤ ਪ੍ਰਹ ਭਗਤ ਆਦਿ ਬੱਚਿਆਂ ਦੀਆਂ ਅਦੁਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਦੀ ਬੱਚੇ ਬਨ ਭਾਰਤ ਦੀ ਢੁੱਬੀਨਇਆ ਨੂੰ ਫਿਰ ਉਪਰ ਉਠਾਉਣ ਤੇ ਭਾਰਤ ਦਾ ਨਾਮ ਹਰ ਦਾਇਰੇ ਵਿਚ ਨਹੀਂ ਬਲਕਿ ਸਮੁੱਚੀ ਸ੍ਰਿਸ਼ਟੀ ਖਾਸ ਤੌਰ ਤੇ ਜੀਵਾ ਨਿਰਜੀਵਾ ਬਨਸਪਤੀ ਤੇ ਸਮੁੱਚੀ ਚੁਰਾਸੀ ਲੱਖ ਜੂਨਾਂ ਦੀ ਭਲਾਈ ਲਈ ਕੰਮ ਕਰਣ ਦੇ ਪ੍ਰਣ ਦਿਵਾਏ ਗਏ, ਜਿਨ੍ਹਾਂ ਦੇ ਕਾਰਗਰ ਸਿੱਟੇ ਸਾਹਮਣੇ ਆਏ ਤੇ ਆ ਰਹੇ ਹਨ, ਅਸਲ ਇਹ ਸਮੇਂ ਦੀ ਮੰਗ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਆਨੰਦਪੁਰ ਸਾਹਿਬ ਤੋਂ ਸ਼ੁਰੂ ਹੋਈ

# 'ਧਰਮ ਰੱਖਿਅਕ ਯਾਤਰਾ' ਨਗਰ ਕੀਰਤਨ ਦੇ ਰੂਪ 'ਚ ਦੂਜੇ ਦਿਨ ਪਹੁੰਚੀ ਦਿੱਲੀ



**ਨਵੀਂ ਦਿੱਲੀ, 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-** ਸ੍ਰੀ ਆਨੰਦਪੁਰ ਸਾਹਿਬ ਤੋਂ ਬੀਤੇ ਕੱਲ੍ਹ ਸ਼ੁਰੂ ਹੋਈ 'ਧਰਮ ਰੱਖਿਅਕ ਯਾਤਰਾ' ਨਗਰ ਕੀਰਤਨ ਦੇ ਰੂਪ ਵਿਚ ਅੱਜ ਅੰਬਾਲਾ ਤੋਂ ਨਵੀਂ ਦਿੱਲੀ ਦੇ ਗੁਰਦੁਆਰਾ ਸੀਸਗੰਜ ਸਾਹਿਬ ਵਿਚ ਦੇਰ ਰਾਤ ਪਹੁੰਚੀ। ਇਹ ਯਾਤਰਾ ਬੀਤੇ ਕੱਲ੍ਹ ਸ੍ਰੀ ਆਨੰਦਪੁਰ ਸਾਹਿਬ ਤੋਂ ਸ਼ੁਰੂ ਹੋਣ ਮਗਰੋਂ ਅੰਬਾਲਾ ਵਿਚ ਗੁਰਦੁਆਰਾ ਮੰਜੀ ਸਾਹਿਬ ਵਿਖੇ ਠਹਿਰਾਅ ਦੇ ਰੂਪ ਵਿਚ ਰੁਕੀ ਸੀ। ਅੱਜ ਸਵੇਰੇ ਯਾਤਰਾ ਗੁਰਦੁਆਰਾ ਮੰਜੀ ਸਾਹਿਬ ਤੋਂ ਆਰੰਭ ਹੋਈ ਅਤੇ ਤਰਾਵੜੀ ਤੇ ਹੋਰ ਥਾਵਾਂ ਤੋਂ ਹੁੰਦੀ ਹੋਈ ਦੇਰ ਸ਼ਾਮ ਗੁਰਦੁਆਰਾ ਸੀਸਗੰਜ ਸਾਹਿਬ ਪਹੁੰਚੀ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਸਮੁੱਚੇ ਰਸਤੇ ਵਿਚ ਸੰਗਤਾਂ ਨੇ ਨਗਰ ਕੀਰਤਨ ਰੂਪੀ ਯਾਤਰਾ ਨੂੰ ਬਹੁਤ ਪਿਆਰ ਅਤੇ ਸਤਿਕਾਰ ਦਿੱਤਾ ਹੈ। ਉਹਨਾਂ ਕਿਹਾ ਕਿ ਸੰਗਤਾਂ ਨੇ ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਨੂੰ ਬਹੁ ਭਾਂਤੀ ਲੰਗਰ ਛਕਾਏ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਸਤਿਕਾਰ ਭੇਂਟ ਕੀਤਾ ਹੈ। ਉਹਨਾਂ ਕਿਹਾ ਕਿ ਉਹ ਵੱਖ-ਵੱਖ ਸੰਪਰਦਾਵਾਂ ਦੇ ਮੁਖੀਆਂ ਦੇ ਵੀ ਧੰਨਵਾਦੀ ਹਨ ਜਿਹਨਾਂ ਨੇ ਯਾਤਰਾ ਦਾ ਸਨਮਾਨਤ ਤੇ ਸਵਾਗਤ ਕੀਤਾ। ਉਹਨਾਂ ਕਿਹਾ ਕਿ ਇਹ ਜੀਵਨ ਵਿਚ ਇਕ ਵਾਰ ਆਉਣ ਵਾਲਾ ਇਤਿਹਾਸਕ ਮੌਕਾ ਹੈ ਜਦੋਂ ਅਸੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਨਿੰਨ ਸੇਵਕ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾ ਰਹੇ ਹਾਂ। ਉਹਨਾਂ ਕਿਹਾ ਕਿ ਉਹ ਸੰਗਤਾਂ ਵਡਭਾਗੀਆਂ ਹਨ ਜਿਹਨਾਂ ਨੂੰ ਇਹ ਦਿਹਾੜਾ ਮਨਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਆਪ ਕ੍ਰਿਪਾ ਕਰ ਕੇ ਇਹ ਦਿਹਾੜਾ ਮਨਾਉਣ ਦਾ ਸੁਭਾਗ ਸੰਗਤਾਂ ਨੂੰ ਬਖਸ਼ਿਸ਼ ਕੀਤਾ ਹੈ। ਉਹਨਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਸਾਨੂੰ ਗੁਰੂ ਸਾਹਿਬ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਕਰਨ ਦਾ ਸੁਭਾਗ ਬਖਸ਼ਿਆ ਅਤੇ ਇਹਨਾਂ ਸਹਿਜ ਪਾਠਾਂ ਦੀ ਲੜੀ ਦਾ ਭੋਗ ਲਾਲ ਕਿਲ੍ਹੇ 'ਤੇ ਪਾਇਆ ਜਾਵੇਗਾ।

**ਸੰਗਤਾਂ ਵੱਲੋਂ ਅੰਬਾਲਾ ਤੋਂ ਗੁਰਦੁਆਰਾ ਸੀਸਗੰਜ ਸਾਹਿਬ ਤੱਕ ਥਾਂ-ਥਾਂ ਨਗਰ ਕੀਰਤਨ ਦਾ ਹੋਇਆ ਨਿੱਘਾ ਸਵਾਗਤ**

ਉਹਨਾਂ ਕਿਹਾ ਕਿ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਸਾਨੂੰ ਸਿੱਖ ਕੌਮ ਨੂੰ ਆਪਣੇ ਅਮੀਰ ਵਿਰਸੇ ਅਤੇ ਇਤਿਹਾਸ ਤੋਂ ਦੁਨੀਆਂ ਨੂੰ ਜਾਣੂ ਕਰਵਾਉਣ ਦਾ ਮੌਕਾ ਮਿਲਿਆ ਹੈ। ਉਹਨਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆਂ ਵਿਚ ਅਦੁੱਤੀ ਸ਼ਹਾਦਤ ਹੈ ਜਿਸਦੀ ਕੋਈ ਹੋਰ ਮਿਸਾਲ ਦੁਨੀਆਂ ਵਿਚ ਨਹੀਂ ਮਿਲਦੀ ਜਦੋਂ ਕਿ ਗੁਰੂ ਸਾਹਿਬ ਜੀ ਨੇ ਕਿਸੇ ਹੋਰ ਧਰਮ ਦੀ ਰੱਖਿਆ ਵਾਸਤੇ ਆਪਣੀ ਸ਼ਹਾਦਤ ਦਿੱਤੀ ਹੋਵੇ। ਉਹਨਾਂ ਕਿਹਾ ਕਿ ਇਹ ਮਹਾਨ ਕਾਰਜ ਸਿੱਖ ਧਰਮ ਦੀ ਝੋਲੀ ਹੀ ਗੁਰੂ ਸਾਹਿਬ ਨੇ ਆਪ ਪਾਏ ਹਨ। ਉਹਨਾਂ ਕਿਹਾ ਕਿ ਸਿੱਖ ਕੌਮ ਦੁਨੀਆਂ ਦੀ ਇਕਲੌਤੀ ਕੌਮ ਹੈ ਜਿਸਨੇ ਸਭ ਤੋਂ ਵੱਧ ਸ਼ਹਾਦਤਾਂ ਦਿੱਤੀਆਂ ਹਨ ਤੇ ਇਹ ਸ਼ਹਾਦਤਾਂ ਹੀ ਸਾਡਾ ਮਾਰਗ ਦਰਸ਼ਨ ਕਰਦੀਆਂ ਹਨ। ਉਹਨਾਂ ਕਿਹਾ ਕਿ ਗੁਰਬਾਣੀ ਦੇ ਲੜ ਲੱਗ ਕੇ ਅਤੇ ਆਪਣੇ ਅਮੀਰ ਵਿਰਸੇ ਤੋਂ ਦੁਨੀਆਂ ਨੂੰ ਜਾਣੂ ਕਰਵਾ ਕੇ ਹੀ ਅਸੀਂ ਆਪਣੇ ਜੀਵਨ ਨੂੰ ਸਫਲਾ ਕਰ ਸਕਦੇ ਹਾਂ ਤੇ ਇਸ ਮਾਮਲੇ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਨਿਭਾ ਰਹੀ ਹੈ।

# ਸਰਕਾਰੀ ਮਿਡਲ ਸਕੂਲ ਬੱਗਾ 'ਚ ਡਰਾਈਡੇ ਮਨਾਇਆ




**ਚੌਕ ਮਹਿਤਾ ,14 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਸਿਵਲ ਸਰਜਨ ਡਾ: ਭਾਰਤੀ ਧਵਨ ਅੰਮ੍ਰਿਤਸਰ ਅਤੇ ਐਸਐਮਓ ਤਰਸਿੱਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਐਪੀਡੀਮੋਲੋਜਿਸਟ ਹਰਜੀਤ ਕੌਰ ਦੀ ਅਗਵਾਈ ਹੇਠ ਐਲੀਮੈਂਟਰੀ ਸਕੂਲ ਬੱਗਾ ਵਿਖੇ ਬੱਚਿਆਂ ਨੂੰ ਡੇਂਗੂ ਮੱਛਰਾਂ ਤੋਂ ਹੋਣ ਵਾਲੇ ਬੁਖਾਰ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਜਿਸ ਵਿਚ ਡੇਂਗੂ ਮੱਛਰਾਂ ਤੋਂ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਅਪਿੰਦਰ ਸਿੰਘ ਐਸ.ਆਈ,ਧਰਮਿੰਦਰਜੀਤ ਐਸ.ਆਈ ਨੇ ਦੱਸਿਆ ਕਿ ਡੇਂਗੂ ਬੁਖਾਰ ਐਡੀਜ ਅਜੈਪਟ ਨਾਂ ਦਾ ਮੱਛਰ ਦਿਨ ਦੇ ਵੇਲੇ ਸਾਫ ਪਾਣੀ ਤੇ ਪਲਦਾ ਹੈ ਤੇ ਸ਼ਾਮ ਵੇਲੇ ਕੱਟਦਾ ਹੈ। ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਵੇਂ ਡੇਂਗੂ ਮੱਛਰਾਂ ਤੋਂ ਬਚਿਆ ਜਾ ਸਕਦਾ ਹੈ, ਜਿਵੇਂ ਕਿ ਆਪਣੇ ਆਲੇ ਦੁਆਲੇ ਘਰਾਂ 'ਚ ਟੁੱਟੇ ਭੱਜੇ ਬਰਤਨ, ਪੁਰਾਣੇ ਟਾਇਰ,ਗਮਲੇ ਅਤੇ ਕੂਲਰਾਂ ਵਿਚ ਪਾਣੀ ਆਦਿ ਨਾਂ ਖੜ੍ਹਾ ਹੋਣ ਦਿੱਤਾ ਜਾਵੇ ਇਸ ਮੌਕੇ ਅਮਨਪ੍ਰੀਤ ਕੌਰ ਸੀ.ਐਚ .ਓ, ਸੁਖਚੈਨ ਸਿੰਘ ਹੈਲਥ ਵਰਕਰ, ਕੋਮਲਪ੍ਰੀਤ ਕੌਰ, ਕੁਲਵਿੰਦਰ ਕੌਰ, ਰਜਿੰਦਰ ਕੌਰ ਰਣਜੀਤ ਕੌਰ, ਜਸਬੀਰ ਕੌਰ, ਗੁਰਜੀਤ ਕੌਰ ਆਸਾ ਵਰਕਰ ਆਦਿ ਹਾਜ਼ਰ ਸਨ।

# ਖ਼ਾਲਸਾ ਅਕੈਡਮੀ ਦੇ ਵਿਦਿਆਰਥੀ ਕੀਰਤਨ ਮੁਕਾਬਲੇ 'ਚ ਪਹਿਲੇ ਸਥਾਨ 'ਤੇ



**ਚੌਕ ਮਹਿਤਾ, 14 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਦਮਦਮੀ ਟਕਸਾਲ ਦੇ 16ਵੇਂ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਕ ਦੇ ਵਿਦਿਆਰਥੀਆਂ ਨੇਕੀਰਤਨ ਮੁਕਾਬਲਿਆਂ ਵਿਚ ਅਵਲ ਰਹਿੰਦਿਆਂ ਆਪਣੇ ਸਕੂਲ, ਅਧਿਆਪਕਾਂ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀ ਬਾਬਾ ਜਗਤਾਰ ਸਿੰਘ ਜੀ ਅਤੇ ਬਾਬਾ ਮਹਿੰਦਰ ਸਿੰਘ ਜੀ ਕਾਰ ਸੇਵਾ ਵਾਲਿਆਂ ਦੇ ਉਪਰਾਲੇ ਸਦਕਾ ਚੱਲ ਰਹੀ ਗੁਰੂ ਨਾਨਕ ਦੇਵ ਅਕੈਡਮੀ ਝਬਾਲ ਰੋਡ, ਤਰਨ ਤਾਰਨ ਵਿਖੇ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਾਲਾਨਾ ਗੁਰਬਾਣੀ ਕੀਰਤਨ ਗਾਇਨ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਖਾਲਸਾ ਅਕੈਡਮੀ ਮਹਿਤਾ ਦੇ ਵਿਦਿਆਰਥੀਆਂ ਮਨਵੀਰ ਕੌਰ, ਜਸਕੀਰਤ ਕੌਰ, ਗੁਰਲੀਨ ਕੌਰ, ਏਕਮਪ੍ਰੀਤ ਕੌਰ, ਏਕਜੋਤ ਕੌਰ, ਜੁਝਾਰ ਸਿੰਘ ਤੇ ਹਰਮਨਪ੍ਰੀਤ ਸਿੰਘ ਨੇ ਵਧੀਆ ਪੇਸ਼ਕਾਰੀ ਦਿੰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਸੰਗੀਤ ਅਧਿਆਪਕ ਜਗਦੀਪ ਸਿੰਘ, ਗੁਰਮੁੱਖ ਸਿੰਘ ਤੇ ਵਿਦਿਆਰਥੀਆਂ ਨੂੰ ਵਧਾਈ ਦਿਤੀ।

# ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਬਿਹਾਰ ਵਿੱਚ ਨੀਤਿਸ਼ ਕੁਮਾਰ ਦੀ ਪਾਰਟੀ ਜੇ.ਡੀ.ਯੂ. ਸਮੇਤ ਪੂਰੇ ਐਨ.ਡੀ.ਏ. ਦੀ ਭਾਰੀ ਜਿੱਤ 'ਤੇ ਦਿੱਤੀ ਗਈ ਵਧਾਈ



**ਨਵੀਂ ਦਿੱਲੀ, 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਬਿਹਾਰ ਦੀ ਜਨਤਾ ਨੇ ਦੁਬਾਰਾ ਨੀਤਿਸ਼ ਕੁਮਾਰ ਦੀ ਪਾਰਟੀ ਜੇ.ਡੀ.ਯੂ. ਸਮੇਤ ਪੂਰੇ ਐਨ.ਡੀ.ਏ. ਗਠਜੋੜ ਨੂੰ ਦਿੱਤੀ ਭਾਰੀ ਸਫਲਤਾ 'ਤੇ ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਗੁਰੂ ਘਰ ਦੀ ਸੇਵਾ ਦਾ ਨਤੀਜਾ ਹੈ ਕਿ ਨੀਤਿਸ਼ ਕੁਮਾਰ ਇਕ ਵਾਰ ਫਿਰ ਮੁੱਖ ਮੰਤਰੀ ਬਣਨ ਜਾ ਰਹੇ ਹਨ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਭਾਜਪਾ ਦੇ ਹੋਰ ਵੱਡੇ ਨੇਤਾ ਬਿਹਾਰ ਚੋਣਾਂ ਦੌਰਾਨ ਜਿਸ ਤਰੀਕੇ ਨਾਲ ਤਰਤੀਬਵਾਰ ਤੌਰ 'ਤੇ ਆ ਕੇ ਤਖ਼ਤ ਪਟਨਾ ਸਾਹਿਬ ਵਿੱਚ ਮੱਥਾ ਟੇਕ ਕੇ ਗੁਰੂ ਮਹਾਰਾਜ ਦਾ ਅਸੀਸ ਲੈਂਦੇ ਰਹੇ, ਉਹ ਮਹੱਤਵਪੂਰਨ ਹੈ। ਮਾਨਯੋਗ ਮੁੱਖ ਮੰਤਰੀ ਜੀ ਤਾਂ ਅਕਸਰ ਗੁਰੂ ਮਹਾਰਾਜ ਨੂੰ ਨਤਮਸਤਕ ਹੋਣ ਲਈ ਹੀ ਨਹੀਂ ਪਹੁੰਚਦੇ, ਬਲਕਿ ਵਧ ਚੜ੍ਹ ਕੇ ਸੇਵਾ ਵਿੱਚ ਭਾਗ ਵੀ ਲੈਂਦੇ ਹਨ। ਗੁਰੂ ਤੇਗ ਬਹਾਦੁਰ ਜੀ ਦੀ ਸ਼ਹੀਦੀ ਸ਼ਤਾਬਦੀ ਦਾ ਪ੍ਰੋਗਰਾਮ ਬਿਹਾਰ ਸਰਕਾਰ ਦੇ ਸਹਿਯੋਗ ਨਾਲ ਮਨਾਇਆ ਗਿਆ ਅਤੇ ਜਾਗਰਤੀ ਯਾਤਰਾ ਕੱਢਣ ਵਿੱਚ ਵੀ ਸਹਿਯੋਗ ਦਿੱਤਾ ਗਿਆ। ਇਹ ਉਸਦਾ ਹੀ ਨਤੀਜਾ ਹੈ ਕਿ ਗੁਰੂ ਜੀ ਨੇ ਉਨ੍ਹਾਂ ਨੂੰ ਮੁੜ ਸੇਵਾ ਬਖ਼ਸ਼ੀ ਹੈ। ਉਮੀਦ ਹੈ ਕਿ ਉਹ ਹੋਰ ਵਧ ਚੜ੍ਹ ਕੇ ਸੇਵਾ ਜਾਰੀ ਰੱਖਣਗੇ। ਸਰਦਾਰ ਜਗਜੋਤ ਸਿੰਘ ਸੋਹੀ ਦੇ ਨਾਲ ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ-ਪ੍ਰਧਾਨ ਲਖਵਿੰਦਰ ਸਿੰਘ, ਉਪ-ਪ੍ਰਧਾਨ ਗੁਰਵਿੰਦਰ ਸਿੰਘ, ਸਚਿਵ ਹਰਬੰਸ ਸਿੰਘ, ਮੈਂਬਰ ਹਰਪਾਲ ਸਿੰਘ ਜੌਹਲ, ਮੋਹਿੰਦਰ ਪਾਲ ਸਿੰਘ ਢਿੱਲੋਂ, ਰਾਜਾ ਸਿੰਘ, ਗੋਬਿੰਦ ਸਿੰਘ ਲੌਂਗੋਵਾਲ, ਗੁਰਿੰਦਰ ਸਿੰਘ ਬਾਵਾ, ਮੀਡੀਆ ਪ੍ਰਭਾਰੀ ਸੁਦੀਪ ਸਿੰਘ ਨੇ ਵੀ ਨੀਤਿਸ਼ ਕੁਮਾਰ ਸਮੇਤ ਉਨ੍ਹਾਂ ਦੇ ਸਾਰੇ ਵਿਧਾਇਕਾਂ ਨੂੰ ਵਧਾਈ ਦਿੱਤੀ।

# ਫਰੀਡਮ ਫਾਈਟਰ ਦੇ ਅਹੁਦੇਦਾਰਾਂ ਨੂੰ ਗ੍ਰਿਫਤਾਰ ਕਰਨਾ ਮੰਦਭਾਗਾ-ਸਤਨਾਮ ਸਿੰਘ

**ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :-** ਪੰਜਾਬ ਯੂਨੀਵਰਸਿਟੀ ਦੀ ਲੜਾਈ ਲੜ ਰਹੇ ਆਗੂਆਂ ਨਾਲ ਧੱਕੇਸ਼ਾਹੀ ਕਰਨਾ ਮੰਦਭਾਗਾ ਕਾਰਜ। ਇਹ ਵਿਚਾਰ ਸਾਂਝੇ ਕਰਦਿਆਂ ਸਤਨਾਮ ਸਿੰਘ ਲਹਿਰਾ ਸਕੱਤਰ ਫਰੀਡਮ ਫਾਈਟਰ ਤੇ ਸਾਥੀਆਂ ਨੇ ਕਿਹਾ ਕਿ ਫਰੀਡਮ ਫਾਈਟਰ ਉਤਰਾਧਿਕਾਰੀ 196 ਦੇ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋਂ ਨੂੰ ਗ੍ਰਿਫਤਾਰ ਕਰਨ ਤੇ ਦੇਸ਼ ਭਗਤ ਪਰਿਵਾਰਾਂ ਵਿੱਚ ਭਾਰੀ ਰੋਸ। ਗੱਲਬਾਤ ਕਰਦਿਆਂ ਸਕੱਤਰ ਫਰੀਡਮ ਫਾਈਟਰ ਸਤਨਾਮ ਸਿੰਘ ਲਹਿਰਾ, ਜ਼ਿਲ੍ਹਾ ਪ੍ਰਧਾਨ ਪ੍ਰਵੀਨ ਕੁਮਾਰ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਸੰਧੂ ਨੇ ਕਿਹਾ ਕਿ ਯੂਨੀਵਰਸਿਟੀ ਨੂੰ ਬਾਹਰਲੀ ਸਟੇਟ ਵੇਚਣਾ ਬੁਹਤ ਮੰਦਭਾਗਾ ਕੰਮ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਭਵਿੱਖ ਦੀ ਸਰਕਾਰਾਂ ਨੇ ਕਦੇ ਪ੍ਰਵਾਹ ਨਹੀਂ ਕੀਤੀ, ਨੰਨੀ ਜਾਣ ਤੇ ਲਾਠੀਚਾਰਜ ਕੀਤਾ। ਉਨ੍ਹਾਂ ਕਿਹਾ ਕਿ ਫ੍ਰੀਡਮ ਫਾਈਟਰ ਅਹੁਦੇਦਾਰਾਂ ਅਤੇ ਹੋਰ ਕਈ ਜਥੇਬੰਦੀਆਂ ਨੇ ਧਰਨੇ ਵਿੱਚ ਸ਼ਮੂਲੀਅਤ ਕੀਤੀ, ਦੇਸ਼ ਦੀ ਅਜਾਦੀ ਬਾਅਦ ਪਹਿਲੀ ਵਾਰ ਫ੍ਰੀਡਮ ਫਾਈਟਰ ਨੂੰ ਗ੍ਰਿਫਤਾਰ ਕੀਤਾ ਗਿਆ ਜੋ ਬੁਹਤ ਸ਼ਰਮਨਾਕ ਗੱਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਬਾਲ ਦਿਵਸ ਅਤੇ ਰੰਗ ਤਰੰਗ ਦਿਵਸ ਮਨਾਇਆ

# ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਬਾਲ ਦਿਵਸ ਦੀਆਂ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ





**ਜਗਰਾਉਂ -(ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ ਦੀ ਦੇਖ ਰੇਖ ਹੇਠ ਬਾਲ ਦਿਵਸ ਅਤੇ ਰੰਗ ਤਰੰਗ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ, ਇਸ ਮੌਕੇ ਮੁੱਖ ਮਹਿਮਾਨ ਵਜੋਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ ਪਹੁੰਚੇ, ਤੇ ਨਾਲ ਨਾਲ ਬੱਚਿਆਂ ਦੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ, ਇਸ ਮੌਕੇ ਬੱਚਿਆਂ ਦੇ ਪ੍ਰਾਇਮਰੀ ਪੱਧਰ ਤੇ ਡਰਾਇੰਗ, ਐਲੀਮੈਂਟਰੀ ਪੱਧਰ ਡਰਾਇੰਗ, ਇੰਗਲਿਸ਼ ਪ੍ਰਸ਼ਨ ਪ੍ਰਤੀਯੋਗਤਾ ਪ੍ਰਾਇਮਰੀ ਤੇ ਐਲੀਮੈਂਟਰੀ ਪੱਧਰ ਮੁਕਾਬਲੇ ਕਰਵਾਏ ਗਏ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਨਾਲ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ, ਸਕੂਲ ਦੇ ਬੱਚਿਆਂ ਵੱਲੋਂ ਵੱਖ ਵੱਖ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ ਗਈ, ਤੇ ਇਸ ਦੇ ਨਾਲ ਨਾਲ ਬੱਚਿਆਂ ਵੱਲੋਂ ਖ਼ੂਬ ਮਨੋਰੰਜਨ ਕੀਤਾ ਗਿਆ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਸਮੂਹ ਬੱਚਿਆਂ ਨੂੰ ਬਾਲ ਦਿਵਸ ਦੀਆਂ ਮੁਬਾਰਕਾਂ ਵੀ ਦਿੰਦਿਆਂ ਕਿਹਾ ਕਿ ਬਾਲ ਦਿਵਸ ਪੰਡਤ ਜਵਾਹਰ ਲਾਲ ਨਹਿਰੂ ਜੀ ਨਾਲ ਰਲੇਟਿਡ ਹੈ। ਪੰਡਿਤ ਜਵਾਹਰ ਲਾਲ ਨਹਿਰੂ ਬੱਚਿਆਂ ਨੂੰ ਬੇਹੱਦ ਪਿਆਰ ਕਰਦੇ ਸਨ। ਇਸ ਲਈ ਉਨ੍ਹਾਂ ਦੀ ਨਿੱਘੀ ਪਿਆਰੀ ਯਾਦ ਵਿੱਚ 14 ਨਵੰਬਰ ਦਾ ਦਿਨ ਖ਼ਾਸ ਕਰਕੇ ਬੱਚਿਆਂ ਲਈ ਸੈਲੀਬ੍ਰੇਟ ਕੀਤਾ ਜਾਂਦਾ ਹੈ।



ਇਸ ਮੌਕੇ ਪ੍ਰਤੀਯੋਗਤਾ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ, ਇਸ ਮੌਕੇ ਕਲਸਟਰ ਕੋਆਰਡੀਨੇਟਰ ਰਵਿੰਦਰਪਾਲ ਸਿੰਘ ਰੰਧਾਵਾ, ਫਾਇਨਾਂਸ ਹੈੱਡ ਰੋਹਿਤ ਗੁਪਤਾ, ਹਿਊਮਨ ਰੀਸੋਰਸ ਡਿਪਾਰਟਮੇਂਟ ਦੇ ਜਾਨਵੀ ਤਰਣਾ ਨੇ ਵੀ ਬੱਚਿਆਂ ਨੂੰ ਬਾਲ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਦਾ ਹੌਂਸਲਾ ਅਫਜ਼ਾਈ ਕੀਤਾ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਮਨਪ੍ਰੀਤ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਜਸਪ੍ਰੀਤ ਕੌਰ, ਗੁਰਜੀਤ ਕੌਰ, ਸੁਮਨਦੀਪ ਕੌਰ, ਰਾਜਦੀਪ ਕੌਰ, ਪ੍ਰੀਤ ਸਿੰਘ ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ, ਜਗਤਾਰ ਸਿੰਘ, ਹਰਪਾਲ ਸਿੰਘ, ਪੰਚਾਇਤ ਮੈਂਬਰ ਸ਼੍ਰੀ ਮਤੀ ਇੰਦਰਜੀਤ ਕੌਰ, ਕਲਸਟਰ ਕੋਆਰਡੀਨੇਟਰ ਰਵਿੰਦਰਪਾਲ ਸਿੰਘ ਰੰਧਾਵਾ, ਫਾਇਨਾਂਸ ਹੈਡ ਰੋਹਿਤ ਗੁਪਤਾ, ਹਿਊਮਨ ਰੀਸੋਰਸ ਡਿਪਾਰਟਮੇਂਟ ਦੇ ਜਾਨਵੀ, ਤਰੁਣਾ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਧੂਮ ਧਾਮ ਨਾਲ ਮਨਾਇਆ ਗਿਆ ਬਾਲ ਦਿਵਸ

# ਬੱਚਿਆਂ ਲਈ ਸਕੂਲ ਵਿੱਚ ਬਣਾਇਆ ਮੇਲੇ ਵਾਲਾ ਮਹੌਲ : ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ



**ਬਰਨਾਲਾ, (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਧੂਮ ਧਾਮ ਨਾਲ ਬਾਲ ਦਿਵਸ ਮਨਾਇਆ ਗਿਆ, ਸਵੇਰੇ ਇੰਟਰੀ ਮੌਕੇ ਸਕੂਲ ਸਟਾਫ਼ ਵੱਲੋਂ ਬੱਚਿਆਂ ਤੋਂ ਦੀ ਗੁਲਾਬ ਦੇ ਫੁੱਲਾਂ ਦੀ ਵਰਖਾ ਕੀਤੀ ਗਈ, ਵਿਸ਼ੇਸ਼ ਤੌਰ ਤੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਪ੍ਰੋਗਰਾਮ ਦੀ ਸ਼ੁਰੂਆਤ ਤਾੜੀਆਂ ਦੀ ਗੂੰਜ ਵਿੱਚ ਕਰਵਾਈ, ਇਸ ਮੌਕੇ ਬੱਚਿਆਂ ਦੇ ਮੰਨੋਰੰਜਨ ਲਈ ਮਿੱਕੀ ਮਾਊਸ, ਜੰਪਿੰਗ, ਟ੍ਰੇਨ, ਝੂਲਿਆਂ ਆਦਿ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਇਲਾਵਾ ਸਕੂਲ ਪ੍ਰਬੰਧਕਾਂ ਵੱਲੋਂ ਬੱਚਿਆਂ ਦੇ ਖਾਣ ਪੀਣ ਲਈ ਗੋਲ ਗੱਪੇ, ਪਾਪੜ, ਪੌਪ ਕੋਰਨ, ਚਟਪਟੀ ਚਾਟ ਆਦਿ ਦੀਆਂ ਸਟਾਲਾਂ ਲਗਵਾਈਆਂ ਗਈਆਂ। ਸਕੂਲ ਵਿਦਿਆਰਥੀਆਂ ਨੇ ਖ਼ੂਬ ਮਨੋਰੰਜਨ ਕੀਤਾ ਤੇ ਲੱਗੀਆਂ ਖਾਣ ਪੀਣ ਵਾਲੀਆਂ ਸਟਾਲਾਂ ਤੋਂ ਖਾਣ ਪੀਣ ਕੀਤਾ ਤੇ ਵਧੀਆ ਢੰਗ ਨਾਲ ਬਾਲ ਦਿਵਸ ਮਨਾਉਣ ਲਈ ਸਮੂਹ ਸਕੂਲ ਸਟਾਫ਼ ਅਤੇ ਮੈਨੇਜਮੈਂਟ ਦਾ ਧੰਨਵਾਦ ਕੀਤਾ। ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਬੱਚੇ ਸਮਾਜ ਦੇ ਨਿਰਮਾਤਾ ਹਨ। ਸਾਡੇ ਸਟਾਫ਼ ਵੱਲੋਂ ਚੰਗੀ ਵਿੱਦਿਆ ਦੇ ਨਾਲ ਨਾਲ ਅਜਿਹੇ ਉਪਰਾਲੇ ਸਮੇਂ ਸਮੇਂ ਨਾਲ ਕੀਤੇ ਜਾਂਦੇ ਹਨ। ਤਾਂ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ। ਬੱਚਿਆਂ ਨੇ ਇਸ ਪ੍ਰੋਗਰਾਮ ਦਾ ਖ਼ੂਬ ਆਨੰਦ ਮਾਣਿਆ। ਸਾਡੇ ਵੱਲੋਂ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਬੱਚਿਆਂ ਨੂੰ ਵਿੱਦਿਆ ਦੇ ਨਾਲ ਨਾਲ ਸੱਭਿਆਚਾਰਕ ਗਤੀਵਿਧੀਆਂ ਅਤੇ ਖੇਡਾਂ ਨਾਲ ਵੀ ਜੋੜਿਆ ਜਾਵੇ ਤੇ ਸਮੇਂ ਸਮੇਂ ਨਾਲ ਸਕੂਲ ਦੇ ਬੱਚੇ ਖੇਡ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਂਦੇ ਹਨ, ਤੇ ਸਾਡੇ ਸਕੂਲ ਦੇ ਬੱਚੇ ਸਟੇਟ ਪੱਧਰ ਤੱਕ ਮੱਲਾਂ ਮਾਰ ਰਹੇ ਹਨ। ਤੇ ਸਾਡੇ ਇੱਕ ਬੱਚੇ ਦੀ ਨੈਸ਼ਨਲ ਪੱਧਰ ਦੀਆਂ ਖੇਡਾਂ ਲਈ ਵੀ ਚੋਣ ਹੋਈ ਹੈ। ਸਾਡੇ ਸਕੂਲ ਦੇ ਬੱਚੇ ਵੱਖ ਵੱਖ ਖੇਡ ਮੁਕਾਬਲਿਆਂ ਵਿੱਚ ਜੇਤੂ ਰਹਿ ਕੇ ਇਨਾਮ ਜਿੱਤ ਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਆਪਣੇ ਪਿੰਡ ਦਾ ਵੀ ਨਾਮ ਰੌਸ਼ਨ ਕਰਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਮੂਹ ਸਕੂਲ ਸਟਾਫ਼ ਦਾ ਵਧੀਆ ਡਿਊਟੀਆਂ ਨਿਭਾਉਣ ਲਈ ਧੰਨਵਾਦ। ਇਸ ਤੋਂ ਇਲਾਵਾ ਕੁਲਜੀਤ ਸਿੰਘ ਦੀਵਾਨਾ ਨੇ ਕਿਹਾ ਕਿ ਚਿਲਡਰਨ ਡੇ ਸਾਡੇ ਸਕੂਲ ਵਿੱਚ ਅੱਜ ਧੂਮਧਾਮ ਨਾਲ ਮਨਾਇਆ ਗਿਆ ਹੈ। ਬੱਚਿਆਂ ਨੇ ਖ਼ੂਬ ਮਨੋਰੰਜਨ ਕੀਤਾ , ਬੱਚੇ ਮਨੋਰੰਜਨ ਦੇ ਸਾਧਨਾਂ ਨੂੰ ਵੇਖ ਕੇ ਬਹੁਤ ਖ਼ੁਸ਼ ਹੋਏ, ਬੱਚਿਆਂ ਨੂੰ ਖ਼ੁਸ਼ ਵੇਖ ਕੇ ਸਾਨੂੰ ਵੀ ਬਹੁਤ ਚੰਗਾ ਲੱਗ ਰਿਹਾ ਹੈ। ਬਾਲ ਦਿਵਸ ਪੰਡਤ ਜਵਾਹਰ ਲਾਲ ਨਹਿਰੂ ਜੀ ਨਾਲ ਰਿਲੇਟਿਡ ਹੈ। ਪੰਡਤ ਜਵਾਹਰ ਲਾਲ ਨਹਿਰੂ ਜੀ ਬੱਚਿਆਂ ਨੂੰ ਬੇਹੱਦ ਪਿਆਰ ਕਰਦੇ ਸਨ। ਇਸ ਲਈ 14 ਨਵੰਬਰ ਦਾ ਦਿਨ ਖਾਸ ਕਰਕੇ ਬੱਚਿਆਂ ਲਈ ਸੈਲੀਬ੍ਰਿਟ ਕੀਤਾ ਜਾਂਦਾ ਹੈ। ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਸਕੂਲ ਸਟਾਫ਼ ਦਾ ਪ੍ਰੋਗਰਾਮ ਨੂੰ ਵਧੀਆ ਢੰਗ ਨਾਲ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ, ਇਸ ਮੌਕੇ ਬੱਚਿਆਂ ਅਤੇ ਅਧਿਆਪਕਾਂ ਨੇ ਆਪੋ ਆਪਣੇ ਵਿਚਾਰਾਂ ਦੀ ਸਾਂਝ ਪਾਈ, ਅੰਤ ਵਿੱਚ ਮਿੱਠੀਆਂ ਯਾਦਾਂ ਛੱਡਦਾ ਹੋਇਆ ਬਾਲ ਦਿਵਸ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ। ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਗੁਰਪ੍ਰੀਤ ਕੌਰ, ਰਮਨਜੀਤ ਕੌਰ, ਅਮਨਦੀਪ ਕੌਰ, ਸੁਖਮੀਤ ਕੌਰ, ਹਰਪ੍ਰੀਤ ਕੌਰ, ਪਵਨਜੀਤ ਕੌਰ, ਪ੍ਰਦੀਪ ਕੌਰ, ਮਨਦੀਪ ਕੌਰ, ਅਮਨਜੋਤ ਕੌਰ, ਲਛਮਣੀ, ਕਮਲਜੀਤ ਕੌਰ, ਪ੍ਰਭਜੋਤ ਕੌਰ, ਨਵਜੋਤ ਕੌਰ, ਲਵਪ੍ਰੀਤ ਕੌਰ, ਨਵਜੋਤ ਕੌਰ, ਸਮੇਤ ਸਕੂਲ ਦੇ ਬੱਚੇ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV




# ਅੰਮ੍ਰਿਤਸਰ ਦੇ ਤਾਰਾਂ ਵਾਲੇ ਪੁੱਲ 'ਤੇ ਮੋਟਰਸਾਈਕਲ ਤੇ ਵਹਿਣ ਦੇ ਅਕਸੀਡੈਂਟ ਹੋਣ ਨਾਲ ਮੋਟਰਸਾਈਕਲ ਸਵਾਰ ਜਖ਼ਮੀ



**ਚੌਕ ਮਹਿਤਾ, 14 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਕੱਲ ਮਿਤੀ,12,11,2025 ਨੂੰ ਅੰਮ੍ਰਿਤਸਰ ਦੇ ਤਾਰਾਂ ਵਾਲੇ ਪੁਲ ਤੇ ਇੱਕ ਮੋਟਰਸਾਈਕਲ ਸਵਾਰ ਦੀ ਵੈਣ ਨਾਲ ਟੱਕਰ ਹੋ ਗਈ ਜਿਸ ਵਿੱਚ ਮੋਟਰਸਾਈਕਲ ਸਵਾਰ ਗੰਭੀਰ ਜਖਮੀ ਹੋ ਗਿਆ ਰਸਤੇ ਵਿੱਚੋਂ ਜਾ ਰਹੇ ਸਮਾਜ ਸੇਵੀਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਰੁਕ ਕੇ ਜਖਮੀ ਹੋਏ ਨੂੰ ਉਹਨਾਂ ਦਾ ਨਾਮ ਪੁੱਛਿਆ ਤੇ ਉਹਨਾਂ ਨੂੰ ਆਪਣੀ ਗੱਡੀ ਵਿੱਚ ਲੱਦ ਕੇ ਸਿਵਲ ਹਸਪਤਾਲ ਅੰਮ੍ਰਿਤਸਰ ਇਲਾਜ ਲਈ ਸਮੇਂ ਸਿਰ ਪਹੁੰਚਾ ਦਿੱਤਾ ਜਖਮੀ ਹੋਏ ਦਾ ਨਾਮ ਗੁਰਬਚਨ ਸਿੰਘ ਪਿੰਡ ਮਾਲ ਚੱਕ ਜ਼ਿਲ੍ਹਾ ਤਰਨ ਤਾਰਨ ਦੱਸਿਆ ਗਿਆ ਤੇ ਉਹਨਾਂ ਦਾ ਪਰਿਵਾਰ ਵੀ ਮੌਕੇ ਤੇ ਹਸਪਤਾਲ ਪਹੁੰਚ ਗਿਆ ਤੇ ਘਟਨਾ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਦੇ ਕੇ ਸਮਾਜ ਸੇਵੀ ਨੇ ਇੱਕ ਜਿੰਮੇਵਾਰ ਨਾਗਰਿਕ ਹੋਣ ਦਾ ਫਰਜ਼ ਨਿਭਾਇਆ ਤੇ ਜਖਮੀ ਹੋਏ ਮਰੀਜ਼ ਦੇ ਪਰਿਵਾਰ ਨੇ ਤੇ ਰਿਸ਼ਤੇਦਾਰਾਂ ਨੇ ਸਮਾਜ ਸੇਵੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਜੋ ਕਿ ਅਕਾਲ ਸੇਵਾ ਫਾਊਂਡੇਸ਼ਨ ਦੇ ਮੈਂਬਰ ਨੇ ਤੇ ਅਕਸਰ ਹੀ ਰੋਡ ਅਕਸੀਡੈਂਟ ਵਿੱਚ ਜਖਮੀ ਹੋਏ ਮਰੀਜ਼ਾਂ ਨੂੰ ਆਪਣੀ ਗੱਡੀ ਵਿੱਚ ਲੱਦ ਕੇ ਹਸਪਤਾਲ ਸਮੇਂ ਸਿਰ ਇਲਾਜ ਲਈ ਪਹੁੰਚਾ ਦਿੰਦੇ ਨੇ ਅਕਸਰ ਹੀ ਅਸੀਂ ਉਹਨਾਂ ਦੀਆਂ ਵੀਡੀਓ ਤੇ ਫੋਟੋਆਂ ਸੋਸ਼ਲ ਮੀਡੀਆ ਤੇ ਸਮਾਜ ਸੇਵਾ ਤੇ ਕੰਮਾਂ ਲਈ ਵੇਖਦੇ ਰਹਿੰਦੇ ਹਾਂ ਤੇ ਹੁਣ ਤੱਕ 100 ਤੋਂ ਵੱਧ ਜਖਮੀ ਹੋਇਆ ਨੂੰ ਜੋ ਰੋਡ ਅਕਸੀਡੈਂਟ ਵਿੱਚ ਜਖਮੀ ਨੇ ਉਹਨਾਂ ਨੂੰ ਸਮੇਂ ਸਿਰ ਹਸਪਤਾਲ ਪਹੁੰਚਾ ਚੁੱਕੇ ਨੇ ਤੇ ਕਈ ਵਾਰ ਸਰਕਾਰ ਤੇ ਪ੍ਰਸ਼ਾਸਨ ਨੇ ਉਹਨਾਂ ਦੇ ਇਹਨਾਂ ਚੰਗੇ ਕੰਮਾਂ ਦੀ ਸਲਾਗਾ ਕੀਤੀ

ਆਵਾਜ਼ਿ ਕੌਮ AWAZE QAUM International Newspaper & WEB TV

# ਖ਼ਾਲਸਾ ਕਾਲਜ ਵਿਖੇ ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਮੁਕਾਬਲਾ ਕਰਵਾਇਆ ਗਿਆ

**ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**- ਖਾਲਸਾ ਕਾਲਜ ਦੇ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ ਦੀ ਕਾਮਰਸ ਸੋਸਾਇਟੀ ਵੱਲੋਂ ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਮੁਕਾਬਲਾ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਮੁਕਾਬਲੇ 'ਚ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਸ ਮੁਕਾਬਲੇ ਦਾ ਉਦੇਸ਼ ਭਾਗੀਦਾਰਾਂ ਦੀ ਪ੍ਰਤਿਭਾ, ਵਿਚਾਰਾਂ ਅਤੇ ਗਿਆਨ ਨੂੰ ਉਜਾਗਰ ਕਰਨਾ ਸੀ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਹੋਰਨਾਂ ਸਰਗਰਮੀਆਂ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋਗਰਾਮ ਡਾਇਰੈਕਟਰ ਡਾ. ਸਵਰਾਜ ਕੌਰ ਨੇ ਭਾਗੀਦਾਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹਾ ਪ੍ਰੋਗਰਾਮ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਲਈ ਆਪਣੇ ਵਿਚਾਰ, ਖੋਜ, ਪ੍ਰੋਜੈਕਟ ਜਾਂ ਨਵੀਨਤਾਵਾਂ ਪੇਸ਼ ਕਰਨ ਲਈ ਇਕ ਵਧੀਆ ਪਲੇਟਫਾਰਮ ਹੈ। ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਡਾ. ਦੀਪਕ ਦੇਵਗਨ ਨੇ ਕਿਹਾ ਕਿ ਉਕਤ ਮੁਕਾਬਲੇ ਦਾ ਮੂਲ ਉਦੇਸ਼ ਨੌਜਵਾਨਾਂ ਦੀ ਪ੍ਰਤਿਭਾ ਨੂੰ ਉਭਾਰਨਾ ਅਤੇ ਹੁਲਾਰਾ ਦੇਣਾ, ਰਚਨਾਤਮਕਤਾ ਵਿਕਸਿਤ ਕਰਨਾ ਅਤੇ ਸਵੈ-ਸਿੱਖਣ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਪ੍ਰੋ. ਰੀਮਾ ਸਚਦੇਵਾ, ਡਾ. ਸਾਕਸ਼ੀ ਸ਼ਰਮਾ, ਕੋ-ਕੋਆਰਡੀਨੇਟਰ ਡਾ. ਮਨੀਸ਼ਾ ਬਹਿਲ, ਕੋ-ਕੋਆਰਡੀਨੇਟਰ ਪ੍ਰੋ. ਪੂਜਾ ਪੁਰੀ, ਡਾ. ਏ.ਕੇ. ਕਾਹਲੋਂ, ਡਾ. ਪੂਨਮ ਸ਼ਰਮਾ ਹਾਜ਼ਰ ਸਨ, ਜਦਕਿ ਕਾਮਰਸ ਸੋਸਾਇਟੀ ਦੇ ਵਿਦਿਆਰਥੀਆਂ 'ਚ ਅਮਿਤੋਜ ਸਿੰਘ, ਦਾਨਿਸ਼ ਬੱਬਰ, ਸੈਜਲ, ਪ੍ਰਬੀਨ ਅਤੇ ਕਮਲਪ੍ਰੀਤ ਕੌਰ ਨੇ ਸਮਾਗਮ ਦੇ ਸੰਚਾਲਨ 'ਚ ਹਿੱਸਾ ਲਿਆ।

# ਗੈਂਗਸਟਰ ਮਾਡਿਊਲ ਦੇ ਤਿੰਨ ਕਾਰਕੁਨ ਦੋ ਅਤਿ-ਆਧੁਨਿਕ ਪਿਸਤੌਲ ਸਮੇਤ ਕਾਬੂ

## ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਰਮੇਨੀਆ ਅਧਾਰਤ ਲੋੜੀਂਦੇ ਗੈਂਗਸਟਰ ਰਾਜਾ ਹਾਰੂਵਾਲ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ: ਡੀਜੀਪੀ ਗੌਰਵ ਯਾਦਵ

**ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਪ੍ਰਾਪਤ ਕਰਦਿਆਂ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਨੇ ਕਾਊਂਟਰ ਇੰਟੈਲੀਜੈਂਸ ਪਠਾਨਕੋਟ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਗੈਂਗਸਟਰ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਮੈਗਜ਼ੀਨ ਅਤੇ 15 ਜ਼ਿੰਦਾ ਕਾਰਤੂਸਾਂ ਸਮੇਤ ਦੋ .30 ਬੋਰ ਸਟਾਰ-ਮਾਰਕ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਯੂਸਫ਼ ਮਸੀਹ ਉਰਫ਼ ਐਮਪੀ, ਵਾਸੀ ਧਰਮਕੋਟ ਬੱਗਾ, ਬਟਾਲਾ, ਸੈਮੂਅਲ ਮਸੀਹ ਉਰਫ਼ ਅੰਕਿਤ ਉਰਫ਼ ਅੰਕੀ, ਵਾਸੀ ਪਿੰਡਾ ਰੋੜੀ, ਬਟਾਲਾ ਅਤੇ ਸਾਹਿਬਜੀਤ ਸਿੰਘ ਉਰਫ਼ ਸਾਭੀ, ਵਾਸੀ ਹਰੂਵਾਲ, ਬਟਾਲਾ ਵਜੋਂ ਹੋਈ ਹੈ। ਦੋ ਹਥਿਆਰ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਮਾਰੂਤੀ ਸਵਿਫਟ ਕਾਰ, ਜਿਸਦਾ ਰਜਿਸਟ੍ਰੇਸ਼ਨ ਨੰਬਰ ਪੀਬੀ02ਡੀਕਿਉ0314 ਸੀ, ਜਿਸਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ, ਨੂੰ ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਰਮੀਨੀਆ ਅਧਾਰਤ ਲੋੜੀਂਦੇ ਗੈਂਗਸਟਰ ਰਾਜਾ ਹਾਰੂਵਾਲ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ, ਜਿਸਨੇ ਬਰਾਮਦ ਕੀਤੇ ਹਥਿਆਰਾਂ ਦੀ ਡਲਿਵਰੀ ਦਾ ਪ੍ਰਬੰਧ ਕੀਤਾ ਸੀ। ਉਨ੍ਹਾਂ ਕਿਹਾ ਕਿ ਇਹ ਮਾਡਿਊਲ ਹਥਿਆਰਾਂ ਅਤੇ ਪੈਸੇ ਦਾ ਲੈਣ-ਦੇਣ ਕਰਨ ਤੋਂ ਇਲਾਵਾ ਜਬਰੀ ਵਸੂਲੀ ਲਈ ਕਈ ਵਿਅਕਤੀਆਂ ਦੀ ਰੇਕੀ ਵੀ ਕਰ ਰਿਹਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ ਪਿਛਲੇ ਸਬੰਧਾਂ ਦੀ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਸਮੁੱਚੇ ਨੈੱਟਵਰਕ ਨੂੰ ਨਸ਼ਟ ਕੀਤਾ ਜਾ ਸਕੇ। ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਬਟਾਲਾ ਖੇਤਰ ਤੋਂ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਹਥਿਆਰ ਬਰਾਮਦ ਕਰਨ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਏਆਈਜੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਤਿੰਨੋਂ ਵਿਅਕਤੀਆਂ ਦਾ ਅਪਰਾਧਿਕ ਰਿਕਾਰਡ ਹੈ ਜਿਨ੍ਹਾਂ ਵਿਰੁੱਧ ਬਟਾਲਾ, ਗੁਰਦਾਸਪੁਰ ਅਤੇ ਅੰਮ੍ਰਿਤਸਰ ਵਿੱਚ ਅਗਵਾ, ਕਤਲ ਦੀ ਕੋਸ਼ਿਸ਼ ਅਤੇ ਗੈਰ-ਕਾਨੂੰਨੀ ਹਥਿਆਰ ਰੱਖਣ ਦੇ ਮਾਮਲੇ ਦਰਜ ਹਨ। ਇਸ ਸਬੰਧੀ ਕੇਸ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਹਥਿਆਰ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61(2) ਤਹਿਤ ਐਫਆਈਆਰ ਨੰਬਰ 67 ਮਿਤੀ 13.11.2025 ਨੂੰ ਦਰਜ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਾਰਿਸ ਪੰਜਾਬ ਦੇ ਅਕਾਲੀ ਦਲ ਦੀ ਹਾਰ : ਇੱਕ ਗੰਭੀਰ ਵਿਚਾਰ-ਵਟਾਂਦਰਾ

# ਹਾਰ ਦਾ ਕਾਰਨ ਕਮਜੋਰ ਉਮੀਦਵਾਰ ਤੇ ਰਾਜਸੀ ਏਜੰਡੇ ਦੀ ਘਾਟ




ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ 12091ਵੋਟਾਂ ਨਾਲ ਹਰਾਇਆ।

ਸੱਤਾਧਾਰੀ ਪਾਰਟੀ ਦੇ ਉਮੀਦਵਾਰ ਸੰਧੂ ਨੂੰ 42649 ਵੋਟਾਂ ਪਈਆਂ ।ਬਾਦਲ ਦਲ ਦੇ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਨੂੰ 30,558 ਵੋਟਾਂ ਪਈਆਂ।ਆਜ਼ਾਦ ਉਮੀਦਵਾਰ ਮਨਦੀਪ ਸਿੰਘ ਖਾਲਸਾ ਨੂੰ 19,620 ਵੋਟਾਂ ਪਈਆਂ, ਜਿਸ ਨੂੰ 'ਵਾਰਿਸ ਪੰਜਾਬ ਦੇ' ਤੇ ਹੋਰਨਾਂ ਪੰਥਕ ਧਿਰਾਂ ਦੀ ਹਮਾਇਤ ਹੈ, ਕਾਂਗਰਸ ਦੇ ਕਰਨਬੀਰ ਸਿੰਘ ਬੁਰਜ 15,078 ਵੋਟਾਂ ਪਈਆਂ ਜੋ ਚੌਥੇ ਸਥਾਨ ਉਪਰ ਰਹੇ। ਭਾਜਪਾ ਦੇ ਹਰਜੀਤ ਸਿੰਘ ਸੰਧੂ 6,239 ਵੋਟਾਂ ਨਾਲ ਮੁਕਾਬਲੇ ਤੋਂ ਬਾਹਰ ਹੋ ਗਏ ਹਨ।ਕਾਂਗਰਸ ਤੇ ਭਾਜਪਾ ਦੀਆਂ ਜਮਾਨਤਾਂ ਜਬਤ ਹੋ ਗਈਆਂ। ਆਖਿਰ ਅਕਾਲੀ ਦਲ ਵਾਰਿਸ ਦੀ ਆਪਣੇ ਖੇਤਰ ਵਿਚ ਤੀਜੇ ਨੰਬਰ ਉਪਰ ਆ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਵਾਰਿਸ ਪੰਜਾਬ ਦੇ ਅਕਾਲੀ ਦਲ ਨੇ ਆਪਣੀ ਰਣਨੀਤੀ ਵਿੱਚ ਕਈ ਗਲਤੀਆਂ ਕੀਤੀਆਂ, ਜਿਨ੍ਹਾਂ ਨੇ ਨਾ ਸਿਰਫ਼ ਮਨਦੀਪ ਸਿੰਘ ਵਰਗਾ ਕਮਜ਼ੋਰ ਉਮੀਦਵਾਰ ਖੜਾ ਕਰਕੇ ਪੂਰੀ ਜਥੇਬੰਦੀ ਦੇ ਅਕਸ ਨੂੰ ਲੋਕਾਂ ਵਿੱਚ ਘਟਾਇਆ ਸੀ। ਇਹੀ ਗਲਤੀਆਂ ਸਿਮਰਨਜੀਤ ਸਿੰਘ ਮਾਨ ਕਰਦੇ ਰਹੇ ਹਨ ।ਉਹ ਕੌਮ ਨੂੰ ਬੋਧਿਕ ਲੀਡਰਸ਼ਿਪ ਦੇ ਨਹੀਂ ਸਕੇ ।ਉਹ ਨਾਰੇਬਾਜ਼ੀ ਦੀ ਸਿਆਸਤ ਤਕ ਸੀਮਤ ਰਹੇ।

ਮਨਦੀਪ ਸਿੰਘ, ਜਿਨ੍ਹਾਂ ਦਾ ਭਰਾ ਸੰਦੀਪ ਸਿੰਘ ਸ਼ਿਵ ਸੈਨਾ ਆਗੂ ਸੁਧੀਰ ਸੂਰੀ ਹੱਤਿਆ ਦੇ ਦੋਸ਼ੀ ਵਜੋਂ ਜੇਲ੍ਹ ਵਿੱਚ ਹੈ, ਇੱਕ ਅਜਿਹੇ ਪਰਿਵਾਰ ਨਾਲ ਸਬੰਧਤ ਹਨ ਜਿਸ ਨੂੰ ਪੰਥਕ ਹਲਕਿਆਂ ਵਿਚ ਭਾਵੀ ਕੁਰਬਾਨੀ ਵਾਲਾ ਮੰਨਿਆ ਜਾਂਦਾ ਹੈ। ਪਰ ਇਹ ਪਰਿਵਾਰਕ ਵਿਰਾਸਤ ਚੋਣ ਮੈਦਾਨ ਵਿੱਚ ਕੰਮ ਨਹੀਂ ਆਈ ।ਮੈਂ ਪਹਿਲਾਂ ਹੀ ਲਿਖ ਦਿਤਾ ਸੀ ਕਿ ਮਨਦੀਪ ਸਿੰਘ ਵਰਗਾ ਉਮੀਦਵਾਰ ਪੰਥਕ ਸਿਆਸਤ ਨੂੰ ਮਹਿੰਗਾ ਪੈ ਸਕਦਾ ।ਉਮੀਦਵਾਰ ਪੜ੍ਹਿਆ ਲਿਖਿਆ, ਵਧੀਆ ਗਿਆਨਵਾਨ ਬੁਲਾਰਾ ਕੌਮ ਤੇ ਪੰਜਾਬ ਪ੍ਰਤੀ ਇਮਾਨਦਾਰ ਹੋਣਾ ਚਾਹੀਦਾ ।ਪਰ ਅਸੀਂ ਉਹੀ ਫਿਨੋਮਨਾ ਲੈਕੇ ਤੁਰ ਪਏ ਜਿਸ ਕਰਕੇ ਸਿਮਰਨਜੀਤ ਸਿੰਘ ਮਾਨ ਰਾਜਨੀਤੀ ਵਿਚ ਪਛੜਿਆ ਸੀ ।ਅੱਜ ਹਾਲਾਤ ਹਨ ਕਿ ਵਾਰਿਸ ਪੰਜਾਬ ਦੇ ਆਪਣੇ ਗੜ ਵਿਚੋਂ ਹਾਰ ਗਏ।

ਲੋਕਾਂ ਨੂੰ ਸਿਰਫ਼ ਭਾਵਨਾਵਾਂ ਨਾਲ ਨਹੀਂ ਜਿੱਤਿਆ ਜਾ ਸਕਦਾ। ਮਨਦੀਪ ਨੇ ਨਾ ਆਪਣੀ ਲਹਿਰ ਬਣਾਈ, ਨਾ ਹੀ ਮੀਡੀਆ ਜਾਂ ਸੋਸ਼ਲ ਮੀਡੀਆ ਵਿੱਚ ਉਭਰੇ। ਉਹਨਾਂ ਦੇ ਭਾਸ਼ਣਾਂ ਵਿੱਚ ਉਹ ਤਾਕਤ ਨਹੀਂ ਸੀ ਜੋ ਲੋਕਾਂ ਨੂੰ ਪ੍ਰਭਾਵਿਤ ਕਰ ਸਕੇ ।ਅਖੀਰ ਤਕ ਉਸਦੀ ਬਿਆਨਬਾਜ਼ੀ ਉਖੜੀ ਹੋਈ ਸੀ ।ਬਾਦਲ ਦਲ ਦੀ ਹਾਰ ਬਾਰੇ ਕਿਹਾ ਕਿ ਉਹ ਨਾ ਚੋਣ ਲੜਦਾ ਬਾਦਲ ਦਲ ਦੀ ਜਿਤ ਹੋਣੀ ਸੀ। ਅਸਲੀਅਤ ਇਹ ਹੈ ਕਿ ਇਸ ਨੇ ਚੋਣ ਲੜਕੇ ਅਕਾਲੀ ਦਲ ਵਾਰਿਸ ਪੰਜਾਬ ਦਾ ਸਿਆਸੀ ਨੁਕਸਾਨ ਕੀਤਾ ਹੈ ।ਅਕਾਲੀ ਦਲ ਵਾਰਿਸ ਪੰਜਾਬ ਵਲੋਂ ਭਾਵੀ ਕੁਰਬਾਨੀ ਵਾਲੇ ਪਰਿਵਾਰ ਨੂੰ ਸਿਆਸੀ ਪਲੇਟਫਾਰਮ ਬਣਾਉਣ ਦੀ ਕੋਸ਼ਿਸ਼ ਲੋਕਾਂ ਨੂੰ ਭਰਮਾ ਨਾ ਸਕੀ। ਸਿੱਖ ਇਤਿਹਾਸ ਵਿੱਚ ਕੁਰਬਾਨੀਆਂ ਨੂੰ ਸਨਮਾਨ ਦਿੱਤਾ ਜਾਂਦਾ ਹੈ, ਪਰ ਉਹਨਾਂ ਨੂੰ ਵੋਟ ਬੈਂਕ ਬਣਾਉਣ ਲਈ ਵਰਤਣਾ ਗਲਤ ਹੈ। ਬੋਧਿਕ ਲੀਡਰਸ਼ਿਪ ਦੀ ਸਥਾਪਨਾ ਦੀ ਲੋੜ ਹੈ ਜਿਵੇ ਰੋਲ ਮਾਡਲ ਵਜੋਂ ਪੰਜਾਬ ਯੂਨੀਵਰਸਿਟੀ ਦੇ ਅਰਸ਼ਦੀਪ ਸਿੰਘ ਹਨ।

ਚੋਣਾਂ ਦੇ ਅੰਤਮ ਪਲਾਂ ਵਿੱਚ ਮਨਦੀਪ ਸਿੰਘ ਚੋਣ ਮੁਹਿੰਮ ਛਡਕੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਪਹੁੰਚੇ। ਆਖਿਰ ਵਕਤ ਆਪਣੀ ਚੋਣ ਮੁਹਿੰਮ ਵਲ ਧਿਆਨ ਨਹੀਂ ਦੇ ਸਕੇ ।ਵਾਰਿਸ ਪੰਜਾਬ ਨੇ ਪੰਥਕ ਜਥੇਬੰਦੀਆਂ ਅਤੇ ਨਵੇਂ ਅਕਾਲੀ ਦਲ ਨਾਲ ਗਠਜੋੜ ਕੀਤਾ, ਪਰ ਇਹ ਗਠਜੋੜ ਲੋਕਾਂ ਨੂੰ ਆਕਰਸ਼ਿਤ ਨਹੀਂ ਕਰ ਸਕਿਆ। ਪੰਥਕ ਜਥੇਬੰਦੀਆਂ ਨਾਲ ਗਠਜੋੜ ਨੇ ਵੀ ਕੰਮ ਨਹੀਂ ਕੀਤਾ। ਇਹ ਸਾਰੀਆਂ ਕਮੀਆਂ ਹਾਰ ਦਾ ਮੁੱਖ ਕਾਰਨ ਬਣੀਆਂ।

ਜੇਕਰ ਵਾਰਿਸ ਪੰਜਾਬ ਨੇ ਬੀਬੀ ਗੁਰਪ੍ਰੀਤ ਕੌਰ ਵਰਗੀ ਮਜ਼ਬੂਤ ਔਰਤ ਉਮੀਦਵਾਰ ਚੁਣੀ ਹੁੰਦੀ, ਤਾਂ ਸ਼ਾਇਦ ਨਤੀਜਾ ਵੱਖਰਾ ਹੁੰਦਾ। ਬੀਬੀ ਗੁਰਪ੍ਰੀਤ ਨੇ ਪਹਿਲਾਂ ਵੀ ਕਕਾਰਾਂ ਬਾਰੇ ਆਵਾਜ਼ ਉਠਾਈ ਸੀ ਜਦੋਂ ਉਸਨੂੰ ਸਰਕਾਰੀ ਪ੍ਰਬੰਧਕਾਂ ਨੇ ਜਜ ਕੰਪੀਟੀਸ਼ਨ ਬਾਰੇ ਪੇਪਰ ਨਹੀਂ ਦੇਣ ਦਿਤਾ। ਪ੍ਰਬੰਧਕਾਂ ਨੇ ਕਿਹਾ ਸੀ ਕਿ ਕ੍ਰਿਪਾਨ ਬਾਹਰ ਛਡਕੇ ਆਉ ਅਤੇ ਉਹਨਾਂ ਵਿੱਚ ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੀ ਸਮਰੱਥਾ ਹੈ। ਇਹ ਚੋਣ ਵਾਰਿਸ ਪੰਜਾਬ ਲਈ ਇੱਕ ਸੁਨਹਿਰੀ ਅਵਸਰ ਸੀ, ਪਰ ਉਹ ਗੁਆਚ ਗਿਆ ।ਪਰ ਇਹ ਹਾਰ ਨਮੋਸ਼ੀ ਵਾਲੀ ਨਹੀਂ ,ਨਵੀਂ ਸਿਰਜਣਾ ਵਲ ਸਫਰ ਕਰਨ ਵਾਲੀ ਹੈ।



ਇਸ ਤੋਂ ਸਬਕ ਨਵੇਂ ਅਕਾਲੀ ਦਲ ਦੇ ਮੁਖੀ ਗਿਆਨੀ ਹਰਪ੍ਰੀਤ ਸਿੰਘ ਨੂੰ ਵੀ ਲੈਣਾ ਚਾਹੀਦਾ ਹੈ ।ਸਭ ਪੰਥਕ ਧਿਰਾਂ ਨਾਲ ਮਿਲਕੇ ਇਕ ਅਕਾਲੀ ਦਲ ਬਣਾਉਣ ਵਲ ਵਿਉਂਤਬੰਦੀ ਕਰਨੀ ਚਾਹੀਦੀ ਹੈ। ਨਵੇਂ ਅਕਾਲੀ ਦਲ ਦਾ ਕੋਈ ਭਵਿੱਖ ਨਹੀਂ ,ਜੇ ਬਾਕੀ ਪੰਥਕ ਧਿਰਾਂ ਨਾਲ ਮਿਲਕੇ ਇਕ ਅਕਾਲੀ ਦਲ ਨਹੀਂ ਸਿਰਜਦੇ।

ਪੰਥਕ ਲੀਡਰਸ਼ਿਪ ਨੂੰ ਤਿਖੇ ਨਾਰੇਬਾਜਾਂ ਤੋਂ ਬਚਕੇ ਜਮਹੂਰੀਅਤ ਦੀ ਸ਼ੈਲੀ ਸਿਰਜਣੀ ਚਾਹੀਦੀ ਹੈ ।ਮੌਕਾਪ੍ਰਸਤ ਤੇ ਦਾਗੀ ਲੀਡਰਸ਼ਿਪ ਦੇ ਦਬਾਅ ਤੋਂ ਬਾਹਰ ਨਿਕਲਣਾ ਚਾਹੀਦਾ। ਕਿਹਾ ਜਾਂਦਾ ਹੈ ਕਿ ਨਵੇਂ ਅਕਾਲੀ ਦਲ ਦੇ ਲੀਡਰ ਇਸ ਨਤੀਜੇ ਬਾਅਦ ਮੁੜ ਬਾਦਲ ਦਲ ਨਾਲ ਜੁੜ ਸਕਦੇ ਹਨ ।ਪਰ ਇਹ ਮੌਕਾਪ੍ਰਸਤ ਲੋਕ ਕੌਮ ਦਾ ਕੁਝ ਸੰਵਾਰ ਨਹੀਂ ਸਕਣਗੇ।

ਵਾਰਿਸ ਪੰਜਾਬ ਦੇ ਅਕਾਲੀ ਦਲ ਨੇ ਰਾਜਨੀਤੀ ਵਿੱਚ ਨਕਾਰੇ ਹੋਏ ਕਥਿਤ ਗਰਮ ਖਿਆਲੀ ਤੱਤਾਂ ਨਾਲ ਗਠਜੋੜ ਕੀਤਾ, ਜਿਸ ਨੇ ਉਹਨਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ। ਲੋਕ ਇਨ੍ਹਾਂ ਨੂੰ ਵਿਵਾਦਿਤ ਮੰਨਦੇ ਹਨ।

**ਪੰਥ ਦੀ ਸਿਆਸੀ ਪਰਿਭਾਸ਼ਾ ਕੀ ਹੈ**

ਪੰਥ ਦਾ ਅਸਲ ਅਰਥ ਪੰਜਾਬ ਹੈ - ਇੱਕ ਅਜਿਹਾ ਪੰਜਾਬ ਜੋ ਸਭ ਪੰਜਾਬੀਆਂ ਨੂੰ ਆਪਣਾ ਮੰਨੇ ਅਤੇ 'ਸਰਬੱਤ ਦਾ ਭਲਾ' ਵਾਲੀ ਸਿਆਸਤ ਕਰੇ।ਵਾਰਿਸ ਪੰਜਾਬ ਨੇ ਇਸ ਨੂੰ ਅਜੇ ਤੱਕ ਪ੍ਰਮੋਟ ਨਹੀਂ ਕੀਤਾ। ਦਬੇ-ਕੁਚਲੇ ਭਾਈਚਾਰਿਆਂ ਨੂੰ ਨਾਲ ਲੈਣਾ ਪਵੇਗਾ। ਪੰਜਾਬ ਦੀ ਪੰਥਕ ਸਿਆਸਤ ਪੰਜਾਬ ਦੇ ਅਸਲ ਮੁੱਦਿਆਂ - ਖੇਤੀਬਾੜੀ, ਆਰਥਿਕ ਵਿਕਾਸ, ਬੇਰੁਜ਼ਗਾਰੀ ,ਨਸ਼ਿਆਂ ਵਿਰੋਧੀ ਮੁਹਿੰਮ ,ਵਾਤਾਵਰਨ ,ਪੰਜਾਬ ਦੀ ਖੁਦਮੁਖਤਿਆਰੀ - ਤੇ ਖੜ੍ਹੀ ਹੋਵੇਗੀ ਜਿਸ ਤੋਂ ਸਾਰੀਆਂ ਰਾਜਨੀਤਕ ਪਾਰਟੀਆਂ ਭਗੌੜੀਆਂ ਹਨ। ਨੌਜਵਾਨ ਲੀਡਰਸ਼ਿਪ ਨੂੰ ਬਜ਼ੁਰਗ ਸਿਆਣਿਆਂ ਦੇ ਸਹਿਯੋਗ ਨਾਲ ਅੱਗੇ ਵਧਾਉਣਾ ਪਵੇਗਾ।

ਨਵੇਂ ਅਕਾਲੀ ਦਲ ਨਾਲ ਏਕਤਾ ਕਰਨੀ ਹੋਵੇਗੀ, ਪਰ ਦਾਗੀ ਲੀਡਰਾਂ ਨੂੰ ਅਹੁਦੇ ਦੇਣ ਤੋਂ ਗੁਰੇਜ਼ ਕਰਨਾ ਪਵੇਗਾ। ਪੰਜਾਬ ਪੱਖੀ ਏਜੰਡਾ ਪ੍ਰਮੋਟ ਕਰੋ -ਵੱਖ ਵੱਖ ਮਾਹਿਰ ਬੁੱਧੀਜੀਵੀਆਂ ਨਾਲ ਟੇਬਲ ਟਾਕ ਕਰੋ ।ਪੰਜਾਬ ਦਾ ਖੁਦਮੁਖਤਿਆਰੀ ਰਾਜਨੀਤਕ ਏਜੰਡਾ ਆਰਥਿਕ ਅਤੇ ਖੇਤੀਬਾੜੀ ਏਜੰਡਾ ਸਾਹਮਣੇ ਲਿਆਓ। ਬਸਪਾ ਨਾਲ ਗਠਜੋੜ ਕਰਕੇ ਲੋਕ ਪੱਖੀ ਸਿਆਸਤ ਬਣਾਓ। ਪੰਜਾਬੀ ਹਿੰਦੂ ਭਾਈਚਾਰੇ ਨੂੰ ਸ਼ਾਮਲ ਕਰੋ, ਖਾਸ ਕਰਕੇ ਰੰਘਰੇਟਿਆਂ ਨੂੰ ਮਾਣ ਦਿਓ। ਜੱਟ-ਰੰਘਰੇਟਾ ਵਿਵਾਦ ਖਤਮ ਕਰੋ, ਕਿਉਂਕਿ ਇਹ ਸਿੱਖ ਰਾਜਨੀਤੀ ਲਈ ਖਤਰਨਾਕ ਹੈ।ਆਪਣੀ ਬੋਧਿਕ ,ਗਿਆਨਵਾਨ,ਇਮਾਨਦਾਰ ਲੀਡਰਸ਼ਿਪ ਸਿਰਜੋ ।ਇਹ ਸਾਰੇ ਕਦਮ ਭਵਿੱਖ ਵਿੱਚ ਜਿੱਤ ਦਾ ਰਾਹ ਖੋਲ੍ਹਣਗੇ।

**ਕੀ ਬਾਦਲ ਦਲ ਸਿਆਸਤ ਵਿਚ ਉਭਰ ਸਕੇਗਾ**

ਬਾਦਲ ਦਲ ਦੀ ਤਰਨਤਾਰਨ ਵਿਚ ਜਿਤ ਦਾ ਕਾਰਣ ਮਜਬੂਤ ਉਮੀਦਵਾਰ ਸੀ। ਪਰ ਅਜੇ ਤਕ ਬਾਦਲ ਦਲ ਨੇ ਪੰਜਾਬ ਪਖੀ ਏਜੰਡੇ ਤੇ ਨੀਤੀਆਂ ਵਿਚ ਵਿਚ ਹਾਂ ਪਖੀ ਹੁੰਗਾਰਾ ਨਹੀਂ ਭਰਿਆ ।ਮੌਕਾਪ੍ਰਸਤ ਲੀਡਰਸ਼ਿਪ ਦੇ ਸਿਰ ਉਪਰ ਉਹ ਪੰਜਾਬ ਵਿਚ ਸਿਆਸੀ ਭਵਿਖ ਨਹੀਂ ਸਿਰਜ ਸਕਦੇ ।ਉਹਨਾਂ ਨੂੰ ਅਨੰਦਪੁਰ ਮਤੇ ਵਲ ਦੁਬਾਰਾ ਜਾਣਾ ਪਵੇਗਾ ।ਕੇਂਦਰੀ ਪਾਰਟੀਆਂ ਨਾਲ ਗਠਜੋੜ ਕਰਨ ਦੀ ਥਾਂ ਪੰਥਕ ਗਠਜੋੜ ਦਾ ਮੋਰਚਾ ਬਣਾਉਣਾ ਪਵੇਗਾ ।ਦਲਿਤਾਂ ਨਾਲ ਸਾਂਝ ਬਨਾਉਣ ਲਈ ਬਸਪਾ ਨਾਲ ਸਾਂਝ ਵਧਾਉਣੀ ਪਵੇਗੀ ।ਮੋਰਚਾ ਰਾਜਨੀਤੀ ਨੂੰ ਅਪਨਾਉਣਾ ਪਵੇਗਾ ਜੋ ਅਕਾਲੀ ਦਲ ਦੀ ਰਾਜਨੀਤਕ ਤਾਕਤ ਸੀ ।ਸ਼੍ਰੋਮਣੀ ਕਮੇਟੀ ਨੂੰ ਪੰਥਕ ਪ੍ਰਚਾਰ ਲਈ ਨਵੀਆਂ ਯੋਜਨਾਵਾਂ ਘੜਨੀਆਂ ਪੈਣਗੀਆਂ ।ਇਹ ਇਕ ਭਰਮ ਹੈ ਕਿ ਤਰਨਤਾਰਨ ਦੀ ਜਿਤ ਨੇ ਬਾਦਲ ਦਲ ਦੀ ਸਿਆਸਤ ਵਿਚ ਵਾਪਸੀ ਕਰ ਦਿਤੀ।



**ਕਾਂਗਰਸ ਦਾ ਭਵਿੱਖ**




ਕਾਂਗਰਸ ਜਿਨ੍ਹਾਂ ਚਿਰ ਆਪਣੀ ਲੀਡਰਸ਼ਿਪ ਨਹੀਂ ਬਦਲਦੀ ਉਨਾ ਚਿਰ ਉਹ ਪੰਜਾਬ ਦੀ ਸਿਆਸਤ ਵਿਚ ਸਫਲ ਨਹੀਂ ਹੋ ਸਕਦੀ ।ਪ੍ਰਗਟ ਸਿੰਘ , ਚਰਨਜੀਤ ਸਿੰਘ ਚੰਨੀ ਨੂੰ ਅਗੇ ਲਿਆਉਣ ਦੀ ਲੋੜ ਹੈ ।ਹਾਈਕਮਾਂਡ ਵੀ ਅਜੇ ਤਕ ਪੰਜਾਬ ਦੇ ਏਜੰਡਾ ਬਾਰੇ ਧਿਆਨ ਨਹੀਂ ਦੇ ਸਕੀ ।ਪੰਜਾਬ ਬਾਰੇ ਉਸਨੇ ਅਖਾਂ ਮੀਟੀਆਂ ਹੋਈਆਂ ਹਨ ।ਰਾਜ ਵੜਿੰਗ ਦਾ ਫਿਨਾਮਨਾ ਪੰਜਾਬ ਵਿਚ ਕਦੇ ਕਾਮਯਾਬ ਨਹੀਂ ਹੋਵੇਗਾ।

**-ਪ੍ਰੋਫੈਸਰ ਬਲਵਿੰਦਰ ਪਾਲ ਸਿੰਘ**

# ਸ਼ਹੀਦੀ ਸਮਾਗਮਾਂ 'ਚ ਸ਼ਾਮਲ ਹੋਣ ਲਈ ਯੂ. ਪੀ. ਦੇ ਮੁੱਖ ਮੰਤਰੀ ਯੋਗੀ ਨੂੰ ਸੱਦਾ



**ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਮਾਨਯੋਗ ਪ੍ਰਧਾਨ ਸ਼੍ਰੋਮਣੀ ਕਮੇਟੀ ਸਰਦਾਰ ਹਰਜਿੰਦਰ ਸਿੰਘ ਧਾਮੀ ਜੀ ਦੇ ਨਿਰਦੇਸ਼ ਅਨੁਸਾਰ ਦਾਸ ਸਰਦਾਰ ਅਜੈਬ ਸਿੰਘ ਜੀ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਤੇ ਸਰਦਾਰ ਬਿਰਜਪਾਲ ਸਿੰਘ ਇਨਚਾਰਜ ਯੂ ਪੀ ਸਿੱਖ ਮਿਸ਼ਨ ਹਾਪੁੜ ਨੇ ਮਾਨਯੋਗ ਰਾਜ ਮੰਤਰੀ ਸਰਦਾਰ ਬਲਦੇਵ ਸਿੰਘ ਜੀ ਔਲਖ ਨਾਲ ਉੱਤਰ ਪ੍ਰਦੇਸ਼ ਦੇ ਮਾਨਯੋਗ ਮੁੱਖ ਮੰਤਰੀ ਸ੍ਰੀ ਯੋਗੀ ਆਦਿੱਤਯ ਨਾਥ ਜੀ ਨਾਲ ਉਨਾਂ ਦੇ ਆਵਾਸ ਤੇ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਮਾਨਯੋਗ ਪ੍ਰਧਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਆਸਾਮ ਦੀ ਪਵਿਤਰ ਧਰਤੀ ਤੋਂ ਕੱਢੇ ਗਏ ਮਹਾਨ ਨਗਰ ਕੀਰਤਨ ਦਾ ਸਭ ਤੋਂ ਵੱਡੇ ਸੂਬੇ ਉੱਤਰ ਪ੍ਰਦੇਸ਼ ਵਿੱਚ ਪ੍ਰਸ਼ਾਸਨਿਕ ਸਹਿਯੋਗ ਲਈ ਧੰਨਵਾਦੀ ਪਤਰ ਸੌਂਪਿਆ ਤੇ ਇਸ ਦੇ ਨਾਲ਼ ਹੀ ਮਾਨਯੋਗ ਪ੍ਰਧਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਪੁਰ ਜਿੱਥੇ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਵਿਤਰ ਸੀਸ ਦਾ ਸੰਸਕਾਰ ਕੀਤਾ ਗਿਆ ਸੀ ਮਿਤੀ 29 ਨਵੰਬਰ 25 ਨੂੰ ਹੋਣ ਵਾਲੇ ਮਹਾਨ ਗੁਰਮਤਿ ਸਮਾਗਮ ਵਿਚ ਹਿੱਸਾ ਲੈਣ ਲਈ ਵੀ ਸਦਾ ਪੱਤਰ ਦਿੱਤਾ ਜਿਸ ਵਿੱਚ ਮਾਨਯੋਗ ਮੁੱਖ ਮੰਤਰੀ ਸ੍ਰੀ ਯੋਗੀ ਆਦਿੱਤਯ ਨਾਥ ਜੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਨੂੰ ਸਿੱਜਦਾ ਕਰਦਿਆਂ ਗੁਰਮਤਿ ਸਮਾਗਮ ਵਿਚ ਸ਼ਿਰਕਤ ਕਰਨ ਦਾ ਵਿਸਵਾਸ ਦਿਵਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਹੜ੍ਹ ਪ੍ਰਭਾਵਿਤ 1330 ਕਿਸਾਨਾਂ ਨੂੰ 5.86 ਕਰੋੜ ਰੁਪਏ ਦੇ ਮੁਆਵਜਾ ਰਾਸ਼ੀ ਦੇ ਪੱਤਰ ਵੰਡੇ

ਅੰਮ੍ਰਿਤਸਰ, ਅਜਨਾਲਾ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸਾਬਕਾ ਕੈਬਨਿਟ ਮੰਤਰੀ ਪੰਜਾਬ ਤੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਵਿਧਾਨ ਸਭਾ ਜ਼ਿਮਨੀ ਚੋਣ ਹਲਕਾ ਤਰਨਤਾਰਨ ਦੇ ਅਧਿਕਾਰਤ ਤੌਰ ਤੇ ਚੋਣ ਕਮਿਸ਼ਨ ਵਲੋਂ ਘੋਸ਼ਿਤ ਕੀਤੇ ਗਏ ਚੋਣ ਨਤੀਜੇ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ. ਹਰਮੀਤ ਸਿੰਘ ਸੰਧੂ ਦੀ 12091 ਵੋਟਾਂ ਨਾਲ ਹੋਈ ਸ਼ਾਨਾਂਮੱਤੀ ਜਿੱਤ ਨੂੰ ਵੋਟਰਾਂ ਵਲੋਂ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਕਰੀਬ ਪੌਣੇ ਚਾਰ ਸਾਲ ਦੇ ਸੱਤਾਧਾਰੀ ਕਾਰਜਕਾਲ 'ਚ ਲਾਗੂ ਕੀਤੀਆਂ ਗਈਆਂ ਮਿਆਰੀ ਸਿਹਤ ਸੇਵਾਵਾਂ, ਸਿੱਖਿਆ ਕ੍ਰਾਂਤੀ, 600 ਯੂਨਿਟ ਮੁਫ਼ਤ ਬਿਜਲੀ ਸਪਲਾਈ ਆਦਿ ਲੋਕ ਕਲਿਆਣਕਾਰੀ ਸਕੀਮਾਂ, ਫਿਰਕੂ ਸਦਭਾਵਨਾ, ਅਮਨ ਕਾਨੂੰਨ ਦੀ ਮਜ਼ਬੂਤੀ ਲਈ ਗੈਂਗਸਟਰਾਂ ਤੇ ਨਸ਼ਾ ਤਸਕਰਾਂ ਤੋਂ ਮੁਕਤ ਰੰਗਲੇ ਪੰਜਾਬ ਦੀ ਸਿਰਜਣਾ ਹਿੱਤ ਚੁੱਕੇ ਗਏ ਸਖ਼ਤ ਪੁਲਿਸ ਤੇ ਸਿਵਲ ਪ੍ਰਸ਼ਾਸ਼ਿਨਕ ਉਚਿਤ ਕਦਮਾਂ ਦੇ ਮਿਲੇ ਰਿਕਾਰਡ ਤੋੜ ਲੋਕ ਪੱਖੀ ਸਮਰਥਨ ਨੂੰ ਸਪੱਸ਼ਟ ਮੋਹਰ ਲਗਾਉਂਦਾ ਰੈਫਰੇਂਡਮ ( ਰਾਏਸ਼ੁਮਾਰੀ) ਅਤੇ ਅਗਾਮੀ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ਦੇ ਫਾਈਨਲ ਮੈਚ ਤੋਂ ਪਹਿਲਾਂ ਇਹ ਹੋਏ ਸੈਮੀਫਾਈਨਲ ਮੈਚ ਦੀ ਜਿੱਤ ਕਰਾਰ ਦਿੱਤਾ ।ਸ. ਧਾਲੀਵਾਲ ਅੱਜ ਇਥੇ ਹੜ੍ਹ ਪੀੜਤਾਂ ਪ੍ਰਭਾਵਿਤ ਕਿਸਾਨਾਂ 'ਚ ਮੁਆਵਜਾ ਰਾਸ਼ੀ ਵੰਡਣ ਲਈ ਕਰਵਾਏ ਗਏ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ 'ਚ ਸ਼ਾਮਲ ਹੋਣ ਉਪਰੰਤ ਗੱਲਬਾਤ ਕਰ ਰਹੇ ਸਨ। ਉਹਨਾਂ ਨੇ ਆਪਣੇ ਪ੍ਰਗਟਾਏ ਵਿਚਾਰਾਂ ਨੂੰ ਤਰਕ ਸੰਗਤ ਕਰਾਰ ਦਿੱਤਾ ਅਤੇ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਕਾਂਗਰਸ , ਭਾਜਪਾ, ਅਕਾਲੀ ਦਲ, ਸਮੇਤ ਹੋਰ ਵਿਰੋਧੀ ਧਿਰਾਂ ਵਲੋਂ ਚੋਣ ਪ੍ਰਚਾਰ ਦੌਰਾਨ ਸੂਬਾ ਮਾਨ ਸਰਕਾਰ ਦੀਆਂ ਨੀਤੀਆਂ ਦੀ ਅਲੋਚਣਾ ਕਰਦੇ ਹੋਏ ਵੋਟਰਾਂ ਕੋਲੋਂ ਸੂਬਾ ਮਾਨ ਸਰਕਾਰ ਦੀਆਂ ਪੌਣੇ ਚਾਰ ਸਾਲ ਦੇ ਕਾਰਜਕਾਲ ਵਿਰੁੱਧ ਰੈਫਰੈਂਡਮ (ਰਾਏਸ਼ੁਮਾਰੀ) ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਸ ਸੈਮੀਫਾਈਨਲ ਮੈਚ 'ਚ ਆਪਣੇ ਆਪਣੇ ਉਮੀਦਵਾਰਾਂ ਦੇ ਹੱਕ 'ਚ ਜੇਤੂ ਫਤਵਾ ਦੇਣ ਲਈ ਵੋਟਾਂ ਦੀ ਮੰਗ ਕੀਤੀ ਗਈ ਸੀ। ਪਰ ਵੋਟਰਾਂ ਨੇ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਮੁੜ ਭਰੋਸਾ ਪ੍ਰਗਟਾਉਂਦਿਆਂ ਕਾਂਗਰਸ ਤੇ ਭਾਜਪਾ ਦੇ ਉਮੀਦਵਾਰਾਂ ਦੀਆਂ ਜਮਾਨਤਾਂ ਜ਼ਬਤ ਕਰਵਾ ਕੇ ਅਕਾਲੀ ਦਲ (ਬ) ਦੇ ਉਮੀਦਵਾਰ ਸਮੇਤ ਹੋਰਨਾਂ ਅਕਾਲੀ ਦਲਾਂ ਦੇ ਉਮੀਦਵਾਰਾਂ ਨੂੰ ਵੀ ਬੁਰੀ ਤਰਾਂ ਚਿੱਤ ਕਰਕੇ ਹਾਸ਼ੀਏ ਤੇ ਧਕੇਲਦਿਆਂ ਵੋਟਰਾਂ ਵਲੋਂ ਪ੍ਰਤੱਖ ਪ੍ਰਮਾਣ ਦਿੱਤਾ ਗਿਆ ਕਿ ਅਗਾਮੀ ਸਾਲ 2027 ਦੀਆਂ ਚੋਣਾਂ 'ਚ ਵੀ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਮੁੜ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਬਨਣੀ ਤੈਅ ਹੈ।ਸ. ਧਾਲੀਵਾਲ ਨੇ ਪਾਰਟੀ ਉਮੀਦਵਾਰ ਸ. ਹਰਮੀਤ ਸਿੰਘ ਸੰਧੂ ਦੀ ਹੋਈ ਸ਼ਾਨਦਾਰ ਜਿੱਤ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਸਮੇਤ ਤਰਨਤਾਰਨ ਵਿਧਾਨ ਸਭਾ ਹਲਕੇ ਦੇ ਵੋਟਰਾਂ ਅਤੇ ਤਰਨਤਾਰਨ ਚੋਣ 'ਚ ਵੋਟਰਾਂ ਦੀ ਲਾਮਬੰਦੀ ਲਈ ਹਲਕਾ ਅਜਨਾਲਾ ਦੇ ਡਿਊਟੀਆਂ ਨਿਭਾਉਣ ਵਾਲੇ ਪਾਰਟੀ ਦੇ ਵਲੰਟੀਅਰਾਂ ਤੇ ਆਗੂਆਂ ਨੂੰ ਵਧਾਈਆਂ ਦਿੰਦਿਆਂ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਸ. ਧਾਲੀਵਾਲ ਨੇ ਐਸਡੀਐਮ ਦਫਤਰੀ ਕੰਪਲੈਕਸ ਅਜਨਾਲਾ ਵਿਖੇ ਐਸਡੀਐਮ ਅਜਨਾਲਾ ਸ. ਰਵਿੰਦਰ ਸਿੰਘ ਅਰੋੜਾ ਦੀ ਪ੍ਰਧਾਨਗੀ 'ਚ ਹੋਏ ਸਮਾਗਮ ਦੌਰਾਨ ਕੋਟਲੀ ਸ਼ਾਹ ਹਬੀਬ , ਪੰਡੋਰੀ, ਕੋਟ ਗੁਰਬਖਸ਼ ਸਿੰਘੋਕੇ, ਘੁੰਮਰਾਏ, ਪੰਜ ਗਰਾਈਂ ਵਾਹਲਾ, ਨੰਗਲ ਵੰਝਾਂਵਾਲਾ, ਕਮੀਰਪੁਰਾ, ਅੱਬੂਸੈਦ, ਲੰਗੋਮਾਹਲ, ਦਿਆਲਪੁਰਾ, ਨਾਸਰ, ਉਰਧਨ, ਭੂਰੇਗਿੱਲ, ਹਰੜ, ਚਮਿਆਰੀ, ਗੁਰਾਲਾ, ਡਿਆਲ ਭੱਟੀ, ਅਨੈਤਪੁਰਾ, ਗਾਲਬ, ਬਾਜਵਾ, ਚਾਹੜਪੁਰ, ਦੂਜੋਵਾਲ, ਦਹੂਰੀਆਂ, ਆਦਿ 29 ਪਿੰਡਾਂ ਦੇ ਫਸਲਾਂ ਦੇ ਖਰਾਬੇ ਤੋਂ 1330 ਪ੍ਰਭਾਵਿਤ ਕਿਸਾਨਾਂ 'ਚ 5.86 ਕਰੋੜ ਰੁਪਏ ਮੰਜੂਰ ਹੋਈ ਮੁਆਵਜਾ ਰਾਸ਼ੀ ਦੇ ਪੱਤਰ ਜਾਰੀ ਕੀਤੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243